ਰੋਜ਼ਾਨਾ ਲੋਕ ਬਾਣੀ
ਨੂੰ ਪੱਤਰਕਾਰਾਂ ਦੀ
ਲੋੜ
99155-94111

ਰੋਜ਼ਾਨਾ ਸੱਚ ਤੇ ਨਿਡਰ ਆਵਾਜ਼

# ਲੋਕ ਬਾਣੀ

Email : lokbani08@gmail.com ਸ਼ੁੱਕਰਵਾਰ, 06 ਮਈ 2022 ਮੁੱਖ ਸੰਪਾਦਕ :- ਅਮਨ ਮਹਿਰਾ (ਜਲੰਧਰ)

R.N.I. Punpun/29016/2008 ✲ ਸਾਲ : 14 ✲ ਅੰਕ : 419 ✲ ਮੁੱਲ : 5.00 ਰੁਪਏ ✲ ਕੁੱਲ ਪੇਜ਼ : 10 ✲ ਫੈਕਸ : 0181-2211009 ✲ M. 99155-94111


ਇਸ਼ਤਿਹਾਰ ਲਵਾਓ
ਵਪਾਰ ਵਧਾਓ
ਰੋਜ਼ਾਨਾ ਲੋਕ ਬਾਣੀ
ਅਖ਼ਬਾਰ ਵਿਚ ਸੰਪਰਕ ਕਰੋ
0181-2211009
Newslokbani@gmail.com



## 'ਓਮੀਕ੍ਰੋਨ' ਕੋਰੋਨਾ ਦੀ ਤਰ੍ਹਾਂ ਹੋ ਸਕਦਾ ਹੈ ਗੰਭੀਰ

**ਵਾਸ਼ਿੰਗਟਨ/ਲੋਕ ਬਾਣੀ**

ਅਮਰੀਕਾ ਦੇ ਇਕ ਅਧਿਐਨ @ਚ ਦਾਅਵਾ ਕੀਤਾ ਗਿਆ ਹੈ ਕਿ ਓਮੀਕ੍ਰੋਨ ਕੋਰੋਨਾ ਵਾਇਰਸ ਦੇ ਪਿਛਲੇ ਵੇਰੀਐਂਟਾਂ ਦੀ ਤਰ੍ਹਾਂ ਗੰਭੀਰ ਹੋ ਸਕਦਾ ਹੈ। ਇਹ ਦਾਅਵਾ ਅਜੇ ਤੱਕ ਸਾਹਮਣੇ ਆਈਆਂ ਧਾਰਨਾਵਾਂ ਦੇ ਉਲਟ ਹੈ ਕਿ ਵਾਇਰਸ ਦਾ ਇਹ ਵੇਰੀਐਂਟ ਜ਼ਿਆਦਾ ਇਨਫੈਕਸ਼ਨ ਵਾਲਾ ਪਰ ਘੱਟ ਗੰਭੀਰ ਹੈ। ਅਧਿਐਨ ਅਜੇ ਪ੍ਰਕਾਸ਼ਿਤ ਨਹੀਂ ਹੋਇਆ ਹੈ ਅਤੇ ਦੋ ਮਈ ਨੂੰ @ਰਿਸਰਚ ਸਕੁਏਅਰ@ @ਤੇ ਪ੍ਰਿਪ੍ਰਿੰਟ ਦੇ ਰੂਪ @ਚ ਪਾਇਆ ਗਿਆ ਹੈ।ਪਹਿਲਾਂ ਬੀ. 1.1.529 (ਓਮੀਕ੍ਰੋਨ) ਵੇਰੀਐਂਟ ਨੂੰ ਜ਼ਿਆਦਾ ਇਨਫੈਕਸ਼ਨ ਪਰ ਸਾਰਸ-ਸੀ.ਓ.ਵੀ.-2 ਦੇ ਹੋਰ ਵੇਰੀਐਂਟਾਂ ਤੋਂ ਘੱਟ ਗੰਭੀਰ ਦੱਸਿਆ ਗਿਆ ਸੀ। ਇਸ ਧਾਰਨਾ ਨੂੰ ਪਰਖਣ ਲਈ ਖੋਜਕਰਤਾਵਾਂ ਨੇ ਸੂਬਾ ਪੱਧਰੀ ਟੀਕਾਕਰਨ ਅੰਕੜਿਆਂ ਨੂੰ 13 ਹਸਪਤਾਲਾਂ ਸਮੇਤ ਮੈਸਾਚੁਸੇਟਸ ਦੀ ਵੱਡੀ ਸਿਹਤ ਦੇਖ਼ਭਾਲ ਪ੍ਰਣਾਲੀ ਦੇ ਗੁਣਵਤਾ-ਕੰਟਰੋਲ ਇਲੈਕਟ੍ਰਾਨਿਕ ਸਿਹਤ ਰਿਕਾਰਡ ਨਾਲ ਜੋੜਿਆ। ਮੈਸਾਚੁਸੇਟਸ ਜਨਰਲ ਹਸਪਤਾਲ, ਮਿਨਰਵਾ ਯੂਨੀਵਰਸਿਟੀ ਅਤੇ ਹਾਰਵਰਡ ਮੈਡੀਕਲ ਸਕੂਲ ਦੇ ਖੋਜਕਰਤਾਵਾਂ ਸਮੇਤ ਅਧਿਐਨ ਦਲ ਨੇ ਫ਼ਿਰ ਕੋਰੋਨਾ ਦੇ 1,30,000 ਮਰੀਜ਼ਾਂ @ਚ ਸਾਰਸ-ਸੀ.ਓ.ਵੀ.-2 ਦੀਆਂ ਸਾਰੀਆਂ ਲਹਿਰਾਂ @ਚ ਹਸਪਤਾਲ @ਚ ਦਾਖ਼ਲ ਹੋਣ ਅਤੇ ਮੌਤ ਦੇ ਜੋਖਮ ਦੀ ਤੁਲਨਾ ਕੀਤੀ।

## ਨਾਮੀ ਖਿਡਾਰਨ ਕਮਲਪ੍ਰੀਤ ਡੋਪ ਟੈਸਟ 'ਚੋਂ ਫੇਲ੍ਹ



**ਚੰਡੀਗੜ੍ਹ/ਵਿਨੋਦ ਸ਼ਰਮਾ**

ਪੰਜਾਬ ਦੀ ਡਿਸਕਸ ਥਰੋਅ ਖਿਡਾਰਨ ਕਮਲਪ੍ਰੀਤ ਕੌਰ ਡੋਪ ਟੈਸਟ ਵਿੱਚ ਫੇਲ੍ਹ ਹੋ ਗਈ ਹੈ । ਕਮਲਪ੍ਰੀਤ ਨੂੰ ਪਾਬੰਦੀਸ਼ੁਦਾ ਦਵਾਈ ਦਾ ਸੇਵਨ ਕਰਨ ਦਾ ਦੋਸ਼ੀ ਪਾਇਆ ਗਿਆ ਹੈ। ਜਿਸ ਤੋਂ ਬਾਅਦ ਅਥਲੈਟਿਕਸ ਇੰਟੈਗਰਿਟੀ ਯੂਨਿਟ ਵੱਲੋਂ ਉਸਨੂੰ ਅਸਥਾਈ ਤੌਰ 'ਤੇ ਮੁਅੱਤਲ ਕਰ ਦਿੱਤਾ ਗਿਆ ਹੈ। ਦੋਸ਼ੀ ਪਾਏ ਜਾਣ 'ਤੇ ਕਮਲਪ੍ਰੀਤ ਨੂੰ ਵੱਧ ਤੋਂ ਵੱਧ ਚਾਰ ਸਾਲ ਲਈ ਮੁਅੱਤਲ ਕੀਤਾ ਜਾ ਸਕਦਾ ਹੈ ।ਇਸ ਸਬੰਧੀ ਵਿਸ਼ਵ ਅਥਲੈਟਿਕਸ ਵੱਲੋਂ ਇੱਕ ਟਵੀਟ ਕਰ ਕੇ ਜਾਣਕਾਰੀ ਦਿੱਤੀ ਗਈ ਹੈ। ਵਿਸ਼ਵ ਅਥਲੈਟਿਕਸ ਨੇ ਟਵੀਟ ਕਰਦਿਆਂ ਲਿਖਿਆ, 'ਏਆਈਯੂ ਨੇ ਭਾਰਤ ਦੀ ਡਿਸਕਸ ਥਰੋਅਰ ਕਮਲਪ੍ਰੀਤ ਕੌਰ ਨੂੰ ਉਸਦੇ ਸਰੀਰ ਵਿੱਚ ਪਾਬੰਦੀਸ਼ੁਦਾ ਪਦਾਰਥ (ਸਟੈਨੋਜ਼ੋਲੋਲ) ਦੀ ਮੌਜੂਦਗੀ/ਵਰਤੋਂ ਲਈ ਅਸਥਾਈ ਤੌਰ 'ਤੇ ਮੁਅੱਤਲ ਕਰ ਦਿੱਤਾ ਹੈ।

## ਕੁੜੀ ਵਲੋਂ ਚੰਡੀਗੜ੍ਹ ਚ ਸੜਕ 'ਤੇ ਕੀਤਾ ਗਿਆ ਹੰਗਾਮਾ



**ਚੰਡੀਗੜ੍ਹ/ਵਿਨੋਦ ਸ਼ਰਮਾ:-** ਨਵਾਂਗਾਓਂ ਤੋਂ ਚੰਡੀਗੜ੍ਹ ਆਉਣ ਵਾਲੀ ਸੜਕ 'ਤੇ ਪੰਜਾਬ ਇੰਜੀਨੀਅਰਿੰਗ ਕਾਲਜ (ਪੈਕ) ਦੇ ਸਾਹਮਣੇ ਇਕ ਕੁੜੀ ਨੇ ਜੰਮ ਕੇ ਹੰਗਾਮਾ ਕੀਤਾ। ਘਟਨਾ ਬੁੱਧਵਾਰ ਦੇਰ ਰਾਤ ਦੀ ਦੱਸੀ ਜਾ ਰਹੀ ਹੈ। ਕੁੜੀ ਕਾਰ ਦੀ ਛੱਤ 'ਤੇ ਚੜ੍ਹ ਗਈ ਅਤੇ ਜੰਮ ਕੇ ਹੰਗਾਮਾ ਕੀਤਾ। ਕੁੜੀ ਆਪਣੇ ਕੋਲ ਆਉਣ ਵਾਲੇ ਲੋਕਾਂ ਨੂੰ ਵੀ ਗਾਲ੍ਹਾਂ ਕੱਢ ਰਹੀ ਸੀ। ਦੱਸਿਆ ਜਾ ਰਿਹਾ ਹੈ ਕਿ ਕੁੜੀ ਨੇ ਨਸ਼ਾ ਕੀਤਾ ਹੋਇਆ ਸੀ ਅਤੇ ਉਸ ਨੂੰ ਕੁੱਝ ਵੀ ਸਮਝ ਨਹੀਂ ਆ ਰਹੀ ਸੀ ਕਿ ਉਹ ਕੀ ਕਰ ਰਹੀ ਹੈ। ਇਸ ਕਾਰਨ ਸੜਕ @ਤੇ ਟ੍ਰੈਫਿਕ ਜਾਮ ਹੋ ਗਿਆ। ਉੱਥੇ ਇਕੱਠੀ ਹੋਈ ਭੀੜ @ਚੋਂ ਕਿਸੇ ਨੇ ਪੁਲਸ ਨੂੰ ਸੂਚਨਾ ਦਿੱਤੀ। ਪੀ. ਸੀ. ਆਰ. ਜਵਾਨ ਮੌਕੇ 'ਤੇ ਪੁੱਜੇ ਅਤੇ ਕੁੜੀ ਨੂੰ ਸਮਝਾਇਆ ਪਰ ਉਹ ਨਹੀ ਮੰਨੀ। ਫਿਰ ਥਾਣੇ ਤੋਂ ਮਹਿਲਾ ਮੁਲਾਜ਼ਮ ਆਈਆਂ ਅਤੇ ਕੁੜੀ ਨੂੰ ਉਤਾਰ ਕੇ ਮੈਡੀਕਲ ਲਈ ਹਸਪਤਾਲ ਲੈ ਕੇ ਗਈਆਂ। ਪੁਲਸ ਕੁੜੀ ਤੋਂ ਪੁੱਛਗਿਛ ਕਰ ਰਹੀ ਹੈ ਪਰ ਉਹ ਕੋਈ ਜਵਾਬ ਨਹੀਂ ਦੇ ਸਕੀ।

## ਪਾਕਿ ਨਾਲ ਸੰਬੰਧ ਰਖਣ ਵਾਲੇ 4 ਅੱਤਵਾਦੀ ਅਸਲੇ ਸਣੇ ਹਰਿਆਣਾ 'ਚ ਕਾਬੂ

**ਕਰਨਾਲ/ਲੋਕ ਬਾਣੀ**

ਕਰਨਾਲ ਪੁਲਿਸ ਵਲੋਂ ਗ੍ਰਿਫ਼ਤਾਰ ਕੀਤੇ ਗਏ 4 ਸ਼ੱਕੀ ਅੱਤਵਾਦੀਆਂ ਨੂੰ ਅਦਾਲਤ ਨੇ 15 ਮਈ ਤਕ ਪੁਲਿਸ ਰਿਮਾਂਡ 'ਤੇ ਭੇਜ ਦਿੱਤਾ ਹੈ। ਅਦਾਲਤ ਵਿਚ ਪੇਸ਼ ਕਰਨ ਤੋਂ ਪਹਿਲਾਂ ਮੁਲਜ਼ਮਾਂ ਨੂੰ ਥਾਣਾ ਮਧੂਬਨ ਤੋਂ ਸੀ. ਆਈ. ਏ. 1 ਵਿਖੇ ਲਿਆਂਦਾ ਗਿਆ, ਜਿੱਥੇ ਉਨ੍ਹਾਂ ਨੂੰ ਮੈਡੀਕਲ ਕਰਵਾਉਣ ਲਈ ਸਰਕਾਰੀ ਹਸਪਤਾਲ ਲੇ ਕੇ ਜਾਣਾ ਸੀ ਪਰ ਸੁਰੱਖਿਆ ਪ੍ਰਬੰਧਾਂ ਕਾਰਨ ਉਨ੍ਹਾਂ ਦਾ ਮੈਡੀਕਲ ਸੀ. ਆਈ. ਏ. ਸਟਾਫ ਵਿਖੇ ਹੀ ਕਰਵਾਇਆ ਗਿਆ।

## ਜਲੰਧਰ 'ਚ ਸੜਕ ਹਾਦਸੇ ਕਾਰਨ 1 ਦੀ ਮੌਤ



**ਜਲੰਧਰ/ਹਰਬੰਸ ਬਿਟੂ**

ਜਲੰਧਰ 'ਚ ਦਿਨ ਚੜ੍ਹਦੇ ਹੀ ਇਕ ਭਿਆਨਕ ਸੜਕ ਹਾਦਸਾ ਵਾਪਰਿਆ ਹੈ, ਜਿੱਥੇ ਸਵੇਰੇ ਸੈਰ ਕਰਨ ਜਾ ਰਹੀ ਨੂੰਹ ਨੂੰ ਟਿੱਪਰ ਨੇ ਕੁਚਲ ਦਿੱਤਾ। ਜਦਕਿ ਇਸ ਹਾਦਸੇ 'ਚ ਸੱਸ ਵਾਲ-ਵਾਲ ਬਚ ਗਈ। ਹਾਦਸਾ ਇੰਨਾ ਭਿਆਨਕ ਸੀ ਕਿ ਔਰਤ ਦੇ ਪੂਰੇ ਸਰੀਰ ਦੇ ਟੁਕੜੇ ਸੜਕ 'ਤੇ ਖਿੱਲਰ ਗਏ। ਮ੍ਰਿਤਕ ਔਰਤ ਦੀ ਮੌਤ ਤੋਂ ਬਾਅਦ ਉਸਦੇ ਰਿਸ਼ਤੇਦਾਰਾਂ ਨੇ ਸੜਕ 'ਤੇ ਧਰਨਾ ਦਿੱਤਾ।

ਦੱਸਿਆ ਜਾ ਰਿਹਾ ਹੈ ਕਿ ਟਿੱਪਰ ਤੇਜ਼ ਰਫਤਾਰ ਸੀ। ਜਿਸ ਨੂੰ ਡਰਾਈਵਰ ਨੇ ਅਚਾਨਕ ਟਿੱਪਰ ਸੜਕ ਦੇ ਇੱਕ ਪਾਸੇ ਮੋੜ ਦਿੱਤਾ। ਲੋਕਾਂ ਦਾ ਕਹਿਣਾ ਹੈ ਕਿ ਟਿੱਪਰ ਚਾਲਕ ਨੀਂਦ ਵਿੱਚ ਸੀ ਅਤੇ ਮੌਕੇ ਤੋਂ ਫ਼ਰਾਰ ਹੋ ਗਿਆ। ਔਰਤ ਦੀ ਪਛਾਣ ਨੇਹਾ ਭਾਰਦਵਾਜ ਵਜੋਂ ਹੋਈ ਹੈ।

## ਵੱਡੀ ਗਿਣਤੀ ਵਿੱਚ ਕੋਰੋਨਾ ਹੋਣ ਨਾਲ ਵਿਦਿਆਰਥੀਆਂ 'ਚ ਦਹਿਸ਼ਤ



**ਪਟਿਆਲਾ/ਇਕਬਾਲ ਸਿੰਘ**

ਪੰਜਾਬ ਦੇ ਅੰਦਰ ਇੱਕ ਵਾਰ ਫਿਰ ਤੋਂ ਕੋਰੋਨਾ ਜ਼ੋਰ ਫੜਦਾ ਹੋਇਆ ਵਿਖਾਈ ਦੇ ਰਿਹਾ ਹੈ। ਸ਼ਾਹੀ ਸ਼ਹਿਰ ਪਟਿਆਲਾ ਸਥਿਤ ਰਾਜੀਵ ਗਾਂਧੀ ਨੈਸ਼ਨਲ ਲਾਅ ਯੂਨੀਵਰਸਿਟੀ ਵਿੱਚ ਕਰੀਬ 46 ਵਿਦਿਆਰਥੀ ਕੋਰੋਨਾ ਪਾਜ਼ੀਟਿਵ ਮਿਲੇ ਹਨ, ਜਿਸ ਤੋਂ ਬਾਅਦ ਹੜਕੰਪ ਮੱਚ ਗਿਆ ਹੈ। ਵਿਦਿਆਰਥੀਆਂ ਦੇ ਕੋਰੋਨਾ ਪਾਜ਼ੀਟਿਵ ਦੀ ਸੂਚਨਾ ਮਿਲਣ ਤੋਂ ਬਾਅਦ ਕੀ ਸਰਕਾਰ ਦੇ ਵੱਲੋਂ ਫਿਰ ਤੋਂ ਸਿੱਖਿਆ ਸੰਸਥਾਵਾਂ ਬੰਦ ਕਰ ਦਿੱਤੀਆਂ ਜਾਣਗੀਆਂ ? ਇਹ ਸਵਾਲ ਇਸ ਲਈ ਉੱਠ ਰਿਹਾ ਹੈ, ਕਿਉਂਕਿ ਇੱਕੋ ਦਿਨ ਏਨੀਂ ਵੱਡੀ ਮਾਤਰਾ ਵਿੱਚ ਵਿਦਿਆਰਥੀ ਕੋਰੋਨਾ ਪਾਜ਼ੀਟਿਵ ਮਿਲੇ ਹਨ। ਇਸ ਸਬੰਧੀ ਜ਼ਿਲ੍ਹਾ ਐਪੀਡੀਮੋਲੋਜਿਸਟ ਡਾ. ਸੁਮਿਤ ਨੇ ਦੱਸਿਆ ਕਿ ਅਸੀਂ ਹੋਰ ਸੈਂਪਲ ਲਏ ਹਨ, ਜਿਨ੍ਹਾਂ ਦੀ ਰਿਪੋਰਟ ਜਲਦ ਆ ਜਾਵੇਗੀ। ਦੱਸ ਦਈਏ ਕਿ, ਇਸ ਤੋਂ ਪਹਿਲਾਂ ਯੂਨੀਵਰਸਿਟੀ 'ਚ 7 ਵਿਦਿਆਰਥੀ ਕੋਰੋਨਾ ਪਾਜ਼ੇਟਿਵ ਮਿਲੇ ਸਨ।

## 5ਵੀ ਦਾ ਪੰਜਾਬ ਦਾ ਨਤੀਜਾ ਅੱਜ ਜਾਵੇਗਾ ਐਲਾਨਿਆ




**ਮੋਹਾਲੀ/ਰਕੇਸ਼ ਮਸੀਹ**

ਪੰਜਾਬ ਸਕੂਲ ਸਿੱਖਿਆ ਬੋਰਡ ਦੇ ਚੇਅਰਮੈਨ ਪ੍ਰੋ. ਯੋਗਰਾਜ ਵਲੋਂ 6 ਮਈ ਨੂੰ ਬਾਅਦ ਦੁਪਹਿਰ 3:30 ਵਜੇ 5ਵੀਂ ਸ਼੍ਰੇਣੀ ਦੇ ਅਕਾਦਮਿਕ ਸਾਲ 2021-22 ਦੇ ਨਤੀਜੇ ਦਾ ਐਲਾਨ ਕੀਤਾ ਜਾਵੇਗਾ।

ਪਟਿਆਲ਼ਾ ਤੋਂ ਜਿਲਾ ਇੰਚਾਰਜ ਦੀ ਨਿਯੁਕਤੀ



ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵੱਲੋਂ ਇਕਬਾਲ ਸਿੰਘ ਨੂੰ ਪਟਿਆਲ਼ਾ ਤੋਂ ਜਿਲਾ ਇੰਚਾਰਜ ਨਿਯੁਕਤ ਕੀਤਾ ਜਾਂਦਾ ਹੈ । ਖਬਰਾ ਅਤੇ ਇਸ਼ਤਿਹਾਰ

ਮੋ- 92565-00080

ਪੰਜਾਬ ਦੇ ਹਰ ਜ਼ਿਲ੍ਹੇ ਤੋਂ ਰੋਜ਼ਾਨਾ ਲੋਕ ਬਾਣੀ ਅਖ਼ਬਾਰ ਲਈ
ਪੱਤਰਕਾਰਾਂ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111

# ਅਕਾਲੀ ਦਲ ਕਰਵਾਏਗਾ ਬੰਦੀ ਸਿੰਘਾਂ ਨੂੰ ਰਿਹਾਅ?

**ਚੰਡੀਗੜ੍ਹ/ਲੋਕ ਬਾਣੀ**

ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਇੱਥੇ ਪ੍ਰੈੱਸ ਕਾਨਫਰੰਸ ਕੀਤੀ ਗਈ। ਇਸ ਦੌਰਾਨ ਸੁਖਬੀਰ ਬਾਦਲ ਨੇ ਕਿਹਾ ਕਿ ਅੱਜ ਦੀ ਪ੍ਰੈੱਸ ਕਾਨਫਰੰਸ ਦਾ ਮੁੱਖ ਮੁੱਦਾ ਬੰਦੀ ਸਿੱਖਾਂ ਦੀ ਰਿਹਾਈ ਹੈ। ਉਨ੍ਹਾਂ ਕਿਹਾ ਕਿ ਸਜ਼ਾ ਪੂਰੀ ਕਰ ਚੁੱਕੇ ਲੋਕਾਂ ਨੂੰ ਰਿਹਾਅ ਨਹੀਂ ਕੀਤਾ ਜਾ ਰਿਹਾ। ਉਨ੍ਹਾਂ ਕਿਹਾ ਕਿ ਇਤਿਹਾਸ 'ਚ ਇਹ ਕਿਤੇ ਨਹੀਂ ਲਿਖਿਆ ਗਿਆ ਕਿ ਸਜ਼ਾ ਪੂਰੀ ਹੋ ਜਾਵੇ ਤਾਂ ਬੰਦੇ ਨੂੰ ਛੱਡਿਆ ਨਾ ਜਾਵੇ। ਉਨ੍ਹਾਂ ਕਿਹਾ ਕਿ ਅੱਜ ਉਹ ਸਾਰੀਆਂ ਪੰਥਕ ਜੱਥੇਬੰਦੀਆਂ ਨੂੰ ਅਪੀਲ ਕਰਦੇ ਹਨ ਕਿ ਇਕੱਠੇ ਹੋ ਕੇ ਜੇਲ੍ਹਾਂ 'ਚ ਬੰਦ ਸਿੰਘਾਂ ਨੂੰ ਛੁਡਵਾਇਆ ਜਾਵੇ।



ਉਨ੍ਹਾਂ ਕਿਹਾ ਕਿ ਇਨ੍ਹਾਂ ਸਿੱਖਾਂ ਨੂੰ ਅਣਮਨੁੱਖੀ ਤਰੀਕੇ ਨਾਲ ਜੇਲ੍ਹਾਂ 'ਚ ਰੱਖਿਆ ਗਿਆ ਹੈ। ਉਨ੍ਹਾਂ ਕਿਹਾ ਕਿ ਬੰਦੀ ਸਿੰਘਾਂ ਦਾ ਮਸਲਾ ਕੌਮ ਦਾ ਅਹਿਮ ਮਸਲਾ ਹੈ। ਸੁਖਬੀਰ ਬਾਦਲ ਨੇ ਕਿਹਾ ਕਿ ਹੈਰਾਨੀ ਇਸ ਗੱਲ ਦੀ ਹੈ ਕਿ ਪਿਛਲੀ ਕਾਂਗਰਸ ਦੀ ਸਰਕਾਰ ਦੌਰਾਨ ਸੀ. ਬੀ. ਆਈ. ਕੋਰਟ ਨੇ 4 ਪੁਲਸ ਅਫ਼ਸਰ, ਜਿਨ੍ਹਾਂ ਨੇ ਝੂਠੇ ਮੁਕਾਬਲੇ ਦੌਰਾਨ ਨੌਜਵਾਨ ਮਾਰੇ ਸੀ, ਉਨ੍ਹਾਂ ਨੂੰ ਉਮਰ ਕੈਦ ਦੇ ਦਿੱਤੀ ਅਤੇ ਕੈਪਟਨ ਸਰਕਾਰ ਨੇ ਉਨ੍ਹਾਂ ਨੂੰ ਇਕ ਸਾਲ ਦੇ ਅੰਦਰ ਹੀ ਪਹਿਲਾਂ ਹੀ ਜੇਲ੍ਹਾਂ 'ਚੋਂ ਛੁਡਵਾ ਦਿੱਤਾ। ਉਨ੍ਹਾਂ ਕਿਹਾ ਕਿ ਬੰਦੀ ਸਿੰਘਾਂ ਨੂੰ ਤਾਂ ਪੈਰੋਲ ਵੀ ਨਹੀਂ ਮਿਲੀ। ਉਨ੍ਹਾਂ ਕਿਹਾ ਕਿ ਜਿਨ੍ਹਾਂ ਲੋਕਾਂ ਨੂੰ ਅਦਾਲਤਾਂ ਨੇ ਉਮਰ ਕੈਦ ਦੀ ਸਜ਼ਾ ਦਿੱਤੀ, ਉਨ੍ਹਾਂ ਨੂੰ ਸਾਲ ਦੇ ਅੰਦਰ ਛੱਡ ਦਿੱਤਾ ਗਿਆ ਅਤੇ ਇਹ ਸਾਡੀ ਕੌਮ ਨਾਲ ਬੇ-ਇਨਸਾਫ਼ੀ ਹੈ। ਸੁਖਬੀਰ ਬਾਦਲ ਨੇ ਕਿਹਾ ਕਿ ਉਹ ਮੁੱਖ ਮੰਤਰੀ ਭਗਵੰਤ ਮਾਨ ਤੇ ਅਰਵਿੰਦ ਕੇਜਰੀਵਾਲ ਨੂੰ ਬੇਨਤੀ ਕਰਦੇ ਹਨ ਕਿ ਉਹ ਇਸ ਮਸਲੇ 'ਤੇ ਆਪਣਾ ਸਟੈਂਡ ਸਪੱਸ਼ਟ ਕਰਨ। ਉਨ੍ਹਾਂ ਕਿਹਾ ਕਿ ਪੰਜਾਬ 'ਚ ਹਾਲਾਤ ਲਗਾਤਾਰ ਵਿਗੜਦੇ ਜਾ ਰਹੇ ਹਨ, ਇਸ ਲਈ ਪਟਿਆਲਾ 'ਚ ਜੋ ਘਟਨਾ ਹੋਈ, ਉਸ ਦੇ ਲਈ ਮੌਜੂਦਾ ਸਰਕਾਰ ਜ਼ਿੰਮੇਵਾਰ ਹੈ। ਸੁਖਬੀਰ ਬਾਦਲ ਨੇ ਕਿਹਾ ਕਿ 4 ਦਿਨ ਪਹਿਲਾਂ ਮੁੱਖ ਮੰਤਰੀ ਨੂੰ ਪੰਜਾਬ ਪੁਲਸ ਨੇ ਪਟਿਆਲਾ ਘਟਨਾ ਬਾਰੇ ਜਾਣਕਾਰੀ ਦੇ ਦਿੱਤੀ ਸੀ ਕਿ ਅਜਿਹਾ ਕੁੱਝ ਹੋ ਸਕਦਾ ਹੈ ਪਰ ਫਿਰ ਵੀ ਇਸ ਸਬੰਧੀ ਕੋਈ ਕਾਰਵਾਈ ਨਹੀਂ ਕੀਤੀ ਗਈ। ਉਨ੍ਹਾਂ ਕਿਹਾ ਕਿ ਜਦੋਂ ਸਭ ਕੁੱਝ ਹੋ ਜਾਂਦਾ ਹੈ ਤਾਂ ਫਿਰ ਭਾਜਪਾ ਅਤੇ ਅਕਾਲੀ ਦਲ ਦਾ ਨਾਂ ਲਾ ਦਿੱਤਾ ਜਾਂਦਾ ਹੈ। ਸੁਖਬੀਰ ਬਾਦਲ ਨੇ ਕਿਹਾ ਕਿ ਪੰਜਾਬ ਸਰਹੱਦੀ ਸੂਬਾ ਹੈ ਪਰ ਇਸ ਦਾ ਮੁੱਖ ਮੰਤਰੀ ਜੇਕਰ ਗੈਰ ਜ਼ਿੰਮੇਵਾਰ ਹੋਵੇਗਾ ਤਾਂ ਫਿਰ ਸਭ ਕੁੱਝ ਗਲਤ ਹੀ ਹੋਵੇਗੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਦੀ ਕੋਸ਼ਿਸ਼ ਹੋਣੀ ਚਾਹੀਦੀ ਹੈ ਕਿ ਲਾਅ ਐਂਡ ਆਰਡਰ ਕੰਟਰੋਲ 'ਚ ਰਹੇ। ਉਨ੍ਹਾਂ ਕਿਹਾ ਕਿ ਪਟਿਆਲਾ ਘਟਨਾ ਦੀ ਜਾਂਚ ਹੋਣੀ ਚਾਹੀਦੀ ਹੈ ਅਤੇ ਸੀ. ਬੀ. ਆਈ. ਤੋਂ ਜਾਂਚ ਕਰਵਾਈ ਜਾਣੀ ਚਾਹੀਦੀ ਹੈ ਤਾਂ ਜੋ ਸੱਚਾਈ ਸਾਹਮਣੇ ਆ ਸਕੇ।

## Whatsapp ਦਾ ਵੱਡਾ ਐਕਸ਼ਨ; 18 ਲੱਖ ਹੋਰ ਭਾਰਤੀ ਅਕਾਊਂਟ ਕੀਤੇ ਬੈਨ

**ਨਵੀਂ ਦਿੱਲੀ/ਲੋਕ ਬਾਣੀ**

ਵਟਸਐਪ ਨੇ ਵੱਡਾ ਫ਼ੈਸਲਾ ਲੈਂਦੇ 18.5 ਲੱਖ ਭਾਰਤੀ ਅਕਾਊਂਟ ਨੂੰ ਮੁਕੰਮਲ ਤੌਰ ਤੇ ਬੈਨ ਕਰ ਦਿੱਤਾ ਹੈ। ਨਿਊਜ਼ ਏਜੰਸੀ ਪੀਟੀਆਈ ਦੀ ਰਿਪੋਰਟ ਮੁਤਾਬਿਕ, ਵਟਸਐਪ ਨੇ ਇਹ ਕਦਮ ਉਪਭੋਗਤਾਵਾਂ ਵੱਲੋਂ ਮਿਲੀਆਂ ਸ਼ਿਕਾਇਤਾਂ ਤੇ ਇਸ ਮੰਚ 'ਤੇ ਸੇਵਾ ਸ਼ਰਤਾਂ ਦੀ ਉਲੰਘਣਾ ਰੋਕਣ ਲਈ ਚੁੱਕਿਆ ਗਿਆ ਹੈ। ਇਹ ਜਾਣਕਾਰੀ ਸੋਸ਼ਲ ਮੀਡੀਆ ਕੰਪਨੀ ਦੀ ਮਹੀਨਾਵਾਰ ਰਿਪੋਰਟ ਵਿੱਚ ਦਿੱਤੀ ਗਈ ਹੈ। ਪਿਛਲੇ ਸਾਲ ਲਾਗੂ ਹੋਏ ਨਵੇਂ ਆਈਟੀ ਨਿਯਮਾਂ ਤਹਿਤ 50 ਲੱਖ ਤੋਂ ਵੱਧ ਵਰਤੋਂਕਾਰਾਂ ਵਾਲੇ ਇਸ ਡਿਜੀਟਲ ਮੰਚ ਲਈ ਹਰ ਮਹੀਨੇ ਰਿਪੋਰਟ ਪ੍ਰਕਾਸ਼ਿਤ ਕਰਨੀ ਲਾਜ਼ਮੀ ਹੈ, ਜਿਸ ਵਿੱਚ ਸ਼ਿਕਾਇਤਾਂ ਤੇ ਉਨ੍ਹਾਂ 'ਤੇ ਕੀਤੀ ਗਈ ਕਾਰਵਾਈ ਦਾ ਵੇਰਵਾ ਸ਼ਾਮਲ ਹੁੰਦਾ ਹੈ।

# ਜਿਸ ਪਟਵਾਰੀ ਨੂੰ ਬਚਾਉਣ ਲਈ ਪੰਜਾਬ ਭਰ 'ਚ ਕੰਮ ਠੱਪ, ਉਸ ਦੇ ਖਾਤਿਆਂ 'ਚ ਕਰੋੜਾਂ ਰੁਪਏ, ਘਰੋਂ ਮਿਲੀਆਂ 33 ਰਜਿਸਟਰੀਆਂ

**ਚੰਡੀਗੜ੍ਹ/ਲੋਕ ਬਾਣੀ**

ਪੰਜਾਬ ਭਰ ਦੇ ਪਟਵਾਰੀ ਤੇ ਕਾਨੂੰਨਗੋ ਜਿਸ ਪਟਵਾਰੀ ਨੂੰ ਬਚਾਉਣ ਲਈ ਪੰਜਾਬ ਭਰ 'ਚ ਕੰਮ ਠੱਪ ਕਰਕੇ ਹੜਤਾਲ ਕਰ ਰਹੇ ਹਨ, ਉਸ ਦੇ ਘਰੋਂ ਵਿਜੀਲੈਂਸ ਨੂੰ 33 ਰਜਿਸਟਰੀਆਂ ਮਿਲੀਆਂ ਹਨ। ਇਸ ਤੋਂ ਇਲਾਵਾ ਵਿਜੀਲੈਂਸ ਨੇ ਉਸ ਦੇ ਖਾਤਿਆਂ 'ਚ ਕਰੋੜਾਂ ਰੁਪਏ ਹੋਣ ਦਾ ਦਾਅਵਾ ਕੀਤਾ ਹੈ। ਹੁਣ ਪਟਵਾਰੀ ਤੇ ਕਾਨੂੰਨਗੋ ਦੀ ਹੜਤਾਲ ਉੱਪਰ ਸਵਾਲ ਉੱਠਣ ਲੱਗੇ ਹਨ। ਵਿਜੀਲੈਂਸ ਬਿਊਰੋ ਯੂਨਿਟ ਸੰਗਰੂਰ ਦੇ ਉਪ-ਕਪਤਾਨ ਪੁਲਿਸ ਸਤਨਾਮ ਸਿੰਘ ਵਿਰਕ ਨੇ ਦੱਸਿਆ ਕਿ ਤਫ਼ਤੀਸ਼ ਦੌਰਾਨ ਪਤਾ ਲੱਗਿਆ ਹੈ ਕਿ ਪਟਵਾਰੀ ਦੀਦਾਰ ਸਿੰਘ ਪਿੰਡ ਛੋਕਰਾਂ ਦਾ ਮੌਜੂਦਾ ਨੰਬਰਦਾਰ ਵੀ ਹੈ। ਪ੍ਰੀਵੈਨਸ਼ਨ ਆਫ਼ ਕੁਰੱਪਸ਼ਨ ਐਕਟ ਦੀ ਧਾਰਾ ਅਨੁਸਾਰ ਨੰਬਰਦਾਰ 'ਪਬਲਿਕ ਸਰਵੈਂਟ' ਦੇ ਘੇਰੇ ਵਿੱਚ ਆਉਂਦਾ ਹੈ ਤੇ ਪਟਵਾਰੀ ਦੀਦਾਰ ਸਿੰਘ ਨੇ ਬਤੌਰ ਨੰਬਰਦਾਰ ਹੁਣ ਤੱਕ ਕੁੱਲ 2 ਲੱਖ, ਇੱਕ ਹਜ਼ਾਰ ਰੁਪਏ ਮਾਣ ਭੱਤਾ ਹਾਸਲ ਕਰਕੇ ਪੰਜਾਬ ਸਰਕਾਰ ਦੇ ਖਜ਼ਾਨੇ ਨੂੰ ਨੁਕਸਾਨ ਪਹੁੰਚਾਇਆ ਹੈ। ਮਾਲ ਵਿਭਾਗ ਦੇ ਨਿਯਮਾਂ ਅਤੇ ਕਾਨੂੰਨਾਂ ਤੋਂ ਭਲੀਭਾਂਤ ਜਾਣੂ ਹੋਣ ਦੇ ਬਾਵਜੂਦ ਪਟਵਾਰੀ ਨੇ ਇਹ ਕਾਰਜ ਬਦਨੀਤੀ ਨਾਲ ਕੀਤਾ ਹੈ, ਜਿਸ ਸਬੰਧੀ ਅਗਲੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ। ਡੀਐਸਪੀ ਨੇ ਦਾਅਵਾ ਕੀਤਾ ਕਿ ਪਟਵਾਰੀ ਦੇ ਘਰ ਦੀ ਤਲਾਸ਼ੀ ਦੌਰਾਨ ਕਰੀਬ ਵੱਖ-ਵੱਖ ਨਾਵਾਂ 'ਤੇ 33 ਰਜਿਸਟਰੀਆਂ ਮਿਲੀਆਂ ਹਨ, ਜਿਨ੍ਹਾਂ ਰਾਹੀਂ ਖਰੀਦ ਕੀਤੀ ਜਾਇਦਾਦ 'ਤੇ ਕਰੀਬ 1 ਕਰੋੜ 77 ਲੱਖ ਰੁਪਏ ਖਰਚ ਕੀਤੇ ਗਏ ਹਨ। ਇਸ ਤੋਂ ਇਲਾਵਾ ਬੈਂਕ ਵਿਚਲੇ ਵੱਖ-ਵੱਖ ਖਾਤਿਆਂ ਵਿੱਚ ਕਰੀਬ 25 ਲੱਖ ਰੁਪਏ ਜਮ੍ਹਾਂ ਹਨ।

# ਥਾਣੇ 'ਚ ਲੜਕੀ ਨਾਲ ਬਲਾਤਕਾਰ ਕਰਨ ਵਾਲਾ ਪੁਲਿਸ ਅਫ਼ਸਰ ਸਸਪੈਂਡ, FIR ਦਰਜ



**ਲਲਿਤਪੁਰ/ਲੋਕ ਬਾਣੀ**

ਆਪਣੇ ਨਾਲ ਹੋਏ ਗੈਂਗਰੇਪ ਦਾ ਮੁਕੱਦਮਾ ਦਰਜ ਕਰਵਾਉਣ ਗਈ 13 ਵਰ੍ਹਿਆਂ ਦੀ ਨਬਾਲਿੰਗ ਲੜਕੀ ਦੇ ਨਾਲ ਥਾਣਾ ਮੁਖੀ ਦੇ ਵੱਲੋਂ ਹੀ ਬਲਾਤਕਾਰ ਕਰ ਦਿੱਤਾ ਗਿਆ। ਘਟਨਾ ਯੂ.ਪੀ ਦੇ ਲਲਿਤਪੁਰ ਦੀ ਦੱਸੀ ਜਾ ਰਹੀ ਹੈ। ਫਿਲਹਾਲ ਉਕਤ ਮਾਮਲੇ ਵਿੱਚ ਪੁਲਿਸ ਵਿਭਾਗ ਦੇ ਉੱਚ ਅਧਿਕਾਰੀਆਂ ਨੇ ਥਾਣਾ ਮੁਖੀ ਨੂੰ ਸਸਪੈਂਡ ਕਰ ਦਿੱਤਾ ਹੈ। ਜਾਣਕਾਰੀ ਮੁਤਾਬਿਕ, ਪੀੜਤਾ ਦੀ ਮਾਂ ਨੇ ਪੁਲਿਸ ਨੂੰ ਦਿੱਤੀ ਸ਼ਿਕਾਇਤ ਵਿੱਚ ਦੋਸ਼ ਲਾਇਆ ਹੈ ਕਿ, ਉਹਦੀ ਧੀ ਨਾਲ 27 ਅਪ੍ਰੈਲ ਨੂੰ ਬਲਾਤਕਾਰ ਕੀਤਾ ਗਿਆ ਸੀ, ਜਿਸ ਦੀ ਸਿਕਾਇਤ ਉਹ ਪੁਲਿਸ ਥਾਣੇ ਵਿੱਚ ਦਰਜ ਕਰਵਾਉਣ ਗਈ ਸੀ। ਥਾਣੇ ਦੇ ਪੁਲਿਸ ਮੁਖੀ ਵੱਲੋਂ ਪੀੜਤ ਲੜਕੀ ਦੇ ਬਿਆਨ ਕਲਮਬੰਦ ਕਰਨ ਬਹਾਨੇ ਉਹਨੂੰ ਇੱਕ ਵੱਖਰੇ ਕਮਰੇ ਵਿੱਚ ਲੈ ਗਿਆ, ਜਿਥੇ ਉਹਦੇ ਨਾਲ ਬਲਾਤਕਾਰ ਕੀਤਾ। ਕੁੜੀ ਦੀ ਮਾਂ ਦਾ ਦੋਸ਼ ਹੈ ਕਿ ਪਿਛਲੀ 22 ਅਪ੍ਰੈਲ ਨੂੰ 4 ਲੋਕ ਉਸ ਦੀ ਧੀ ਨੂੰ ਭੋਪਾਲ ਲੈ ਗਏ ਸਨ, ਜਿੱਥੇ ਉਨ੍ਹਾਂ ਨੇ ਉਸ ਨੂੰ ਤਿੰਨ ਦਿਨਾਂ ਤੱਕ ਹਵਸ ਦਾ ਸ਼ਿਕਾਰ ਬਣਾਇਆ ਸੀ। ਇਸ ਤੋਂ ਬਾਅਦ ਉਹ ਉਸ ਨੂੰ ਪਾਲੀ ਥਾਣੇ ਦੇ ਬਾਹਰ ਛੱਡ ਕੇ ਭੱਜ ਗਏ ਸਨ। ਨਿਊਜ਼ ਏਜੰਸੀ ਭਾਸ਼ਾ ਦੀ ਰਿਪੋਰਟ ਮੁਤਾਬਿਕ, ਪੀੜਤਾ ਨੇ ਸਵੈਸੇਵੀ ਸੰਸਥਾ ਚਾਈਲਡਲਾਈਨ ਪਹੁੰਚ ਕੇ ਕਾਊਂਸਲਿੰਗ ਦੌਰਾਨ ਪੂਰੀ ਘਟਨਾ ਦੱਸੀ। ਇਸ 'ਤੇ ਸੰਸਥਾ ਨੇ ਪੁਲਸ ਸੁਪਰਡੈਂਟ ਨੂੰ ਸ਼ਿਕਾਇਤ ਕੀਤੀ, ਜਿਨ੍ਹਾਂ ਦੀ ਦਖਲਅੰਦਾਜ਼ੀ 'ਤੇ ਮੰਗਲਵਾਰ ਨੂੰ ਇਸ ਮਾਮਲੇ 'ਚ ਜਬਰ ਜ਼ਿਨਾਹ, ਅਗਵਾ ਅਤੇ ਅਪਰਾਧਕ ਸਾਜਿਸ਼ ਦੇ ਦੋਸ਼ਾਂ ਅਤੇ ਪੋਕਸੋ ਤੇ ਅਨੁਸੂਚਿਤ ਜਾਤੀ-ਜਨਜਾਤੀ ਕਾਨੂੰਨ ਨਾਲ ਜੁੜੀਆਂ ਧਾਰਾਵਾਂ 'ਚ ਮੁਕੱਦਮਾ ਦਰਜ ਕੀਤਾ ਗਿਆ ਹੈ।

# ਨਸ਼ੇ ਦੀ ਓਵਰਡੋਜ਼ ਨਾਲ ਮਰ ਰਹੇ ਨੌਜਵਾਨਾਂ ਦੀਆਂ ਖਬਰਾਂ ਪੜ੍ਹ ਪੜ੍ਹ ਕੇ ਕੀ ਕਰ ਰਹੀ ਹੈ 'ਆਪ' ਸਰਕਾਰ : ਜਸਮੇਲ ਬੜ੍ਹੀ



## ਆਏ ਦਿਨ ਸੋਸ਼ਲ ਮੀਡੀਆ ਤੇ ਚਲਦੀਆਂ ਹਨ ਸ਼ਰ੍ਹੇਆਮ ਨਸ਼ਾ ਵੇਚੇ ਜਾਣ ਦੀਆਂ ਵੀਡੀਓਜ਼

**ਸ਼ੇਰਪੁਰ/ਹਰਜੀਤ ਕਾਤਿਲ**

ਕਾਂਗਰਸ ਪਾਰਟੀ ਆਉਣ ਵਾਲੀਆਂ ਜ਼ਿਮਨੀ ਚੋਣਾਂ @ਚ ਭਾਰੀ ਬਹੁਮਤ ਨਾਲ ਜਿੱਤ ਪ੍ਰਾਪਤ ਕਰਕੇ ਮੁੜ ਸੱਤਾ ਵੱਲ ਕਦਮ ਰੱਖੇਗੀ । ÷ ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਾਂਗਰਸ ਦੇ ਸੀਨੀਅਰ ਆਗੂ ਅਤੇ ਸਾਬਕਾ ਸਰਪੰਚ ਜਸਮੇਲ ਸਿੰਘ ਬਡ ?ੀ ਨੇ ਪੰਜਾਬ ਟਾਇਮਜ਼ ਨਾਲ ਗੱਲਬਾਤ ਕਰਦਿਆਂ ਕੀਤਾ । ਉਨ੍ਹਾਂ ਆਪ ਪਾਰਟੀ ਦੀ ਸਰਕਾਰ ਤੇ ਤੰਜ ਕੱਸਦਿਆਂ ਕਿਹਾ ਕਿ ਮਾਨ ਤੇ ਕੇਜਰੀਵਾਲ ਨੇ ਪੰਜਾਬ ਦੇ ਲੋਕਾਂ ਨੂੰ ਬਦਲਾਅ ਤੇ ਵੱਡੀਆਂ ਵੱਡੀਆਂ ਮੁਫਤ ਦੀਆਂ ਸਕੀਮਾਂ ਦੇ ਲਾਰੇ ਲਾ ਕੇ ਪੰਜਾਬ ਅੰਦਰ ਆਪਣੀ ਸਰਕਾਰ ਤਾਂ ਬਣਾ ਲਈ ਹੈ ਪਰ ਹੁਣ ਸੱਤਾ ਹਾਸਲ ਕਰਨ ਤੋਂ ਬਾਅਦ ਆਪਣੇ ਕੀਤੇ ਵਾਅਦਿਆਂ ਤੋਂ ਭੱਜ ਰਹੇ ਹਨ । ਬੜੀ ਨੇ ਕਿਹਾ ਕਿ ਇਕ ਪਾਸੇ ਤਾਂ ਮਾਨ ਸਰਕਾਰ ਪੰਜਾਬ ਸਿਰ ਚੜ੍ਹੇ ਕਰਜ਼ੇ ਦੀ ਜਾਂਚ ਕਰਵਾਉਣ ਦੀ ਗੱਲ ਕਰ ਰਹੀ ਹੈ ਅਤੇ ਦੂਜੇ ਪਾਸੇ ਆਪ ਮਹੀਨੇ ਵਿਚ ਹੀ 6 -7 ਹਾਜ਼ਰ ਕਰੋੜ ? ਦੇ ਲਗਭਗ ਕਰਜ਼ਾ ਲੈ ਚੁੱਕੀ ਹੈ । ਉਨ੍ਹਾਂ ਦੂਸਰੇ ਪੱਖ ਤੇ ਗੱਲ ਕਰਦਿਆਂ ਕਿਹਾ ਕਿ ਅਖ਼ਬਾਰਾਂ @ਚ ਪ੍ਰਕਾਸ਼ਤ ਹੋ ਰਹੀਆਂ ਖਬਰਾਂ ਅਨੁਸਾਰ ਸੂਬੇ ਅੰਦਰ ਨੌਜਵਾਨ ਜਾਂ ਤਾਂ ਨਸ਼ਿਆਂ ਦੀ ਓਵਰਡੋਜ਼ ਨਾਲ ਮਰ ਰਹੇ ਹਨ ਜਾਂ ਫਿਰ ਸੀਐਮ ਦੀ ਕੋਠੀ ਅੱਗੇ ਬੇਰੁਜ਼ਗਾਰੀ ਕਾਰਨ ਧਰਨਾ ਲਗਾਈ ਬੈਠੇ ਹਨ ।

# ਸੁਨੀਲ ਜਾਖੜ ਨੂੰ ਪੁਲਿਸ ਵੱਲੋਂ ਵੱਡੀ ਰਾਹਤ, ਮਿਲੀ ਕਲੀਨ ਚਿੱਟ



**ਚੰਡੀਗੜ੍ਹ/ਲੋਕ ਬਾਣੀ**

ਪੰਜਾਬ ਕਾਂਗਰਸ ਦੇ ਸਾਬਕਾ ਪ੍ਰਧਾਨ ਅਤੇ ਸੀਨੀਅਰ ਕਾਂਗਰਸੀ ਲੀਡਰ ਸੁਨੀਲ ਜਾਖੜ ਨੂੰ ਪੁਲਿਸ ਨੇ ਦਲਿਤ ਭਾਈਚਾਰੇ ਵਿਰੁੱਧ ਕੀਤੀ ਗਈ ਟਿੱਪਣੀ ਦੇ ਦੋਸ਼ਾਂ ਵਿੱਚ ਕਲੀਨ ਚਿੱਟ ਮਿਲ ਗਈ ਹੈ।

ਮੁਤਾਬਿਕ ਜਾਖੜ 'ਤੇ ਦੋਸ਼ ਸੀ ਕਿ ਉਹਨੇ ਸਾਬਕਾ ਸੀਐਮ ਚਰਨਜੀਤ ਚੰਨੀ ਅਤੇ ਦਲਿਤ ਭਾਈਚਾਰੇ ਖਿਲਾਫ਼ ਭੱਦੀ ਸ਼ਬਦਾਵਲੀ ਵਰਤੀ ਅਤੇ ਟਿੱਪਣੀ ਕੀਤੀ ਹੈ।

ਇਸ ਮਾਮਲੇ ਵਿੱਚ ਪੁਲਿਸ ਨੇ ਜਾਂਚ ਕਰਨ ਤੋਂ ਬਾਅਦ ਜਾਖੜ ਨੂੰ ਕਲੀਨ ਚਿੱਟ ਦੇ ਦਿੱਤੀ ਹੈ।

ਊਧਰ ਦੂਜੇ ਪਾਸੇ ਦੱਸ ਦਈਏ ਕਿ, ਇਸੇ ਮਸਲੇ ਤੇ ਕਾਂਗਰਸ ਦੀ ਅਨੁਸਾਸ਼ਨੀ ਕਮੇਟੀ ਨੇ ਪਿਛਲੇ ਦਿਨੀਂ ਸੋਨੀਆ ਗਾਂਧੀ ਨੂੰ ਪੱਤਰ ਲਿਖ ਕੇ ਜਾਖੜ ਨੂੰ ਸਸਪੈਂਡ ਕਰਨ ਦੀ ਸਿਫ਼ਾਰਿਸ਼ ਕੀਤੀ ਸੀ, ਜਿਸ ਤੇ ਗਾਂਧੀ ਨੇ ਸਸਪੈਂਡ ਤਾਂ ਨਹੀਂ ਕੀਤਾ, ਪਰ ਸਾਰੇ ਅਹੁਦਿਆਂ ਤੋਂ ਹਟਾ ਦਿੱਤਾ ਸੀ।

# ਅਮਰੀਕਾ: ਘਰ ਨੂੰ ਅੱਗ ਲੱਗਣ ਕਾਰਨ 2 ਮਾਸੂਮ ਬੱਚਿਆਂ ਦੀ ਮੌਤ

**ਫਰਿਜ਼ਨੋ/ਲੋਕ ਬਾਣੀ**:- ਅਮਰੀਕਾ ਦੇ ਫਰਿਜ਼ਨੋ ਵਿਚ ਘਰ ਨੂੰ ਅੱਗ ਲੱਗ ਜਾਣ ਦੇ ਕਾਰਨ 2 ਬੱਚਿਆਂ ਦੀ ਮੌਤ, ਜਦੋਂ ਕਿ ਬੱਚਿਆਂ ਦੀ ਮਾਂ ਗੰਭੀਰ ਰੂਪ ਵਿੱਚ ਜ਼ਖਮੀ ਦੱਸੀ ਜਾ ਰਹੀ ਹੈ।



ਪੁਲਿਸ ਅਧਿਕਾਰੀਆਂ ਨੇ ਦੱਸਿਆ ਕਿ, ਅੱਗ ਲੱਗਣ ਦੀ ਘਟਨਾ ਮੰਗਲਵਾਰ ਸਵੇਰੇ ਵਾਪਰੀ। ਉਨ੍ਹਾਂ ਨੂੰ ਕਾਲ ਕੀਤੀ ਗਈ ਕਿ, ਡਕੋਟਾ ਅਤੇ ਬ੍ਰਾਲੀ ਐਵੇਨਿਊ ਦੇ ਇਲਾਕੇ ਵਿੱਚ ਇੱਕ ਘਰ ਨੂੰ ਅੱਗ ਲੱਗ ਗਈ ਹੈ।

ਸੂਚਨਾ ਮਿਲਦੇ ਹੀ ਫਰਿਜ਼ਨੋ ਫਾਇਰ ਮੌਕੇ ਤੇ ਪੁੱਜੀ, ਪਰ ਉਦੋਂ ਤੱਕ ਦੋ ਬੱਚਿਆਂ ਦੀ ਮੌਤ ਹੋ ਗਈ ਸੀ, ਜਦੋਂਕਿ ਬੱਚਿਆਂ ਦੀ ਮਾਂ ਸਮੇਤ 2 ਜਣੇ ਜ਼ਖਮੀ ਹੋ ਗਏ ਸਨ, ਜਿਨ੍ਹਾਂ ਨੂੰ ਹਸਪਤਾਲ ਇਲਾਜ਼ ਲਈ ਭਰਤੀ ਕਰਵਾਇਆ ਗਿਆ ਹੈ।

# ਕਬਜਿਆਂ ਵਿਰੁੱਧ ਸੂਬਾ ਪੱਧਰੀ ਮੁਹਿੰਮ ਤਹਿਤ 100 ਏਕੜ ਤੋਂ ਵੱਧ ਪੰਚਾਇਤੀ ਜਮੀਨਾਂ ਕਰਵਾਈਆਂ ਕਬਜ਼ਾ ਮੁਕਤ



**ਜਲੰਧਰ/ਰਕੇਸ਼ ਵਰਮਾ**

ਪੰਜਾਬ ਦੇ ਪੇਂਡੂ ਵਿਕਾਸ ਅਤੇ ਪੰਚਾਇਤਾਂ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਅੱਜ ਇਥੇ ਪਿੰਡਾਂ ਵਿੱਚ ਪੰਚਾਇਤੀ ਅਤੇ ਹੋਰ ਸਰਕਾਰੀ ਜਮੀਨਾਂ ਨੂੰ ਨਾਜਾਇਜ਼ ਕਬਜਿਆਂ ਤੋਂ ਮੁਕਤ ਕਰਵਾਉਣ ਦੀ ਵਚਨਬੱਧਤਾ ਦੁਹਰਾਉਂਦਿਆਂ ਕਿਹਾ ਕਿ ਪੰਚਾਇਤੀ ਜਮੀਨਾਂ ਤੋਂ ਹਰ ਹਾਲ ਨਾਜਾਇਜ਼ ਕਬਜੇ ਛੁਡਵਾਏ ਜਾਣਗੇ ਭਾਵੇਂ ਇਨ੍ਹਾਂ ਜਮੀਨਾਂ ’ਤੇ ਗਲਤ ਢੰਗ ਨਾਲ ਕਾਬਜ ਲੋਕ ਕਿੰਨੇ ਵੀ ਰਸੂਖਦਾਰ ਕਿਉਂ ਨਾ ਹੋਣ। ਪੰਚਾਇਤੀ ਜ਼ਮੀਨਾਂ ’ਤੇ ਨਾਜਾਇਜ਼ ਕਬਜਿਆਂ ਵਿਰੁੱਧ ਆਮ ਆਦਮੀ ਪਾਰਟੀ ਦੀ ਸਰਕਾਰ ਵਲੋਂ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਿੱਚ ਸ਼ੁਰੂ ਕੀਤੀ ਮੁਹਿੰਮ ਸਬੰਧੀ ਪੰਚਾਇਤ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਦੱਸਿਆ ਕਿ ਹੁਣ ਤੱਕ ਸੂਬੇ ਭਰ ਵਿੱਚ 100 ਏਕੜ ਤੋਂ ਵੱਧ ਰਕਬੇ ਤੋਂ ਨਾਜਾਇਜ਼ ਕਬਜੇ ਖਾਲੀ ਕਰਵਾਏ ਜਾ ਚੁੱਕੇ ਹਨ। ਉਨ੍ਹਾਂ ਦੱਸਿਆ ਕਿ ਪਿਛਲੇ ਕੁਝ ਦਿਨਾਂ ਦੌਰਾਨ ਪੇਂਡੂ ਵਿਕਾਸ ਤੇ ਪੰਚਾਇਤਾਂ ਵਿਭਾਗ ਵਲੋਂ ਪੰਜਾਬ ਵਿੱਚ 79 ਏਕੜ 01 ਕਨਾਲ ਜ਼ਮੀਨ ਕਬਜਾ ਮੁਕਤ ਕਰਵਾਈ ਗਈ ਹੈ ਜਿਸ ਵਿੱਚ 62 ਏਕੜ ਇਕੱਲੀ ਜਲੰਧਰ ਡਵੀਜ਼ਨ ਨਾਲ ਸਬੰਧਿਤ ਹੈ। ਉਨ੍ਹਾਂ ਦੱਸਿਆ ਕਿ ਵਿਭਾਗ ਦੀ ਟੀਮ ਵਲੋਂ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਅੱਜ ਬਲਾਕ ਭੋਗਪੁਰ ਦੇ ਪਿੰਡ ਬੁਲੋਵਾਲ ਵਿਖੇ 22 ਏਕੜ ਪੰਚਾਇਤੀ ਜ਼ਮੀਨ ਤੋਂ ਨਾਜਾਇਜ਼ ਕਬਜਾ ਛੁਡਵਾਇਆ ਗਿਆ । ਉਨ੍ਹਾਂ ਦੱਸਿਆ ਕਿ ਇਹ ਜ਼ਮੀਨ ਇਕ ਸਾਬਕਾ ਡਿਪਟੀ ਕਮਿਸ਼ਨਰ ਵਲੋਂ 1987 ਤੋਂ ਆਪਣੇ ਕਬਜੇ ਹੇਠ ਲਈ ਗਈ ਸੀ ਜਿਹੜੀ ਕਿ ਸਾਬਕਾ ਅਧਿਕਾਰੀ ਦੀ ਮੌਤ ਉਪਰੰਤ ਉਸ ਦੇ ਪਰਿਵਾਰ ਵਲੋਂ ਵਰਤੀ ਜਾ ਰਹੀ ਸੀ। ਉਨ੍ਹਾਂ ਦੱਸਿਆ ਕਿ ਆਉਂਦੇ ਦਿਨਾਂ ਵਿੱਚ ਨਾਜਾਇਜ਼ ਕਬਜੇ ਛੁਡਵਾਉਣ ਦੇ ਅੰਕੜੇ ਸੈਂਕੜੇ ਏਕੜਾਂ ਦੀ ਗਿਣਤੀ ਪਾਰ ਕਰ ਜਾਣਗੇ ਕਿਉਂਕਿ ਪੰਜਾਬ ਸਰਕਾਰ ਇਨ੍ਹਾਂ ਜ਼ਮੀਨਾਂ ਨੂੰ ਕਬਜਾ ਮੁਕਤ ਕਰਵਾਉਣ ਲਈ ਹਰ ਲੋੜੀਂਦਾ ਉਪਰਾਲਾ ਅਮਲ ਵਿੱਚ ਲਿਆ ਰਹੀ ਹੈ। ਕੈਬਨਿਟ ਮੰਤਰੀ ਨੇ ਕਿਹਾ ਕਿ ਪਹਿਲੀਆਂ ਸਰਕਾਰਾਂ ਵਲੋਂ ਨਾਜਾਇਜ਼ ਕਬਜਿਆਂ ਵਿਰੁੱਧ ਕੋਈ ਵੀ ਸਾਰਥਕ ਕਦਮ ਨਹੀਂ ਚੁੱਕੇ ਗਏ ਭਾਵੇਂ ਉਹ ਕਾਂਗਰਸ ਜਾਂ ਅਕਾਲੀ ਦਲ ਦੀਆਂ ਸਰਕਾਰਾਂ ਹੋਣ। ਉਨ੍ਹਾਂ ਕਿਹਾ ਕਿ ਅਜਿਹੇ ਕੰਮਾਂ ਲਈ ਤੁਹਾਡੀ ‘ ਸਿਆਸੀ ਇੱਛਾ’ ਹੋਣੀ ਚਾਹੀਦੀ ਹੈ ਤਾਂ ਹੀ ਲੋਕ ਹਿੱਤ ਵਿੱਚ ਨਾਜਾਇਜ਼ ਕਬਜ਼ੇ ਹਟਾਏ ਜਾ ਸਕਦੇ ਹਨ। ਕਬਜ਼ਿਆਂ ਤੋਂ ਮੁਕਤ ਕਰਵਾਈਆਂ ਜਾ ਰਹੀਆਂ ਪੰਚਾਇਤੀ ਜ਼ਮੀਨਾਂ ਬਾਰੇ ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਇਨ੍ਹਾਂ ਵਿਚੋਂ ਖੇਤੀਬਾੜੀ ਵਾਲੀਆਂ ਜ਼ਮੀਨਾਂ ਨੂੰ ਨਿਯਮਾਂ ਅਨੁਸਾਰ ਮੁੜ ਵਾਹੀ ਲਈ ਦਿੱਤਾ ਜਾਵੇਗਾ ਜਦਕਿ ਵਪਾਰਕ ਜ਼ਮੀਨਾਂ ਨੂੰ ਵਪਾਰਕ ਵਰਤੋਂ ਦੇ ਨਾਲ-ਨਾਲ ਮਾਰਕਿਟ ਆਦਿ ਬਣਾ ਕੇ ਸਰਕਾਰ ਦੀ ਆਮਦਨੀ ਵਿੱਚ ਵਾਧਾ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਜਿਹੜੀਆਂ ਜ਼ਮੀਨਾਂ ਵੇਚੀਆਂ ਜਾ ਸਕਦੀਆਂ ਹੋਣਗੀਆਂ ਉਨ੍ਹਾਂ ਨੂੰ ਵੇਚ ਕੇ ਸਰਕਾਰੀ ਖ਼ਜਾਨੇ ਨੂੰ ਮਜ਼ਬੂਤ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਮੋਹਾਲੀ ਤੋਂ ਸ਼ੁਰੂ ਹੋਈ ਇਸ ਮੁਹਿੰਮ ਤਹਿਤ ਪਟਿਆਲਾ, ਜਲੰਧਰ ਅਤੇ ਸੂਬੇ ਦੇ ਵੱਖ-ਵੱਖ ਹਿੱਸਿਆਂ ਵਿੱਚ ਪੰਚਾਇਤੀ ਜ਼ਮੀਨਾਂ ਕਬਜਿਆਂ ਤੋਂ ਮੁਕਤ ਕਰਵਾਈਆਂ ਗਈਆਂ ਹਨ ਅਤੇ ਬਾਕੀ ਜ਼ਮੀਨਾਂ ਤੋਂ ਕਬਜ਼ੇ ਛੁਡਵਾਉਣ ਦੀ ਮੁਹਿੰਮ ਆਉਂਦੇ ਦਿਨਾਂ ਵਿੱਚ ਹੋਰ ਜ਼ੋਰ ਫੜਨ ਜਾ ਰਹੀ ਹੈ। ਪੰਜਾਬ ਵਿੱਚ ਪੰਚਾਇਤੀ ਜ਼ਮੀਨਾਂ ’ਤੇ ਕੁੱਲ ਨਾਜਾਇਜ਼ ਕਬਜਿਆਂ ਦੀ ਗਿਣਤੀ ਬਾਬਤ ਕੁਲਦੀਪ ਸਿੰਘ ਧਾਲੀਵਾਲ ਨੇ ਦੱਸਿਆ ਕਿ 2010 ਵਿੱਚ ਇਸ ਸਬੰਧੀ ਤਿਆਰ ਕੀਤੀ ਰਿਪੋਰਟ ਅਨੁਸਾਰ ਸੂਬੇ ਭਰ ਵਿੱਚ 50000 ਏਕੜ ਤੋਂ ਵੱਧ ਪੰਚਾਇਤੀ ਜ਼ਮੀਨ ਨਾਜਾਇਜ਼ ਕਬਜਿਆਂ ਹੇਠ ਹੈ ।

# ਅਮਰ ਸਿੰਘ ਮੈਂਬਰ ਲੋਕ ਸਭਾ ਦੇ ਯਤਨਾਂ ਸਦਕਾ ਨਦੇੜ ਸੱਚਖੰਡ ਐਕਸਪ੍ਰੈਸ ਦੁਬਾਰਾ ਪੁਰਾਣੇ ਰੂਟ ਤੇ ਚੱਲਣ ਨਾਲ ਇਲਾਕੇ ਦੀਆਂ ਸਿੱਖ ਸੰਗਤਾਂ ਵਿੱਚ ਖੁਸ਼ੀ ਦੀ ਲਹਿਰ

**ਸਮਰਾਲਾ/ਭੂਸ਼ਨ ਬਾਂਸਲ ਸੁਨੀਲ ਅਗਰਵਾਲ**

ਸ੍ਰੀ ਅੰਮ੍ਰਿਤਸਰ ਸਾਹਿਬ ਤੋਂ ਚੱਲ ਕੇ ਨਾਂਦੇੜ ਸਾਹਿਬ ਜਾਣ ਵਾਲੀ ਟ੍ਰੇਨ ਨੰਬਰ 12715-16ਨਦੇੜ ਸੱਚਖੰਡ ਐਕਸਪ੍ਰੈਸ ਆਪਣੇ ਪੁਰਾਣੇ ਰੂਟ ਤੇ ਚੱਲਣ ਨਾਲ ਇਲਾਕੇ ਦੀਆਂ ਸਿੱਖ ਸੰਗਤਾਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਪਹਿਲਾਂ ਇਸ ਟਰੇਨ ਦਾ ਰੂਟ ਬਦਲ ਕੇ ਲੁਧਿਆਣਾ ਵਾਇਆ ਚੰਡੀਗੜ੍ਹ-ਅੰਬਾਲਾ ਕਰ ਦਿੱਤਾ ਗਿਆ ਸੀ।ਪਰ ਇਲਾਕੇ ਦੀਆਂ ਸਿੱਖ ਸੰਗਤਾਂ ਵੱਲੋਂ ਕਾਫੀ ਲੰਮੇ ਸਮੇਂ ਤੋਂ ਮੰਗ ਸੀ ਕਿ ਇਸ ਟਰੇਨ ਨੂੰ ਦੁਬਾਰਾ ਪਹਿਲਾਂ ਵਾਲੇ ਰੂਟ ਲੁਧਿਆਣਾ ਵਾਇਆ ਸਰਹਿੰਦ-ਰਾਜਪੁਰਾ-ਅੰਬਾਲਾ ਹੀ ਚਲਾਇਆ ਜਾਵੇ। ਇਲਾਕੇ ਦੀਆਂ ਸਿੱਖ ਸੰਗਤਾਂ ਵੱਲੋਂ ਇਸ ਟਰੇਨ ਸੰਬੰਧੀ ਡਾ ਅਮਰ ਸਿੰਘ ਮੈਂਬਰ ਲੋਕ ਸਭਾ ਸ੍ਰੀ ਫ਼ਤਹਿਗੜ੍ਹ ਸਾਹਿਬ ਨੂੰ ਬੇਨਤੀ ਕਰਨ ਤੇ ਡਾਕਟਰ ਅਮਰ ਸਿੰਘ ਮੈਂਬਰ ਲੋਕ ਸਭਾ ਵਲੋਂ ਸਿੱਖ ਸੰਗਤਾਂ ਦੀ ਇਸ ਮੰਗ ਨੂੰ ਪੂਰਾ ਕਰਨ ਲਈ ਲਗਾਤਾਰ ਕੋਸ਼ਿਸ਼ ਕੀਤੀ ਜਾ ਰਹੀ ਸੀ। ਇਸ ਮੁੱਦੇ ਨੂੰ ਲੋਕ ਸਭਾ ਵਿਚ ਚੁੱਕਣ ਦੇ ਨਾਲ ਨਾਲ ਰੇਲ ਮੰਤਰੀ ਨੂੰ ਮਿਲ ਕੇ ਉਨ੍ਹਾਂ ਦੇ ਧਿਆਨ ਵਿੱਚ ਲਿਆਂਦਾ ਗਿਆ।ਡਾ.ਅਮਰ ਸਿੰਘ ਜੀ ਦੀਆਂ ਕੋਸ਼ਿਸ਼ਾਂ ਤੇ ਚਲਦਿਆਂ ਰੇਲਵੇ ਵਿਭਾਗ ਵਲੋਂ ਇਸ ਟਰੇਨ ਨੂੰ ਦੁਬਾਰਾ ਪੁਰਾਣੇ ਰੂਟ ਤੇ ਚੱਲਣ ਦੀ ਮਨਜ਼ੂਰੀ ਦੇ ਦਿੱਤੀ ਗਈ ਹੈ ਅਤੇ ਇਸ ਸਬੰਧੀ ਰੇਲ ਵਿਭਾਗ ਵੱਲੋਂ ਹੁਕਮ ਜਾਰੀ ਕਰ ਦਿੱਤੇ ਗਏ ਹਨ ਇਸ ਟਰੇਨ ਦੇ ਦੁਬਾਰਾ ਪੁਰਾਣੇ ਰੂਟ ਤੇ ਚੱਲਣ ਨਾਲ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਸਾਹਿਬ ਜਾਣ ਵਾਲੀਆਂ ਸਿੱਖ ਸੰਗਤਾਂ ਦੇ ਨਾਲ ਨਾਲ ਮੁਸਾਫ਼ਰਾਂ ਨੂੰ ਵੀ ਬੜੀ ਸਹੂਲਤ ਮਿਲੇਗੀ ।ਇਸ ਟਰੇਨ ਦੇ ਦੁਬਾਰਾ ਪਹਿਲਾਂ ਵਾਲੇ ਰੂਟ ਤੇ ਚੱਲਣ ਤੇ ਇਲਾਕੇ ਦੀਆਂ ਸਿੱਖ ਸੰਗਤਾਂ ਵੱਲੋਂ ਖੁਸ਼ੀ ਦਾ ਇਜ਼ਹਾਰ ਕਰਦਿਆਂ ਡਾ



ਅਮਰ ਸਿੰਘ ਮੈਂਬਰ ਲੋਕ ਸਭਾ ਹਲਕਾ ਸ੍ਰੀ ਫ਼ਤਹਿਗੜ੍ਹ ਸਾਹਿਬ ਦਾ ਤਹਿ ਦਿਲੋਂ ਧੰਨਵਾਦ ਕੀਤਾ ਜਿਨ੍ਹਾਂ ਦੀ ਮਿਹਨਤ ਸਦਕਾ ਇਲਾਕੇ ਦੀਆਂ ਸਿੱਖ ਸੰਗਤਾਂ ਨੂੰ ਸ੍ਰੀ ਹਜ਼ੂਰ ਸਾਹਿਬ ਜੀ ਦੇ ਦਰਸ਼ਨ ਦਿਦਾਰੇ ਕਰਨ ਕਾਫੀ ਰਾਹਤ ਮਿਲੇਗੀ। ਸੂਤਰਾਂ ਅਨੁਸਾਰ ਜਲਦੀ ਹੀ ਇਸ ਸੰਬੰਧੀ ਤਰੀਖ਼ ਦਾ ਐਲਾਨ ਕਰ ਦਿਤਾ ਜਾਵੇਗਾ। ਇਸ ਨਦੇੜ ਸੱਚਖੰਡ ਐਕਸਪ੍ਰੈਸ ਦੇ ਦੁਬਾਰਾ ਪੁਰਾਣੇ ਰੂਟ ਤੇ ਚੱਲਣ ਤੇ ਇਲਾਕੇ ਦੀਆਂ ਸਿੱਖ ਸੰਗਤਾਂ ਵਿੱਚ ਗੁਰਜੀਤ ਸਿੰਘ ਭੌਰਲਾ, ਜਸਵੰਤ ਸਿੰਘ ਢਿੱਲੋਂ, ਹਲਵਿੰਦਰ ਸਿੰਘ ਢਿੱਲੋਂ, ਚਰਨ ਸਿੰਘ ਭੌਰਲਾ, ਬਲਵਿੰਦਰ ਸਿੰਘ ਬੰਬ,ਡਾ ਰਣਜੀਤ ਸਿੰਘ, ਬਲਵੰਤ ਸਿੰਘ ਢਿੱਲੋਂ, ਯਾਦਵਿੰਦਰ ਸਿੰਘ ਕਾਲਾ,ਪਾਲ ਸਿੰਘ ਫੋਜੀ, ਰਣਯੋਧ ਸਿੰਘ ਢਿੱਲੋਂ, ਕੁਲਦੀਪ ਸਿੰਘ, ਪ੍ਰਭਜੋਤ ਸਿੰਘ, ਜਰਨੈਲ ਸਿੰਘ ਕੈਂਥ, ਰਾਜਵਿੰਦਰ ਸਿੰਘ ਰਾਜੂ ਆਦਿ ਵਲੋਂ ਡਾ ਅਮਰ ਸਿੰਘ ਮੈਂਬਰ ਲੋਕ ਸਭਾ ਹਲਕਾ ਫਤਿਹਗੜ੍ਹ ਸਾਹਿਬ ਦਾ ਤਹਿ ਦਿਲੋਂ ਧੰਨਵਾਦ ਕੀਤਾ।

# ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿੱਚ ਡਿਪਟੀ ਕਮਿਸ਼ਨਰ ਨੇ ਕੋਵਿਡ-19 ਦੇ ਵਧ ਰਹੇ ਕੇਸਾਂ ਦੇ ਚਲਦੇ ਪਟਿਆਲਾ ਵਾਸੀਆਂ ਨੂੰ ਕੀਤੀ ਅਪੀਲ: ਸ਼ਾਕਸ਼ੀ ਸਾਹਣੀ

**ਪਟਿਆਲਾ/ਇਕਬਾਲ ਸਿੰਘ:** ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਬੀਤੇ ਦਿਨ ਡਿਪਟੀ ਕਮਿਸ਼ਨਰ ਵੱਲੋਂ ਪਟਿਆਲਾ ਵਾਸੀਆਂ ਨੂੰ ਕੋਵਿਡ ਤੋਂ ਬਚਾਅ ਦੀ ਕੀਤੀ ਗਈ ਅਪੀਲ ਬੀਤੇ ਦਿਨ ਪਟਿਆਲਾ ਦੇ ਮਿਨੀ ਸੈਕਟਰੀਏਟ ਤੋਂ ਬਾਅਦ ਡਿਪਟੀ ਕਮਿਸ਼ਨਰ ਸ਼ਾਕਸ਼ੀ ਸਾਹਣੀ ਪਟਿਆਲਾ ਦੇ ਵਿਚ ਕੇਸਾਂ ਤੋਂ ਬਾਅਦ ਪਟਿਆਲਾ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਗਿਆ ਸਰਕਾਰ ਦੇ ਵੱਲੋਂ ਦਿੱਤੀ ਹੋਈ ਕੋਵਿਡ ਗਾਈਡਲਾਈਨ ਦੀ ਪਾਲਣਾ ਕੀਤੀ ਜਾਵੇ ਅਤੇ ਨਾਲ ਹੀ ਉਨ੍ਹਾਂ ਨੇ ਇਹ ਵੀ ਕਿਹਾ ਕਿ ਜੋ ਲੋਕ ਵੈਕਸੀਨੇਸ਼ਨ ਤੋਂ ਵਾਂਝੇ ਰਹਿ ਗਏ ਹਨ। ਵੈਕਸੀਨੇਸ਼ਨ ਜ਼ਰੂਰ ਕਰਵਾ ਲੈਣ ਨਾਲ ਹੀ ਉਹਨਾਂ ਦੇ ਵੱਲੋਂ ਇਹ ਵੀ ਕਿਹਾ ਗਿਆ ਹੈ ਜਿਨ੍ਹਾਂ ਵਿਅਕਤੀਆਂ ਵੱਲੋਂ ਵੈਕਸੀਨੇਸ਼ਨ ਲਗਵਾ ਲਈ ਗਈ ਹੈ ਉਹ ਆਪਣੀ ਬੂਸਟ ਡੋਜ ਵੀ ਜ਼ਰੂਰ ਲਗਵਾ ਲੈਣ ਅਤੇ ਉਨ੍ਹਾਂ ਦੇ ਵੱਲੋਂ ਇਹ ਵੀ ਅਪੀਲ ਕੀਤੀ ਗਈ ਕਿ ਸਰਕਾਰ ਦੇ ਵੱਲੋਂ ਦਿੱਤੀ ਗਈ ਕੋਵਿਡ ਗਾਇਡਲਾਇਨ ਦੀ ਜ਼ਰੂਰ ਪਾਲਣਾ ਕੀਤੀ ਜਾਵੇ।

# ਆਈਜੀ ਪਟਿਆਲਾ ਰੇਂਜ ਮੁਖਵਿੰਦਰ ਸਿੰਘ ਛੀਨਾ ਮਾਤਾ ਸ੍ਰੀ ਕਾਲੀ ਦੇਵੀ ਮੰਦਿਰ ਵਿਚ ਹੋਏ ਨਤਮਸਤਕ ਸੁਰੱਖਿਆ ਪ੍ਰਬੰਧਾਂ ਦਾ ਲਿਆ ਜਾਇਜ਼ਾ

**ਪਟਿਆਲਾ/ਇਕਬਾਲ ਸਿੰਘ:** ਆਈਜੀ ਮੁਖਮਿੰਦਰ ਸਿੰਘ ਛੀਨਾ ਮਾਤਾ ਸ੍ਰੀ ਕਾਲੀ ਦੇਵੀ ਮੰਦਰ ਵਿੱਚ ਹੋਏ ਨਤਮਸਤਕ ਸੁਰੱਖਿਆ ਸੰਬੰਧਾਂ ਦਾ ਲਿਆ ਜਾਇਜ਼ਾ ਅਤੇ ਜਗਤ ਗੁਰੂ ਪੰਚਾਨੰਦ ਗਿਰੀ ਨਾਲ ਕੀਤੀ ਮੀਟਿੰਗ। ਪਟਿਆਲਾ ਰੇਂਜ ਦੇ ਆਈਜੀ ਮੁਖਵਿੰਦਰ ਸਿੰਘ ਛੀਨਾ ਨੇ ਇਥੇ ਪੁਰਾਤਨ ਮਾਨਤਾ ਸ੍ਰੀ ਕਾਲੀ ਦੇਵੀ ਮੰਦਿਰ ਵਿਖੇ ਨਤਮਸਤਕ ਹੋ ਕੇ ਸਰਬੱਤ ਦੇ ਭਲੇ ਦੀ ਕਾਮਨਾ ਕੀਤੀ ਅਤੇ ਉਨ੍ਹਾਂ ਦੇ ਨਾਲ ਹੀ ਦੀ ਸੁਰੱਖਿਆ



ਲਈ ਪਟਿਆਲਾ ਦਾ ਵੀ ਜਾਇਜ਼ਾ ਲਿਆ ਫਤਿਹ ਹਿੰਦੂ ਤਖਤ ਦੇ ਮੁਖੀ ਜਗਤ ਗੁਰੂ ਪੰਚਾਨੰਦ ਗਿਰੀ ਨਾਲ ਵੀ ਸਦਭਾਵਨਾ ਨਾਲ ਮੁਲਾਕਾਤ ਕੀਤੀ ਇਸ ਮੌਕੇ ਉਨ੍ਹਾਂ ਨਾਲ ਡੀਐਸਪੀ ਮੋਹਿਤ ਅਗਰਵਾਲ ਅਤੇ ਹੋਰ ਅਧਿਕਾਰੀ ਵੀ ਮੌਜੂਦ ਸਨ। ਆਈਜੀ ਮੁਖਵਿੰਦਰ ਸਿੰਘ ਛੀਨਾ ਨੇ ਕਿਹਾ ਕਿ ਇਸ ਪੁਰਾਤਨ ਮੰਦਰ ਦੀ ਦੁਨੀਆ ਭਰ ਚ ਵਸਦੇ ਹਿੰਦੂਆਂ ਅਤੇ ਸਿੱਖਾਂ ਵਿੱਚ ਬਰਾਬਰਤਾ ਅਤੇ ਸ਼ਰਧਾ ਹੈ ਉਹਨਾਂ ਨੇ ਖੁਦ ਇਸ ਪਵਿੱਤਰ ਮੰਦਰ ਵਿਖੇ ਨਤਮਸਤਕ ਹੋ ਕੇ ਦੇਸ਼ਸਮਾਜ ਅਤੇ ਪਟਿਆਲਾ ਸ਼ਹਿਰ ਵਿਚ ਏਕਤਾ ਸ਼ਾਂਤੀ , ਅਮਨ ਅਤੇ ਆਪਸੀ ਭਾਈਚਾਰੇ ਨੂੰ ਬਰਕਰਾਰ ਰੱਖਣ ਲਈ ਦੇਵੀ ਦੇ ਚਰਨਾਂ ਵਿੱਚ ਕਾਮਨਾ ਕੀਤੀ ਹੈ।

# ਭਾਰਤੀ ਕਿਸਾਨ ਯੂਨੀਅਨ (ਦੋਆਬਾ) ਦੀ ਮਹੀਨਾਵਾਰ ਮੀਟਿੰਗ ਦੌਰਾਨ ਮਾਲ ਵਿਭਾਗ ਦੀ ਹੜਤਾਲ ਨੂੰ ਗੈਰ ਜਿੰਮੇਵਾਰਨਾਂ ਠਹਿਰਾਇਆ



**ਸਮਰਾਲਾ/ਭੂਸ਼ਨ ਬਾਂਸਲ ਸੁਨੀਲ ਅਗਰਵਾ**

ਅੱਜ ਭਾਰਤੀ ਕਿਸਾਨ ਯੂਨੀਅਨ (ਦੋਆਬਾ) ਦੀ ਮਹੀਨਾਵਾਰ ਮੀਟਿੰਗ ਗੁਰਦੁਆਰਾ ਸ੍ਰੀ ਗੁਰੂ ਗੋਬਿੰਦ ਸਿੰਘ ਚੰਡੀਗੜ੍ਹ ਰੋਡ ਸਮਰਾਲਾ ਵਿਖੇ ਜ਼ਿਲ੍ਹਾ ਪ੍ਰਧਾਨ ਬਲਵੀਰ ਸਿੰਘ ਖੀਰਨੀਆਂ ਅਤੇ ਬਿੱਕਰ ਸਿੰਘ ਮਾਨ ਕੋਟਲਾ ਸਮਸ਼ਪੁਰ ਬਲਾਕ ਪ੍ਰਧਾਨ ਮਾਛੀਵਾੜਾ ਦੀ ਅਗਵਾਈ ਹੇਠ ਹੋਈ। ਮੀਟਿੰਗ ਦੌਰਾਨ ਬਟਾਲਾ ਨੇੜੇ ਨਾੜ ਨੂੰ ਅੱਗ ਲਗਾਏ ਜਾਣ ਤੇ ਜਖਮੀ ਹੋਏ ਬੱਚਿਆਂ ਦੀ ਸਿਹਤਯਾਬੀ ਲਈ ਅਰਦਾਸ ਕੀਤੀ ਗਈ ਅਤੇ ਵਾਪਰੀ ਘਟਨਾਂ ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ, ਕੇਂਦਰ ਸਰਕਾਰ ਵੱਲੋਂ ਪੋਟਾਸ਼ ਦੀਆਂ ਕੀਮਤਾਂ ਵਿੱਚ ਕੀਤੇ ਵਾਧੇ ਦਾ ਸਖਤ ਸ਼ਬਦਾਂ ਵਿੱਚ ਵਿਰੋਧ ਕੀਤਾ ਗਿਆ। ਇਸ ਮੌਕੇ ਬਿੱਕਰ ਸਿੰਘ ਮਾਨ ਕੋਟਲਾ ਸਮਸ਼ਪੁਰ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਬੀਤੇ ਦਿਨੀਂ ਦੀਦਾਰ ਸਿੰਘ ਨਾਂ ਦੇ ਪਟਵਾਰੀ ਨੂੰ ਵਿਜੀਲੈਂਸ ਵਿਭਾਗ ਦੁਆਰਾ ਫੜ੍ਹੇ ਜਾਣ ਦੇ ਵਿਰੋਧ ਵਿੱਚ ਸੂਬਾ ਭਰ ਦੇ ਮਾਲ ਵਿਭਾਗ ਦੇ ਕਰਮਚਾਰੀ ਅਤੇ ਅਧਿਕਾਰੀ ਜੋ ਹੜਤਾਲ ਤੇ ਚਲੇ ਹਨ, ਇਹ ਤਾਂ ਇਹ ਗੱਲ ਹੋ ਗਈ ਹੈ ਕਿ ਮਾਲ ਵਿਭਾਗ ਦੇ ਅਧਿਕਾਰੀ ਹੁਣ ਰਿਸ਼ਵਤ ਨੂੰ ਕਾਨੂੰਨੀ ਦਰਜਾ ਦਿਵਾਉਣਾ ਚਾਹੁੰਦੇ ਹਨ। ਕਿਉਂਕਿ ਜੋ ਮਾਲ ਵਿਭਾਗ ਵਿੱਚ ਜੋ ਲੁੱਟ ਆਮ ਲੋਕਾਂ ਦੀ ਹੁੰਦੀ ਆਈ ਹੈ, ਉਹ ਕਿਸੇ ਤੋਂ ਨਹੀਂ ਛੁਪੀ ਹੋਈ। ਉਨ੍ਹਾਂ ਮਾਲ ਵਿਭਾਗ ਦੇ ਹੜਤਾਲ ਤੇ ਗਏ ਕਰਮਚਾਰੀਆਂ ਅਤੇ ਅਧਿਕਾਰੀਆਂ ਨੂੰ ਸੰਬੋਧਿਤ ਹੁੰਦੇ ਹੋਏ ਕਿਹਾ ਕਿ ਜੇਕਰ ਵਿਜੀਲੈਂਸ ਵਿਭਾਗ ਦੁਆਰਾ ਉਕਤ ਪਟਵਾਰੀ ਤੇ ਲਗਾਏ ਦੋਸ਼ ਸਿੱਧ ਹੋ ਜਾਂਦੇ ਹਨ ਤਾਂ ਕੀ ਹੜਤਾਲ ਤੇ ਗਏ ਕਰਮਚਾਰੀ ਆਪਣੀਆਂ ਨੌਕਰੀਆਂ ਤੋਂ ਅਸਤੀਫਾ ਦੇਣਗੇ ? ਉਨ੍ਹਾਂ ਹੜਤਾਲ ਤੇ ਗਏ ਕਰਮਚਾਰੀਆਂ ਨੂੰ ਅਪੀਲ ਕੀਤੀ ਕਿ ਉਹ ਆਮ ਲੋਕਾਂ ਦੇ ਭਵਿੱਖ ਨਾਲ ਖਿਲਵਾੜ ਨਾ ਕਰਨ, ਆਪਣੇ ਕੰਮ ਪ੍ਰਤੀ ਸੁਹਿਰਦ ਹੋ ਕੇ ਇਮਾਨਦਾਰੀ ਨਾਲ ਆਪਣੀ ਡਿਊਟੀ ਤੇ ਪਰਤ ਆਉਣ, ਘਰ ਦੇ ਗੁਜਾਰੇ ਲਈ ਤਨਖਾਹਾਂ ਬਹੁਤ ਹਨ, ਆਮ ਲੋਕਾਂ ਦਾ ਖੂਨ ਚੂਸਣ ਤੋਂ ਗੁਰੇਜ ਕਰਨ। ਬਲਵੀਰ ਸਿੰਘ ਖੀਰਨੀਆਂ ਨੇ ਕਿਹਾ ਕਿ ਕੇਂਦਰ ਸਰਕਾਰ ਹਮੇਸ਼ਾਂ ਹੀ ਕਿਸਾਨਾਂ ਨੂੰ ਆਪਣਾ ਨਿਸ਼ਾਨਾਂ ਬਣਾਉਂਦੀ ਰਹੀ ਹੈ, ਹਰ ਵਾਰ ਖਾਦਾਂ ਦੀਆਂ ਕੀਮਤਾਂ ਵਿੱਚ ਭਾਰੀ ਵਾਧਾ ਕਰ ਦਿੰਦੀ ਹੈ, ਇਸ ਵਾਰ ਕੇਂਦਰ ਨੇ ਪੋਟਾਸ਼ ਦੀ ਕੀਮਤ ਵਿੱਚ ਭਾਰੀ ਵਾਧਾ ਕਰਕੇ ਜਾਣ ਬੁੱਝ ਕੇ ਕਿਸਾਨਾਂ ਦਾ ਮਨੋਬਲ ਸੁੱਟ ਕੇ ਬਰਬਾਦ ਕਰਨਾ ਚਾਹੁੰਦੀ ਹੈ ਅਤੇ ਕਾਲੇ ਕਾਨੂੰਨਾਂ ਨੂੰ ਫਿਰ ਤੋਂ ਵਾਪਸ ਲਿਆਉਣਾ ਚਾਹੁੰਦੀ ਹੈ, ਪਹਿਲਾਂ ਕੇਂਦਰ ਸਰਕਾਰ ਨੇ ਡੀ ਏ ਪੀ ਦੀ ਕੀਮਤ ਵਿੱਚ ਵਾਧਾ ਕੀਤਾ ਹੁਣ ਪੋਟਾਸ਼ ਦੀਆਂ ਕੀਮਤਾਂ ਵਿੱਚ ਕਿਸਾਨਾਂ ਤੇ ਵਿੱਤੀ ਬੋਝ ਪਾਉਣਾ ਚਾਹੁੰਦੀ ਹੈ। ਅੱਜ ਦੀ ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਜਰਨੈਲ ਸਿੰਘ ਜਨ: ਸਕੱਤਰ, ਦਰਬਾਰਾ ਸਿੰਘ, ਕਰਮਜੀਤ ਸਿੰਘ ਕੋਟਲਾ ਸਮਸ਼ਪੁਰ, ਜੀਵਨ ਸਿੰਘ ਸਕੱਤਰ, ਜੀਤ ਸਿੰਘ ਟੋਡਰਪੁਰ, ਨਵਜੀਤ ਸਿੰਘ ਮਾਂਗਟ ਕਟਾਣਾਂ ਸਾਹਿਬ, ਹਰਪ੍ਰੀਤ ਸਿੰਘ ਬਾਲਿਓਂ, ਹੁਸ਼ਿਆਰ ਸਿੰਘ ਬੰਬ, ਸੁਰਿੰਦਰਜੀਤ ਸਿੰਘ, ਮਨਪ੍ਰੀਤ ਸਿੰਘ ਸਮਰਾਲਾ, ਜੀਵਨ ਸਿੰਘ ਮੱਲਮਾਜਰਾ, ਦਵਿੰਦਰ ਸਿੰਘ, ਗੁਰਦੇਵ ਸਿੰਘ ਕਟਾਣਾ ਸਾਹਿਬ, ਸੁਖਦੇਵ ਸਿੰਘ ਕਟਾਣਾ ਸਾਹਿਬ, ਦਰਬਾਰਾ ਸਿੰਘ ਕਟਾਣਾ ਸਾਹਿਬ, ਅਵਤਾਰ ਸਿੰਘ, ਅਮਰੀਕ ਸਿੰਘ, ਬਹਾਦਰ ਸਿੰਘ, ਪਰਮਜੀਤ ਸਿੰਘ ਆਦਿ ਹਾਜ਼ਰ ਸਨ।

# ਭ੍ਰਿਸ਼ਟਾਚਾਰ ਵਿਰੋਧੀ ਫਰੰਟ (ਰਜਿ:) ਸਮਰਾਲਾ ਵੱਲੋਂ ਰਾਜਪਾਲ ਦੇ ਨਾਂ ਦਿੱਤਾ ਗਿਆ ਮੰਗ ਪੱਤਰ

**ਸਮਰਾਲਾ/ਭੂਸ਼ਨ ਬਾਂਸਲ/ ਸੁਨੀਲ ਅਗਰਵਾਲ**

ਭ੍ਰਿਸ਼ਟਾਚਾਰ ਵਿਰੋਧੀ ਫਰੰਟ (ਰਜਿ:) ਸਮਰਾਲਾ ਨੇ ਫਰੰਟ ਦੇ ਪ੍ਰਧਾਨ ਅਮਰਜੀਤ ਸਿੰਘ ਬਾਲਿਓਂ ਦੀ ਅਗਵਾਈ ਹੇਠ ਐਸ. ਡੀ. ਐਮ. ਸਮਰਾਲਾ ਰਾਹੀਂ ਪੰਜਾਬ ਦੇ ਰਾਜਪਾਲ ਦੇ ਨਾਂ ਇੱਕ ਮੰਗ ਪੱਤਰ ਦਿੱਤਾ ਗਿਆ, ਜਿਸ ਵਿੱਚ ਮਾਲ ਵਿਭਾਗ ਵਿੱਚ ਕੰਮ ਕਰਦੇ ਪਟਵਾਰੀ ਦੀਦਾਰ ਸਿੰਘ, ਜਿਸਨੂੰ ਭ੍ਰਿਸ਼ਟਾਚਾਰ ਦੇ ਦੋਸ਼ਾਂ ਤਹਿਤ ਵਿਜੀਲੈਂਸ ਵਿਭਾਗ ਪੰਜਾਬ ਵੱਲੋਂ ਗ੍ਰਿਫ਼ਤਾਰ ਕੀਤਾ ਗਿਆ ਹੈ। ਜਿਸ ਦੇ ਵਿਰੋਧ ਵਿੱਚ ਪੰਜਾਬ ਭਰ ਦੇ ਮਾਲ ਵਿਭਾਗ ਅਧੀਨ ਕੰਮ ਸਮੂਹ ਪਟਵਾਰੀ ਅਤੇ ਕਰਮਚਾਰੀ ਹੜਤਾਲ ਤੇ ਚਲੇ ਗਏ ਹਨ। ਜਿਸ ਨਾਲ ਪੰਜਾਬ ਭਰ ਦੇ ਮਾਲ ਵਿਭਾਗ ਦੇ ਕੰਮ ਵਿੱਚ ਖੜੋਤ ਆ ਗਈ ਹੈ। ਲੱਖਾਂ ਲੋਕਾਂ ਦੇ ਕੰਮ ਰੁਕ ਗਏ ਹਨ। ਇਸ ਮੌਕੇ ਪ੍ਰੈੱਸ ਨਾਲ ਗੱਲਬਾਤ ਕਰਦੇ ਹੋਏ ਚੇਅਰਮੈਨ ਸੁਦੇਸ਼ ਸ਼ਰਮਾ ਨੇ ਕਿਹਾ ਕਿ ਅਜਿਹੇ ਭ੍ਰਿਸ਼ਟ ਪਟਵਾਰੀ ਖਿਲਾਫ ਸਖਤ ਕਾਰਵਾਈ ਹੋਣੀ ਚਾਹੀਦੀ ਹੈ, ਕਿਉਂਕਿ ਇਸ ਸਬੰਧੀ ਪੰਜਾਬੀ ਦੇ ਵੱਖ ਵੱਖ ਅਖਬਾਰਾਂ ਵਿੱਚ ਉਸ ਦੁਆਰਾ ਭ੍ਰਿਸ਼ਟ ਤਰੀਕੇ ਨਾਲ ਬਣਾਈ ਜਾਇਦਾਦ, ਕਰੋੜਾਂ ਦੀਆਂ ਰਜਿਸਟਰੀਆਂ ਉਸ ਦੁਆਰਾ ਕੀਤੀ

## ਮਾਲ ਵਿਭਾਗ ਦੇ ਕਰਮਚਾਰੀ ਅਤੇ ਅਧਿਕਾਰੀ ਆਪਣੇ ਨਿੱਜੀ ਮੁਫ਼ਾਦਾਂ ਲਈ ਆਮ ਲੋਕਾਂ ਦੇ ਭਵਿੱਖ ਨਾਲ ਖਿਲਵਾੜ ਨਾ ਕਰਨ - ਬਾਲਿਓਂ, ਸ਼ਰਮਾ

ਇਮਾਨਦਾਰ ਨੌਕਰੀ ਦੀ ਗਵਾਹੀ ਭਰਦੀਆਂ ਹਨ। ਉਨ੍ਹਾਂ ਅੱਗੇ ਕਿਹਾ ਕਿ ਸਮਰਾਲਾ ਦੇ ਐਸ. ਡੀ. ਐਮ. ਨੂੰ ਹੜਤਾਲ ਦੇ ਗਏ ਮਾਲ ਵਿਭਾਗ ਦੇ ਕਰਮਚਾਰੀਆਂ ਅਤੇ ਅਧਿਕਾਰੀਆਂ ਵਿਰੁੱਧ ਸਖਤ ਐਕਸ਼ਨ ਲੈਣਾ ਚਾਹੀਦਾ ਹੈ, ਜੇਕਰ ਇਸੇ ਤਰ੍ਹਾਂ ਭ੍ਰਿਸ਼ਟਾਚਾਰ ਕਰਕੇ ਕਰੋੜਾਂ ਦੀਆਂ ਜਾਇਦਾਦਾਂ ਬਣਾਉਣ ਵਾਲੇ ਕਰਮਚਾਰੀਆਂ ਦਾ ਸਾਥ ਹੋਰ ਕਰਮਚਾਰੀ ਵੀ ਦੇਣ ਲੱਗ ਪਏ ਤਾਂ ਭ੍ਰਿਸ਼ਟਾਚਾਰ ਕਿਵੇਂ ਖਤਮ ਹੋਵੇਗਾ। ਇਸ ਲਈ ਅਜਿਹੇ ਭ੍ਰਿਸ਼ਟ ਪਟਵਾਰੀ ਦਾ ਸਾਥ ਦੇਣ ਵਾਲੇ ਕਰਮਚਾਰੀਆਂ ਅਤੇ ਅਧਿਕਾਰੀਆਂ ਖਿਲਾਫ ਪੰਜਾਬ ਸਰਕਾਰ ਨੂੰ ਸਖਤ ਐਕਸ਼ਨ ਲੈਂਦੇ ਹੋਏ ਇਨ੍ਹਾਂ ਵਿਰੁੱਧ ਵਿਭਾਗੀ ਕਾਰਵਾਈ ਕਰਨੀ ਚਾਹੀਦੀ ਹੈ। ਇਸ ਮੌਕੇ ਪ੍ਰਧਾਨ ਅਮਰਜੀਤ ਸਿੰਘ ਬਾਲਿਓਂ ਨੇ ਪੰਜਾਬ ਸਰਕਾਰ ਨੂੰ ਇਸ ਸਬੰਧੀ ਸਖਤ ਸਟੈਂਡ ਲੈਣ ਦੀ ਅਪੀਲ ਕੀਤੀ ਅਤੇ ਅਜਿਹੇ ਭ੍ਰਿਸ਼ਟ ਅਧਿਕਾਰੀਆਂ ਖਿਲਾਫ ਸਖਤ ਕਾਰਵਾਈ ਦੀ ਮੰਗ ਨੂੰ ਲੈ ਕੇ ਕਿਹਾ ਕਿ ਜੇਕਰ ਸਮਰਾਲਾ ਪ੍ਰਸ਼ਾਸਨ ਨੇ ਹੜਤਾਲ ਤੇ ਗਏ ਮਾਲ ਵਿਭਾਗ ਦੇ ਕਰਚਾਰੀਆਂ ਖਿਲਾਫ ਕੋਈ ਸਖਤ ਸਟੈਂਡ ਨਾ ਲਿਆ ਜਾਂ ਫਿਰ ਇਹ ਕਰਮਚਾਰੀ ਅਤੇ ਅਧਿਕਾਰੀ ਵਾਪਸ ਆਪਣੀਆਂ ਡਿਊਟੀਆਂ ਤੇ ਨਾ ਆਏ ਤਾਂ ਸਮਰਾਲੇ ਦੀਆਂ ਸਮਾਜਸੇਵੀ ਜਥੇਬੰਦੀਆਂ ਰਲ ਕੇ ਅਜਿਹੇ ਭ੍ਰਿਸ਼ਟ ਅਧਿਕਾਰੀਆਂ ਖਿਲਾਫ ਮੋਰਚਾ ਖੋਲ ਦੇਣਗੀਆਂ ਅਤੇ ਇਨ੍ਹਾਂ ਨੂੰ ਨੌਕਰੀ ਤੋਂ ਬਰਖਾਸਤ ਕਰਨ ਮੰਗ ਕਰਨਗੀਆਂ । ਮੰਗ ਪੱਤਰ ਦੇਣ ਮੌਕੇ ਹੋਰਨਾਂ ਤੋਂ ਇਲਾਵਾ , ਭਜਨ ਸਿੰਘ, ਕੁਲਵਿੰਦਰ ਸਿੰਘ, ਮੇਲਾ ਸਿੰਘ, ਕਰਨੈਲ ਸਿੰਘ, ਪਰਮਜੀਤ ਸਿੰਘ ਮਾਛੀਵਾੜਾ, ਜਸਵੰਤ ਸਿੰਘ, ਅੰਮ੍ਰਿਤ, ਪ੍ਰੇਮ ਨਾਥ, ਸੋਹਣ ਸਿੰਘ, ਸੰਤੋਖ ਸਿੰਘ ਨਾਗਰਾ ਆਦਿ ਤੋਂ ਇਲਾਵਾ ਦਰਜਨਾਂ ਦੀ ਗਿਣਤੀ ਵਿੱਚ ਮੈਂਬਰ ਹਾਜਰ ਸਨ।

# ਨਗਰ ਨਿਗਮ ਦੇ ਜ਼ੋਨਲ ਕਮਿਸ਼ਨਰ ਦੀ ਅਗੁਵਾਈ 'ਚ ਵੱਖ-ਵੱਖ ਬਰਾਂਚਾਂ ਦੇ ਅਧਿਕਾਰੀਆਂ/ਕਰਮਚਾਰੀਆਂ ਨਾਲ ਮੀਟਿੰਗ

**ਲੁਧਿਆਣਾ/ਸੁਖਚੈਨ ਮਹਿਰਾ-** ਨਗਰ ਨਿਗਮ ਦੇ ਜ਼ੋਨਲ ਕਮਿਸ਼ਨਰ ਸ੍ਰੀਮਤੀ ਪੂਨਮਪ ?ੀ ?ਤ ਕੋਰ ਵੱਲੋ ਜੋਨ-ਸੀ ਦੇ ਕੌਂਸਲਰ ਸਾਹਿਬਾਨ ਅਤੇ ਵੱਖ-ਵੱਖ ਬਰਾਂਚਾਂ ਦੇ ਅਧਿਕਾਰੀਆਂ/ਕਰਮਚਾਰੀਆਂ ਨਾਲ ਜੋਨ-ਸੀ ਦੇ ਵਿਕਾਸ ਦੇ ਕੰਮਾਂ ਅਤੇ ਆਮ ਪਬਲਿਕ ਨੂੰ ਪੇਸ਼ ਆ ਰਹੀਆਂ ਮੁਸ਼ਕਿਲਾਂ ਬਾਰੇ ਮੀਟਿੰਗ ਜੋਨ-ਸੀ ਵਿੱਚ ਕੀਤੀ ਗਈ। ਕੌਂਸਲਰ ਸਾਹਿਬਾਨਾਂ ਵੱਲੋਂ ਪਿਛਲੀ ਹੋਈ ਮੀਟਿੰਗ ਵਿੱਚ ਜੋ ਵੱਖ-ਵੱਖ ਬਰਾਂਚਾਂ ਨਾਲ ਸਬੰਧਤ ਵਿਕਾਸ ਦੇ ਕੰਮ ਬਰਾਂਚ ਅਧਿਕਾਰੀਆਂ ਨੂੰ ਨੋਟ ਕਰਵਾਏ ਗਏ ਸਨ ਉਹ ਕਾਫੀ ਹੱਦ ਤੱਕ ਹੋ ਗਏ ਹਨ ਅਤੇ ਬਾਕੀ ਰਹਿੰਦੇ ਕੰਮ ਵੀ ਹੋ ਰਹੇ ਹਨ, ਬਾਰੇ ਤਸੱਲੀ ਪ੍ਰਗਟਾਈ ਗਈ ਅਤੇ ਜੋਨਲ ਕਮਿਸ਼ਨਰ ਮੈਡਮ ਪੂਨਮਪ ?ੀ ?ਤ ਕੌਰ ਦਾ ਧੰਨਵਾਦ ਕੀਤਾ ਅਤੇ ਫਿਰ ਮੈਡਮ ਜੋਨਲ ਕਮਿਸ਼ਨਰ ਵੱਲੋ ਸਿਹਤ ਸ਼ਾਖਾ ਨੂੰ ਹਦਾਇਤ ਕੀਤੀ ਕਿ ਉਹ ਸ਼ਹਿਰ ਵਿੱਚ ਸਾਫ ਸਫਾਈ ਦਾ ਧਿਆਨ ਰੱਖਣ ਅਤੇ ਵਿਹੜਿਆਂ ਦਾ ਓ.ਐਂਡ.ਐਮ ਸ਼ਾਖਾ ਨਾਲ ਜੁਆਇੰਟ ਸਰਵੇ ਕੀਤਾ ਜਾਵੇ ਕਿ ਕਿਸੇ ਵੀ ਵਿਹੜਿਆਂ ਵਿੱਚ ਕੂੜਾ ਜਾਂ ਪਲਾਸਟਿਕ ਰੋਡ ਜਾਲੀ ਨਾ ਹੋਣ ਕਾਰਨ ਸੀਵਰੇਜ ਵਿੱਚ ਤਾਂ ਨਹੀ ਸੁਟਿਆ ਜਾ ਰਿਹਾ ਜਾਂ ਫਿਰ ਵਿਹੜਿਆਂ ਵਿੱਚ ਰਹਿਣ ਵਾਲਿਆਂ ਵੱਲੋਂ ਵਿਹੜਿਆਂ ਵਿੱਚ ਲਗੀਆਂ ਟੁਟੀਆਂ ਦੇ ਨੱਲ ਖੁੱਲੇ ਤਾਂ ਨਹੀ ਛੱਡ ਦਿੱਤੇ ਜਾਂਦੇ ਜਿਸ ਨਾਲ ਪਾਣੀ ਦੀ ਬਰਬਾਦੀ ਹੁੰਦੀ ਹੋਵੇ ਅਗਰ ਕੋਈ ਵੀ ਵਿਹੜਿਆਂ ਵਾਲਾ ਇਸ ਤਰਾਂ ਦੀ ਉਲੰਘਣਾ ਕਰਦਾ ਹੈ ਤਾਂ ਉਸਦਾ ਸਾਫ ਸਫਾਈ ਸਬੰਧੀ ਚਲਾਨ ਕੀਤਾ ਜਾਵੇ ਅਤੇ ਦੁਬਾਰਾ ਵਿਜਿਟ ਕੀਤਾ ਜਾਵੇ ਜੇਕਰ ਫਿਰ ਵੀ ਕੋਈ ਵਿਹੜੇ ਵਾਲਾ ਸਾਫ ਸਫਾਈ ਜਾਂ ਪਾਣੀ ਦੀ ਦੂਰਵਰਤੋਂ ਸਬੰਧੀ ਉਲਘੰਣਾ ਕਰਦਾ ਹੈ ਤਾਂ ਉਸਦਾ ਕੂਨੈਕਸ਼ਨ ਕਟਿਆ ਜਾਵੇ ਕਿਉਂਕਿ ਪਾਣੀ ਦਾ ਸਤਰ ਲਗਾਤਾਰ ਘੱਟਦਾ ਜਾ ਰਿਹਾ ਹੈ। ਜੇਕਰ ਇਸੇ ਤਰ੍ਹਾਂ ਹੀ ਪਾਣੀ ਦੀ ਦੂਰਵਰਤੋਂ ਹੁੰਦੀ ਰਹੀ ਤਾਂ ਭਵਿੱਖ ਵਿੱਚ ਆਉਣ ਵਾਲੀ ਪੀੜੀ ਨੂੰ ਬਹੁਤ ਔਕੜਾ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਇਸੇ ਤਰ੍ਹਾਂ ਓ.ਐਂਡ.ਐਮ ਸ਼ਾਖਾ ਨੂੰ ਕਿਹਾ ਗਿਆ ਕਿ ਉਹ ਬਰਸਾਤੀ ਮੋਸਮ ਸ਼ੁਰੂ ਹੋਣ ਤੋ ਪਹਿਲਾਂ ਸ਼ਹਿਰ ਵਿੱਚ ਪਾਣੀ/ਸੀਵਰੇਜ ਨਾਲ ਸਬੰਧਤ ਸਮੱਸਿਆਵਾਂ ਜਿਵੇਂ ਮੇਨਹੋਲਾਂ ਐਤ ਰੋਡ ਜਾਲੀਆਂ ਦੀ ਸਫਾਈ ਕਰਨਾ ਯਕੀਨੀ ਬਣਾਉਣ ਤਾਂ ਜੋ ਕੋਈ ਵੀ ਸੀਵਰੇਜ ਓਵਰ ਫਲੋ ਨਾ ਹੋ ਸਕੇ ਅਤੇ ਪਾਣੀ ਦੀ ਨਿਕਾਸੀ ਸਹੀ ਢੰਗ ਨਾਲ ਹੁੰਦੀ ਰਹੇ। ਬੀ.ਐਂਡ.ਆਰ ਸ਼ਾਖਾ ਨਾਲ ਵਿਕਾਸ ਕੰਮਾ ਸਬੰਧੀ ਕਿਹਾ ਗਿਆ ਕਿ ਜਿੱਥੇ ਕਿਤੇ ਵੀ ਜੋਨ-ਸੀ ਅਧੀਨ ਆਉਂਦੀਆਂ ਸੜਕਾਂ ਦਾ ਪੈਚ ਵਰਕ ਹੋਣ ਵਾਲਾ ਹੈ ਉਸਨੂੰ ਜਲਦ ਤੋ ਜਲਦ ਕਰਵਾਇਆ ਜਾਵੇ ਅਤੇ ਨਵੀਆਂ ਬਣਨ ਵਾਲੀਆਂ ਸੜਕਾਂ ਨੂੰ ਟੈਂਡਰ ਦੀਆਂ ਸ਼ਰਤਾਂ ਮੁਤਾਬਿਕ ਤੈਅ ਸਮੇਂ ਵਿੱਚ ਮੁਕੰਮਲ ਕਰਵਾਇਆ ਜਾਵੇ, ਇਸ ਸਬੰਧੀ ਬੀ.ਐਂਡ.ਆਰ ਅਤੇ ਓ.ਐਂਡ.ਐਮ ਸ਼ਾਖਾ ਨੂੰ ਕਿਹਾ ਗਿਆ ਕਿ ਤਾਂ ਜੋ ਬਰਸਾਤਾਂ ਦੇ ਮੋਸਮ ਵਿੱਚ ਆਮ ਜਨਤਾ ਨੂੰ ਸੜਕਾਂ ਵਿੱਚ ਪਏ ਖੱਡੇ ਅਤੇ ਖੁੱਲੇ ਮੇਨਹੋਲ ਜਾਂ ਸੀਵਰੇਜ ਓਵਰ ਫਲੋ ਹੋਣ ਨਾਲ ਕਿਸੇ ਤਰ੍ਹਾਂ ਦੀ ਵੀ ਅਣਸੁਖਾਵੀਂ ਦੁਰਘਟਨਾ ਦਾ ਸਾਮਹਣਾ ਨਾ ਕਰਨਾ ਪਵੇ ਅਤੇ ਤਹਿਬਜਾਰੀ ਸ਼ਾਖਾ ਨੂੰ ਕਿਹਾ ਗਿਆ ਕਿ ਸ਼ਹਿਰ ਵਿੱਚ ਕੋਈ ਵੀ ਕੱਚੀ ਇੰਨਕਰੋਚਮੈਂਟ ਨਾ ਹੋਣ ਦਿੱਤੀ ਜਾਵੇ ਅਤੇ ਸਮੇ-ਸਮੇ ਸਿਰ ਕਾਰਵਾਈ ਕੀਤੀ ਜਾਵੇ ਜਿਸ ਨਾਲ ਕਿ ਆਮ ਪਬਲਿਕ ਨੂੰ ਟ੍ਰੈਫਿਕ ਜਾਮ ਸਬੰਧੀ ਸੱਮਸਿਆ ਦਾ ਸਾਹਮਣਾ ਨਾ ਕਰਨਾ ਪਵੇ। ਇਸ ਤੋ ਇਲਾਵਾ ਬਾਗਵਾਨੀ ਸ਼ਾਖਾ ਨੂੰ ਹਦਾਇਤ ਕੀਤੀ ਗਈ ਕਿ ਵਿਜਿਟ ਕੀਤਾ ਜਾਵੇ ਕਿ ਸ਼ਹਿਰ ਵਿੱਚ ਜਿੱਥੇ ਕਿਤੇ ਵੀ ਬੂੱਟੇ ਪੇੜ ਪੋਦੇ ਲਗੇ ਹਨ ਉਨ੍ਹਾਂ ਦੀ ਦੇਖ ਰੇਖ ਕਰਨਾ ਸੁਨਿਸ਼ਚਿਤ ਕੀਤਾ ਜਾਵੇ ਅਤੇ ਜਿਥੇ ਕਿਤੇ ਲੋੜ ਹੈ ਉੱਥੇ ਬੂੱਟੇ ਲਗਾਏ ਜਾਣ ਤਾਂ ਜੋ ਸ਼ਹਿਰ ਦੀ ਦਿੱਖ ਹਰੀ ਭਰੀ ਨਜ਼ਰ ਆਵੇ।

# ਖ਼ਾਲਸਾ ਕਾਲਜ ਵਿਖੇ ਕਾਮਰਸ ਸਿੱਖਿਆ ਅਤੇ ਹੁਨਰ ਵਿਕਾਸ 'ਤੇ ਵਰਕਸ਼ਾਪ ਆਯੋਜਿਤ ਕੀਤੀ ਗਈ





**ਅੰਮ੍ਰਿਤਸਰ/ਰਾਜਾ ਕੋਟਲੀ**

ਖ਼ਾਲਸਾ ਕਾਲਜ ਦੇ ਪੋਸਟ-ਗ੍ਰੈਜੂਏਟ ਡਿਪਾਰਟਮੈਂਟ ਆਫ਼ ਕਾਮਰਸ ਐਂਡ ਬਿਜ਼ਨਸ ਐਡਮਿਨਿਸਟ੍ਰੇਸ਼ਨ ਵੱਲੋਂ ਕਾਮਰਸ ਵਿਭਾਗ ਦੀ ਕੰਪਿਊਟਰ ਲੈਬ 'ਚ ਖਾਲਸਾ ਗਲੋਬਲ ਰੀਚ ਫਾਊਂਡੇਸ਼ਨ ਸਕਿੱਲ ਡਿਵੈਲਪਮੈਂਟ ਸੈਂਟਰ ਦੇ ਸਹਿਯੋਗ ਨਾਲ 'ਕਾਮਰਸ ਐਜੂਕੇਸ਼ਨ ਐਂਡ ਸਕਿੱਲ ਡਿਵੈਲਪਮੈਂਟ' ਵਿਸ਼ੇ 'ਤੇ ਵਰਕਸ਼ਾਪ ਦਾ ਆਯੋਜਨ ਕੀਤਾ।

ਇਹ ਵਰਕਸ਼ਾਪ ਕਾਲਜ ਪ੍ਰਿੰਸੀਪਲ ਅਤੇ ਵਰਕਸ਼ਾਪ ਚੇਅਰਮੈਨ ਡਾ. ਮਹਿਲ ਸਿੰਘ ਦੀ ਦੇਖ-ਰੇਖ ਹੇਠ ਵਰਕਸ਼ਾਪ ਡਾਇਰੈਕਟਰ ਡਾ. ਏ.ਕੇ. ਕਾਹਲੋਂ, ਵਰਕਸ਼ਾਪ ਕੋਆਰਡੀਨੇਟਰ ਡਾ. ਸਵਰਾਜ ਕੌਰ, ਵਰਕਸ਼ਾਪ ਕੋ-ਕੋਆਰਡੀਨੇਟਰ ਡਾ.ਦੀਪਕ ਦੇਵਗਨ ਦੁਆਰਾ ਵਿਉਂਤਬੱਧ ਢੰਗ ਨਾਲ ਚਲਾਈ ਗਈ ਸੀ। ਉਦਘਾਟਨੀ ਸੈਸ਼ਨ 'ਚ ਡਾ. ਸਵਰਾਜ ਕੌਰ ਨੇ ਵਰਕਸ਼ਾਪ ਦੇ ਵਿਸ਼ੇ 'ਤੇ ਚਾਨਣਾ ਪਾਉਂਦਿਆਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਹੁਨਰ ਵਿਕਾਸ ਨੌਜਵਾਨਾਂ ਲਈ ਰੁਜ਼ਗਾਰ ਯੋਗਤਾ ਨੂੰ ਵਧਾ ਸਕਦਾ ਹੈ ਅਤੇ ਦੇਸ਼ 'ਚ ਸਮਾਜਿਕ ਚੁਣੌਤੀਆਂ ਨੂੰ ਘੱਟ ਕਰ ਸਕਦਾ ਹੈ। ਇਸ ਮੌਕੇ ਡਾ. ਕਾਹਲੋਂ ਨੇ ਵਰਕਸ਼ਾਪ ਦੀ ਮਹੱਤਤਾ ਨੂੰ ਉਜਾਗਰ ਕਰਦਿਆਂ ਕਿਹਾ ਕਿ ਇਸ 3 ਦਿਨਾਂ ਵਰਕਸ਼ਾਪ ਦਾ ਉਦੇਸ਼ ਵਿਦਿਆਰਥੀਆਂ ਨੂੰ ਹੁਨਰ ਵਿਕਾਸ ਸਬੰਧੀ ਵਿਹਾਰਕ ਗਿਆਨ ਨਾਲ ਭਰਪੂਰ ਕਰਨਾ ਹੈ। ਇਸ ਮੌਕੇ ਡਾ. ਦੇਵਗਨ ਨੇ ਮੁੱਖ ਮਹਿਮਾਨ ਪ੍ਰਿੰ: ਡਾ. ਮਹਿਲ ਸਿੰਘ ਦਾ ਸਵਾਗਤ ਕੀਤਾ।

ਇਸ ਮੌਕੇ ਪ੍ਰਿੰ: ਡਾ. ਮਹਿਲ ਸਿੰਘ ਨੇ ਨੌਜਵਾਨਾਂ ਦੇ ਗਿਆਨ 'ਚ ਵਾਧਾ ਕਰਨ ਲਈ ਇਸ ਉਸਾਰੂ ਸਮਾਗਮ ਦੇ ਆਯੋਜਨ ਲਈ ਵਿਭਾਗ ਨੂੰ ਵਧਾਈ ਦਿੰਦਿਆਂ ਵਿਦਿਆਰਥੀਆਂ ਨੂੰ ਆਪਣੇ ਭਵਿੱਖ ਦੇ ਕੈਰੀਅਰ 'ਚ ਪ੍ਰਾਪਤ ਕੀਤੇ ਗਿਆਨ ਨੂੰ ਅੱਗੇ ਵਧਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਇਸ ਵਰਕਸ਼ਾਪ ਦਾ ਮੁੱਖ ਉਦੇਸ਼ ਨੌਜਵਾਨਾਂ 'ਚ ਹੁਨਰ ਦੇ ਪਾੜੇ ਦੀ ਪਛਾਣ ਕਰਕੇ ਅਤੇ ਉਨ੍ਹਾਂ ਨੂੰ ਹੁਨਰ ਸਿਖਲਾਈ ਅਤੇ ਰੁਜ਼ਗਾਰ ਦੇ ਲਾਭ ਪ੍ਰਦਾਨ ਕਰਨਾ ਹੈ। ਉਨ੍ਹਾਂ ਕਿਹਾ ਕਿ ਹੁਨਰ ਵਿਕਾਸ ਦਾ ਉਦੇਸ਼ ਨੌਜਵਾਨਾਂ ਦੀ ਕਾਬਲੀਅਤ ਨੂੰ ਪਛਾਨਣਾ ਅਤੇ ਉਨ੍ਹਾਂ ਨੂੰ ਸਹੀ ਮਾਰਗਦਰਸ਼ਨ, ਬੁਨਿਆਦੀ ਢਾਂਚੇ, ਮੌਕਿਆਂ ਅਤੇ ਉਤਸ਼ਾਹ ਨਾਲ ਸੇਵਾ ਕਰਕੇ ਉਨ੍ਹਾਂ ਦੇ ਮਨੋਬਲ ਨੂੰ ਵਧਾਉਣਾ ਹੈ ਜੋ ਉਨ੍ਹਾਂ ਦੀਆਂ ਇੱਛਾਵਾਂ ਨੂੰ ਪ੍ਰਾਪਤ ਕਰਨ 'ਚ ਮਦਦ ਕਰਦੇ ਹਨ। ਪ੍ਰਿੰ: ਡਾ. ਮਹਿਲ ਸਿੰਘ ਨੇ ਕਿਹਾ ਕਿ ਸਿੱਖਿਆ ਅਤੇ ਹੁਨਰ ਹਰ ਕਿਸੇ ਲਈ ਜ਼ਰੂਰੀ ਹਨ ਅਤੇ ਇਹ ਦੋਵੇਂ ਹਰ ਕਿਸੇ ਦੇ ਕੈਰੀਅਰ ਦੇ ਸਫ਼ਰ 'ਚ ਸਫ਼ਲ ਬਣਾਉਂਦੇ ਹਨ।

ਇਸ ਵਰਕਸ਼ਾਪ 'ਚ ਸ਼ੁਰੂਆਤੀ ਅਤੇ ਸਮਾਪਤੀ ਸੈਸ਼ਨ ਤੋਂ ਇਲਾਵਾ ਛੇ ਤਕਨੀਕੀ ਸੈਸ਼ਨ ਸ਼ਾਮਿਲ ਸਨ। ਪਹਿਲੇ ਤਕਨੀਕੀ ਸੈਸ਼ਨ ਦੀ ਰਿਸੋਰਸ ਪਰਸਨ, ਡਾ. ਸਵਰਾਜ ਕੌਰ ਨੇ 'ਤਣਾਅ ਪ੍ਰਬੰਧਨ ਅਤੇ ਬਡਿੰਗ ਐਗਜ਼ੀਕਿਊਟਿਵਜ਼' ਬਾਰੇ ਆਪਣੇ ਵਿਚਾਰ ਸਾਂਝੇ ਕੀਤੇ ਜਿਸ 'ਚ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਇਹ ਸਿੱਖਣ ਦੇ ਯੋਗ ਬਣਾਇਆ ਕਿ ਮੈਡੀਟੇਸ਼ਨ ਰਾਹੀਂ ਤਣਾਅ ਨੂੰ ਕਿਵੇਂ ਪ੍ਰਬੰਧਨ ਅਤੇ ਘੱਟ ਕਰਨਾ ਹੈ। ਦੂਜੇ ਤਕਨੀਕੀ ਸੈਸ਼ਨ 'ਚ ਰਿਸੋਰਸ ਪਰਸਨ ਡਾ. ਅਜੈ ਸਹਿਗਲ ਨੇ ਵਿਦਿਆਰਥੀਆਂ ਨੂੰ 'ਨਿਵੇਸ਼ ਯੋਜਨਾ ਅਤੇ ਆਨਲਾਈਨ ਵਪਾਰ' ਬਾਰੇ ਵਿਹਾਰਕ ਗਿਆਨ ਪ੍ਰਦਾਨ ਕੀਤਾ। ਰਿਸੋਰਸ ਪਰਸਨ ਵਜੋਂ ਡਾ. ਦੇਵਗਨ ਨੇ ਵਿਦਿਆਰਥੀਆਂ ਨੂੰ ਤੀਜੇ ਤਕਨੀਕੀ ਸੈਸ਼ਨ 'ਚ ਇੰਟਰਵਿਊ ਲਈ ਲੋੜੀਂਦੀ ਸਰੀਰਿਕ ਭਾਸ਼ਾ ਬਾਰੇ ਸਿਖਲਾਈ ਦਿੱਤੀ ਅਤੇ ਰਿਸੋਰਸ ਪਰਸਨ ਡਾ. ਰਛਪਾਲ ਸਿੰਘ ਨੇ ਚੌਥਾ ਤਕਨੀਕੀ ਸੈਸ਼ਨ ਲਿਆ ਅਤੇ 'ਆਟੋਮੇਸ਼ਨ ਇਨ ਆਫਿਸ ਮੈਨੇਜਮੈਂਟ ਐਂਡ ਐਕਸਪਲੋਰਿੰਗ ਐਮ. ਐਸ. ਆਫਿਸ' ਬਾਰੇ ਮਾਰਗਦਰਸ਼ਨ ਕੀਤਾ। ਰਿਸੋਰਸ ਪਰਸਨ ਡਾ. ਪੂਨਮ ਸ਼ਰਮਾ ਨੇ ਟੈਕਨੀਕਲ ਸੈਸ਼ਨ ਪੰਜਵੇਂ 'ਚ ਭਾਗ ਲਿਆ ਅਤੇ ਵਿਦਿਆਰਥੀਆਂ ਨੂੰ 'ਤਨਖਾਹ ਪ੍ਰਾਪਤ ਵਿਅਕਤੀ ਲਈ ਟੈਕਸ ਯੋਜਨਾ' ਦੇ ਗਿਆਨ ਤੋਂ ਜਾਣੂ ਕਰਵਾਇਆ। ਰਿਸੋਰਸ ਪਰਸਨ ਡਾ. ਕਾਹਲੋਂ ਨੇ ਤਕਨੀਕੀ ਸੈਸ਼ਨ 6ਵੇਂ ਦੀ ਅਗਵਾਈ ਕੀਤੀ ਅਤੇ 'ਇਕ ਸੁਰੱਖਿਅਤ ਕੰਮ ਵਾਲੀ ਥਾਂ ਔਰਤ ਦਾ ਕਾਨੂੰਨੀ ਅਧਿਕਾਰ ਹੈ' ਵਿਸ਼ੇ 'ਤੇ ਭਾਸ਼ਣ ਦਿੱਤਾ। ਵਰਕਸ਼ਾਪ 'ਚ ਵਿਭਾਗ ਦੇ ਲਗਭਗ 60 ਵਿਦਿਆਰਥੀਆਂ ਅਤੇ 20 ਫੈਕਲਟੀ ਮੈਂਬਰਾਂ ਨੇ ਹਿੱਸਾ ਲਿਆ।

ਇਸ ਵਰਕਸ਼ਾਪ ਦੇ ਸਮਾਪਤੀ ਸੈਸ਼ਨ 'ਚ ਰਜਿਸਟਰਾਰ ਪ੍ਰੋ: ਦਵਿੰਦਰ ਸਿੰਘ ਵਿਸ਼ੇਸ਼ ਮਹਿਮਾਨ ਸਨ। ਉਨ੍ਹਾਂ ਨੇ ਸਮਾਗਮ ਦੇ ਸਫਲਤਾ ਪੂਰਵਕ ਸੰਪੰਨ ਹੋਣ ਲਈ ਵਿਭਾਗ ਨੂੰ ਵਧਾਈ ਦਿੰਦਿਆਂ ਵਿਦਿਆਰਥੀਆਂ ਨੂੰ ਇਸ ਵਰਕਸ਼ਾਪ 'ਚ ਪ੍ਰਾਪਤ ਕੀਤੇ ਗਏ ਗਿਆਨ ਨੂੰ ਬਰਕਰਾਰ ਰੱਖਣ ਲਈ ਉਤਸ਼ਾਹਿਤ ਕੀਤਾ। ਜੋ ਉਨ੍ਹਾਂ ਨੂੰ ਜੀਵਨ 'ਚ ਸਦਾ ਲਈ ਲਾਭਕਾਰੀ ਸਾਬਿਤ ਹੋਵੇਗਾ। ਜਦ ਕਿ ਡਾ. ਦੇਵਗਨ ਨੇ ਸਮਾਗਮ ਦੀ ਸਫ਼ਲਤਾ ਲਈ ਧੰਨਵਾਦ ਦਾ ਮਤਾ ਪੇਸ਼ ਕੀਤਾ।

# ਨਗਰ ਸੁਧਾਰ ਟਰੱਸਟ ਦੇ ਦਫਤਰ ਸਾਹਮਣੇ ਧਰਨਾ 40 ਵੇਂ ਦਿਨ ਵੀ ਜਾਰੀ ਰਿਹਾ





**ਖਡੂਰ ਸਾਹਿਬ/ਜੱਜ ਕੰਡਾ**:- ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜੋਨ ਸ੍ਰੀ ਗੁਰੂ ਅੰਗਦ ਦੇਵ ਜੀ ਅਤੇ ਜੋਨ ਖਡੂਰ ਸਾਹਿਬ ਵੱਲੋ ਜੋਨ ਪ੍ਰਧਾਨ ਦਿਆਲ ਸਿੰਘ ਮੀਆਵਿੰਡ ਅਤੇ ਜੋਨ ਪ੍ਰਧਾਨ ਮੁਖਤਾਰ ਸਿੰਘ ਬਿਹਾਰੀਪੁਰ,ਨਵ ਨਿਯੁਕਤ ਜੋਨ ਪ੍ਰਧਾਨ ਬੀਬੀ ਜਸਬੀਰ ਕੌਰ ਕੋਟਲੀ ਦੀ ਅਗਵਾਈ ਹੇਠ ਕਿਸਾਨਾਂ ਅਤੇ ਮਜ਼ਦੂਰਾਂ ਦੇ ਵੱਖ-ਵੱਖ ਮਸਲਿਆਂ ਨੂੰ ਲੈ ਕੇ ਅੱਜ ਤਰਨਤਾਰਨ ਡੀ ਸੀ ਦਫਤਰ ਵਿਖੇ ਧਰਨੇ ਚ ਸ਼ਾਮਲ ਹੋਣ ਲਈ ਖਡੂਰ ਸਾਹਿਬ ਤੋ ਵੱਡੀ ਗਿਣਤੀ ਜਿਸ ਵੱਖ-ਵੱਖ ਪਿੰਡਾਂ ਤੋਂ ਕਿਸਾਨ, ਮਜਦੂਰ ਅਤੇ ਬੀਬੀਆਂ ਕਾਫਲੇ ਦੇ ਰੂਪ ਵਿੱਚ ਰਵਾਨਾ ਹੋਏ। ਇਸ ਮੌਕੇ ਸਤਨਾਮ ਸਿੰਘ ਖੋਜਕੀਪੁਰ, ਭਗਵਾਨ ਸਿੰਘ ਸੰਘਰ,ਪ੍ਰੈਸ ਸਕੱਤਰ ਹਰਜਿੰਦਰ ਸਿੰਘ ਘੱਗੇ,ਅਮਨਦੀਪ ਸਿੰਘ ਭਲੋਜਲਾ, ਸੁਖਚੈਨ ਸਿੰਘ ਅੱਲੋਵਾਲ, ਪਰਮਜੀਤ ਸਿੰਘ ਸੰਘਰ ਕਲਾਂ, ਗੁਰਵਿੰਦਰ ਸਿੰਘ ਕੋਟਲੀ, ਬਲਜੀਤ ਸਿੰਘ ਘੱਗੇ, ਲਵਜੀਤ ਸਿੰਘ ਖੋਜਕੀਪੁਰ, ਮਨਜੀਤ ਸਿੰਘ ਵੈਰੋਵਾਲ, ਸੁਖਦੇਵ ਸਿੰਘ ਬਿਹਾਰੀਪੁਰ ਪਾਖਰ ਸਿੰਘ ਲਾਲਪੁਰਾ, ਤਰਸੇਮ ਸਿੰਘ ਏਕਲਗੱਡਾ, ਨਵਤੇਜ ਸਿੰਘ ਸਮਰਾ,ਬੀਬੀ ਅਮਰਜੀਤ ਕੌਰ ਅੱਲੋਵਾਲ,ਰਵਿੰਦਰ ਕੌਰ ਅੱਲੋਵਾਲ, ਰਾਜਵਿੰਦਰ ਕੌਰ ਖੋਜਕੀਪੁਰ, ਰਾਜਵਿੰਦਰ ਕੌਰ ਮੀਆਵਿੰਡ, ਸਰਬਜੀਤ ਕੌਰ ਏਕਲਗੱਡਾ, ਸੰਦੀਪ ਕੌਰ ਏਕਲਗੱਡਾ, ਹਰਜਿੰਦਰ ਕੌਰ ਕੋਟਲੀ, ਦਲਬੀਰ ਕੌਰ ਕੋਟਲੀ ਇਸਤਰੀ ਆਗੂ ਵੀ ਹਾਜ਼ਰ ਸਨ।

# ਕੈਬਨਿਟ ਮੰਤਰੀ ਨੇ ਖੁਦ ਕੀਤੀ ਬੱਸ ਅੱਡੇ ਦੀ ਜਾਂਚ




**ਜੰਡਿਆਲਾ ਗੁਰੂ/ਜਸਪਾਲ ਸ਼ਰਮਾ**

ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਓ, ਜਿੰਨਾ ਵੱਲੋਂ ਬੀਤੇ ਦਿਨੀਂ ਜੰਡਿਆਲਾ ਗੁਰੂ ਦੇ ਅੱਡੇ ਉਤੇ ਬੱਸਾਂ ਨਾ ਰੁਕਣ ਕਾਰਨ ਅੱਡਾ ਇੰਚਾਰਜ ਦੀ ਡਿਊਟੀ ਲਗਵਾਈ ਗਈ ਸੀ, ਵੱਲੋਂ ਬੱਸ ਅੱਡੇ ਦੀ ਅਚਨਚੇਤ ਜਾਂਚ ਕੀਤੀ ਗਈ। ਇਸ ਦੌਰਾਨ ਉਨ੍ਹਾਂ ਵੇਖਿਆ ਕਿ ਬੱਚੇ ਅਤੇ ਮੁਲਾਜ਼ਮ ਅੱਡੇ ਉਤੇ ਬੱਸਾਂ ਉਡੀਕ ਰਹੇ ਹਨ, ਪਰ 2 ਬੱਸਾਂ ਅੱਡੇ ਉਤੇ ਨਾ ਆ ਕੇ ਪੁੱਲ ਦੇ ਉਪਰ ਦੀ ਲੰਘ ਗਈਆਂ, ਜਿਸਦਾ ਮੰਤਰੀ ਨੇ ਗੰਭੀਰ ਨੋਟਿਸ ਲਿਆ ਅਤੇ ਤਰੁੰਤ ਅੱਡੇ ਉਤੇ ਤਾਇਨਾਤ ਅੱਡਾ ਇੰਚਾਰਜ ਨੂੰ ਤਲਬ ਕਰਦੇ ਹੋਏ ਜਨਰਲ ਮੈਨੇਜਰ ਨੂੰ ਉਸਦੀ ਜਵਾਬ ਤਲਬੀ ਕਰਨ ਦੀ ਹਦਾਇਤ ਕੀਤੀ। ਇਸ ਤੋਂ ਇਲਾਵਾ ਉਨ੍ਹਾਂ ਬੱਸ ਅੱਡੇ ਦੇ ਆਲੇ ਦੁਆਲੇ ਦੀ ਸਫਾਈ ਨੂੰ ਲੈ ਕੇ ਸਬੰਧਤ ਸਫਾਈ ਇੰਸਪੈਕਟਰ ਨੂੰ ਹਦਾਇਤ ਕੀਤੀ ਕਿ ਜਨਤਕ ਥਾਵਾਂ ਦੀ ਸਫਾਈ ਨੂੰ ਤਰਜੀਹ ਦਿੱਤੀ ਜਾਵੇ ਅਤੇ ਸਵਾਰੀਆਂ ਦੇ ਬੈਠਣ ਲਈ ਬੈਂਚਾਂ ਦਾ ਪ੍ਰਬੰਧ ਕੀਤਾ ਜਾਵੇ।

ਉਨ੍ਹਾਂ ਇਸ ਮੌਕੇ ਸਵਾਰੀਆਂ ਨਾਲ ਵੀ ਗੱਲਬਾਤ ਕੀਤੀ ਅਤੇ ਭਰੋਸਾ ਦਿੱਤਾ ਕਿ ਤੁਹਾਡੀ ਹਰ ਸਹੂਲਤ ਦਾ ਧਿਆਨ ਰੱਖਿਆ ਜਾਵੇਗਾ ਅਤੇ ਉਹ ਬੱਸ ਅੱਡੇ ਉਤੇ ਲਗਾਤਾਰ ਨਜ਼ਰ ਰੱਖਣ ਲਈ ਭਵਿੱਖ ਵਿੱਚ ਵੀ ਜਾਂਚ ਕਰਦੇ ਰਹਿਣਗੇ।

# ਪੰਜਾਬ ਸਰਕਾਰ ਤੇ ਕਿਸਾਨ ਜਥੇਬੰਦੀਆਂ ਵਿਚਾਲੇ 10 ਮਈ ਨੂੰ ਹੋਵੇਗੀ ਅਹਿਮ ਮੀਟਿੰਗ, ਹੋਣਗੇ ਸਾਰੇ ਮਸਲੇ ਹੱਲ

**ਪਟਿਆਲਾ/ਇਕਬਾਲ ਸਿੰਘ**

ਪੰਜਾਬ ਵਿੱਚ ਬਿਜਲੀ ਕੱਟ ਦਾ ਵਿਰੋਧ ਕਰ ਰਹੇ ਕਿਸਾਨ ਆਗੂਆਂ ਨੂੰ ਸਰਕਾਰ ਨੇ 10 ਮਈ ਨੂੰ ਗੱਲਬਾਤ ਲਈ ਬੁਲਾਇਆ ਹੈ। ਸੰਯੁਕਤ ਕਿਸਾਨ ਮੋਰਚਾ ਦੇ ਸੀਨੀਅਰ ਮੈਂਬਰ ਹਰਿੰਦਰ ਲੱਖੋਵਾਲ ਨੇ ਦੱਸਿਆ ਕਿ ਸੂਬਾ ਸਰਕਾਰ ਨੇ 22 ਕਿਸਾਨ ਯੂਨੀਅਨਾਂ ਨੂੰ ਸੱਦਾ ਪੱਤਰ ਭੇਜੇ ਹਨ। ਮੀਟਿੰਗ ਵਿੱਚ ਘੱਟੋ-ਘੱਟ 22 ਯੂਨੀਅਨਾਂ ਦੇ ਨੁਮਾਇੰਦੇ ਸ਼ਾਮਲ ਹੋਣਗੇ। ਇਸ ਦੌਰਾਨ ਯੂਨੀਅਨਾਂ ਨੇ ਚੇਤਾਵਨੀ ਦਿੱਤੀ ਹੈ ਕਿ ਜੇਕਰ ਦੋ ਹਫ਼ਤਿਆਂ ਵਿੱਚ ਬਿਜਲੀ ਸੰਕਟ ਦਾ ਹੱਲ ਨਾ ਕੀਤਾ ਗਿਆ ਤਾਂ 17 ਮਈ ਨੂੰ ਸੂਬਾ ਹੈੱਡਕੁਆਰਟਰ ਚੰਡੀਗੜ੍ਹ ਵਿਖੇ ਸੂਬਾ ਸਰਕਾਰ ਖ਼ਿਲਾਫ਼ ਵਿਸ਼ਾਲ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ।ਬੀਕੇਯੂ (ਏਕਤਾ) ਦੇ ਜਨਰਲ ਸਕੱਤਰ ਸੁਖਦੇਵ ਸਿੰਘ ਕੋਕਰੀ ਨੇ ਕਿਹਾ ਕਿ ਯੂਨੀਅਨਾਂ ਖੇਤੀ ਸੈਕਟਰ ਨੂੰ 8 ਘੰਟੇ ਨਿਰਵਿਘਨ ਅਤੇ ਘਰੇਲੂ ਸੈਕਟਰ ਨੂੰ 24 ਘੰਟੇ ਨਿਰੰਤਰ ਬਿਜਲੀ ਸਪਲਾਈ ਦੇਣ ਦੀ ਮੰਗ ਕਰ ਰਹੀਆਂ ਹਨ। ਉਨ੍ਹਾਂ ਕਿਹਾ ਕਿ ਝੋਨੇ ਦੀ ਬਿਜਾਈ ਇੱਕ ਹਫ਼ਤੇ ਵਿੱਚ ਸ਼ੁਰੂ ਹੋਣ ਦੀ ਸੰਭਾਵਨਾ ਹੈ, ਜਦਕਿ ਮੱਕੀ, ਕਪਾਹ ਅਤੇ ਬਾਗਬਾਨੀ ਫ਼ਸਲਾਂ ਪਾਣੀ ਦੀ ਘਾਟ ਕਾਰਨ ਮਰ ਰਹੀਆਂ ਹਨ। ਘਰੇਲੂ ਖੇਤਰ ਵਿੱਚ ਬਿਜਲੀ ਦੇ ਅਣ-ਐਲਾਨੇ ਕੱਟਾਂ ਕਾਰਨ ਆਮ ਲੋਕ ਵੀ ਪ੍ਰੇਸ਼ਾਨ ਹਨ।

ਇੱਥੇ ਬਿਜਲੀ ਮੰਤਰੀ ਹਰਭਜਨ ਸਿੰਘ ਨੇ ਕਿਹਾ ਹੈ ਕਿ ਪੂਰਾ ਦੇਸ਼ ਕੋਲੇ ਦੇ ਸੰਕਟ ਨਾਲ ਜੂਝ ਰਿਹਾ ਹੈ, ਪਰ ਪੰਜਾਬ



ਬਾਕੀ ਸੂਬਿਆਂ ਨਾਲੋਂ ਬਿਹਤਰ ਸਥਿਤੀ ਵਿੱਚ ਹੈ। ਉਨ੍ਹਾਂ ਕਿਹਾ ਕਿ ਝਾਰਖੰਡ ਵਿੱਚ ਪਚਵਾੜਾ ਕੋਲਾ ਖਾਣਾਂ ਨੂੰ ਮੁੜ ਸੁਰਜੀਤ ਕਰਨ ਦੀਆਂ ਕੋਸ਼ਿਸ਼ਾਂ ਜਾਰੀ ਹਨ। ਖਾਨ ਤੋਂ ਕੋਲੇ ਦੀ ਸਪਲਾਈ ਜੂਨ ਦੇ ਅੰਤ ਤੱਕ ਸ਼ੁਰੂ ਹੋਣ ਦੀ ਉਮੀਦ ਹੈ। ਇਸ ਨਾਲ ਬਿਜਲੀ ਸੰਕਟ ਹੱਲ ਹੋ ਜਾਵੇਗਾ। ਮੀਟਿੰਗ ਵਿੱਚ ਕਿਸਾਨਾਂ ਦੀ ਨਵੇਂ ਟਿਊਬਵੈੱਲ ਕੁਨੈਕਸ਼ਨਾਂ ਦੀ ਮੰਗ ਵੀ ਵਿਚਾਰੇ ਜਾਣ ਦੀ ਸੰਭਾਵਨਾ ਹੈ। ਕਿਸਾਨਾਂ ਦਾ ਦਾਅਵਾ ਹੈ ਕਿ ਪਿਛਲੇ ਪੰਜ ਸਾਲਾਂ ਵਿੱਚ ਹਜ਼ਾਰਾਂ ਕਿਸਾਨਾਂ ਨੇ ਕੁਨੈਕਸ਼ਨ ਲਈ ਅਰਜ਼ੀਆਂ ਦਿੱਤੀਆਂ ਹਨ ਪਰ ਲੰਮਾ ਸਮਾਂ ਬੀਤ ਜਾਣ ਦੇ ਬਾਵਜੂਦ ਵੀ ਬਣਦੀ ਕਾਰਵਾਈ ਨਹੀਂ ਕੀਤੀ ਗਈ।

# ਮੈਡਮ ਸੁਹਿੰਦਰ ਕੌਰ ਨੇ ਡਾ. ਸਰਬਜੀਤ ਸਿੰਘ ਜੰਮੂ ਤੇ ਉਹਨਾਂ ਦੇ ਸਾਥੀਆਂ ਨੂੰ ਸਨਮਾਨਿਤ ਕੀਤਾ



**ਜੰਡਿਆਲਾ ਗੁਰੂ/ਜਸਪਾਲ ਸ਼ਰਮਾ**

ਆਮ ਆਦਮੀ ਪਾਰਟੀ ਪ੍ਰਤੀ ਨਿਭਾਈਆਂ ਗਈਆਂ ਵਧੀਆ ਸੇਵਾਵਾਂ ਨੂੰ ਮੁੱਖ ਰੱਖਦਿਆਂ ਤੇ ਪਾਰਟੀ ਲਈ ਦਿਨ ਰਾਤ ਇੱਕ ਕਰਨ ਵਾਲੇ ਡਾਕਟਰ ਸਰਬਜੀਤ ਸਿੰਘ ਜੰਮੂ ਨਵਾਂ ਪਿੰਡ ਤੇ ਉਹਨਾਂ ਦੇ ਸਾਥੀਆਂ ਨੂੰ ਨਵਾਂ ਪਿੰਡ ਵਿਖੇ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਦੀ ਧਰਮ ਪਤਨੀ ਮੈਡਮ ਸੁਹਿੰਦਰ ਕੌਰ ਨੇ ਸਨਮਾਨਿਤ ਕੀਤਾ । ਇਸ ਮੌਕੇ ਤੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੈਡਮ ਸੁਹਿੰਦਰ ਕੌਰ ਨੇ ਕਿਹਾ ਕਿ ਕਿਸੇ ਵੀ ਸਰਕਾਰੀ ਜਾਂ ਅਰਧ ਸਰਕਾਰੀ ਕੰਮ ਵਿਚ ਕਿਸੇ ਵੀ ਤਰ੍ਹਾਂ ਦੀ ਕੁਤਾਹੀ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਤੇ ਨਾਲ ਹੀ ਉਹਨਾਂ ਅਫ਼ਸਰਾਂ ਨੂੰ ਹਦਾਇਤ ਕੀਤੀ ਕਿ ਉਹ ਆਪਣੇ ਕੰਮ ਨੂੰ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਕਰਨ ਤਾਂ ਕਿਸੇ ਵੀ ਨਾਗਰਿਕ ਨੂੰ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ । ਇਸ ਮੌਕੇ ਤੇ ਡਾ. ਸਰਬਜੀਤ ਸਿੰਘ ਜੰਮੂ ਤੋਂ ਇਲਾਵਾ ਸਾਬਕਾ ਸਰਪੰਚ ਹਰਦੀਪ ਸਿੰਘ ਨਵਾਂ ਪਿੰਡ, ਐਨਆਰਆਈ ਕਰਨਬੀਰ ਸਿੰਘ ਕੁੱਕੂ, ਸੇਂਟ ਸੋਲਜਰ ਸੀਨੀਅਰ ਸਟੱਡੀ ਸਕੂਲ ਫਤਿਹਪੁਰ ਰਾਜਪੂਤਾਂ ਦੇ ਐਮਡੀ ਜਗਜੀਤ ਸਿੰਘ ਰੰਧਾਵਾ, ਮੈਡਮ ਰਾਜਵੰਤਪਾਲ ਕੌਰ ਰੰਧਾਵਾ, ਪ੍ਰਿੰਸ ਸੁਲਤਾਨਵਿੰਡ, ਐਡਵੋਕੇਟ ਲਵਦੀਪ ਸਿੰਘ, ਆਪ ਆਗੂ ਹਰਭਾਲ ਸਿੰਘ ਚੌਹਾਨ, ਦੀਪਕ ਚੌਹਾਨ, ਵਿਜੇ ਗਿੱਲ, ਸਤਿੰਦਰਜੀਤ ਸਿੰਘ ਵਸੀਕੇ ਵਾਲੇ , ਗੁਰਨਾਮ ਸਿੰਘ ਬੱਲਾ, ਜਗਦੀਸ਼ ਸਿੰਘ, ਸੁਰਜੀਤ ਸਿੰਘ ਕਾਲੀ, ਲਖਵਿੰਦਰ ਸਿੰਘ, ਮਨੀ, ਹੈਪੀ, ਪਵਨਦੀਪ ਕੌਰ, ਸੁਮਨਪ੍ਰੀਤ ਕੌਰ, ਵਰਿੰਦਰਜੀਤ ਸਿੰਘ ਢੋਟ ਮਾਲੋਵਾਲ ਆਦਿ ਨੇ ਵੀ ਡਾਕਟਰ ਸਰਬਜੀਤ ਸਿੰਘ ਜੰਮੂ ਤੇ ਉਹਨਾਂ ਦੇ ਸਾਥੀਆਂ ਦੀਆਂ ਪਾਰਟੀ ਪ੍ਰਤੀ ਨਿਭਾਈਆਂ ਗਈਆਂ ਸੇਵਾਵਾਂ ਦੀ ਤਰੀਫ਼ ਕੀਤੀ।

# ਮਨੁੱਖੀ ਸਿਹਤ ਲਈ ਬਹੁਤ ਹਾਨੀਕਾਰਨ ਹੈ ਤੰਬਾਕੂ ਦੀ ਵਰਤੋਂ - ਡਾ. ਸੁਖਦੀਪ ਸਿੰਘ

## ਸਿਗਰਟਨੋਸ਼ੀ ਫੇਫੜੇ, ਗਲੇ, ਪੇਟ, ਅਤੇ ਬਲੈਡਰ ਕੈਂਸਰ ਦਾ ਬਣਦੀ ਹੈ ਕਾਰਨ

ਬਟਾਲਾ/ਸੁਖਨਾਮ ਸਿੰਘ

ਤੰਬਾਕੂ ਦੀ ਵਰਤੋਂ ਮਨੁੱਖੀ ਸਿਹਤ ਲਈ ਬਹੁਤ ਹਾਨੀਕਾਰਕ ਹੈ ਅਤੇ ਤੰਬਾਕੂ ਦੀ ਵਰਤੋਂ ਨਾਲ ਮਨੁੱਖੀ ਸਿਹਤ ’ਚ ਅਨੇਕਾਂ ਤਰਾਂ ਦੇ ਵਿਗਾੜ ਆ ਜਾਂਦੇ ਹਨ। ਤੰਬਾਕੂ ਦੀ ਖ਼ਪਤ ਕਈ ਰੂਪਾਂ ਜਿਵੇਂ ਕਿ ਸਿਗਰਟ, ਬੀੜੀ, ਗੁਟਕਾ, ਹੁੱਕਾ ਅਤੇ ਹੋਰ ਕਈ ਪ੍ਰਕਾਰ ਵਿਚ ਕੀਤੀ ਜਾਂਦੀ ਹੈ। ਤੰਬਾਕੂ ਵਿੱਚ ਨਿਕੋਟੀਨ ਸ਼ਾਮਿਲ ਹੈ ਜੋ ਕਿ ਬਹੁਤ ਹੀ ਅਮਲ ਪਦਾਰਥ ਹੈ। ਨਿਕੋਟੀਨ ਦਾ ਲੰਮੇ ਸਮੇਂ ਤੱਕ ਪ੍ਰਯੋਗ ਤੁਹਾਡੇ ਦਿਲ, ਫੇਫੜੇ ਅਤੇ ਪੇਟ ਦੇ ਨਾਲ-ਨਾਲ ਦਿਮਾਗੀ ਪ੍ਰਣਾਲੀ ਨੂੰ ਨੁਕਸਾਨ ਪਹੁੰਚਾ ਸਕਦਾ ਹੈ। ਇਕ ਮਿਆਦ ਤੋਂ ਵੱਧ ਜਦੋਂ ਕੋਈ ਵਿਅਕਤੀ ਸਰੀਰਕ ਅਤੇ ਜਜ਼ਬਾਤੀ ਤੌਰ ’ਤੇ ਨਿਕੋਟੀਨ ਦਾ ਆਦੀ ਹੋ ਜਾਂਦਾ ਹੈ ਤਾਂ ਫਲਸਰੂਪ ਉਹ ਕਈ ਗੰਭੀਰ ਸਿਹਤ ਸੰਬੰਧੀ ਬਿਮਾਰੀਆਂ ਨਾਲ ਪੀੜ੍ਹਤ ਹੋ ਜਾਂਦਾ ਹੈ।

ਤੰਬਾਕੂ ਦੇ ਮਨੁੱਖੀ ਸਿਹਤ ’ਤੇ ਪ੍ਰਭਾਵਾਂ ਬਾਰੇ ਜਾਣਕਾਰੀ ਦਿੰਦਿਆਂ ਮਾਤਾ ਸੁਲੱਖਣੀ ਜੀ ਸਿਵਲ ਹਸਪਤਾਲ ਬਟਾਲਾ ਦੇ ਮਾਹਿਰ ਡਾਕਟਰ ਸੁਖਦੀਪ ਸਿੰਘ ਨੇ ਦੱਸਿਆ ਕਿ ਤੰਬਾਕੂ ਦੀ ਵਰਤੋਂ ਕਰਨ ਵਾਲੇ ਵਿਅਕਤੀ ਦੇ ਗਲੇ ਵਿਚ ਜਲਨ ਅਤੇ ਖੰਘ ਸ਼ੁਰੂ ਹੋ ਜਾਂਦੀ ਹੈ, ਸਾਹ ਵਿਚੋਂ ਬਦਬੂ ਅਤੇ ਕਪੜਿਆਂ ਵਿਚੋਂ ਬਦਬੂ ਆਉਣ ਲੱਗ ਪੈਂਦੀ ਹੈ, ਉਸਦੀ ਚਮੜੀ ਡੱਬ-ਖੜੱਬੀ ਹੋ ਜਾਂਦੀ ਹੈ ਅਤੇ ਦੰਦਾਂ ਦਾ ਰੰਗ ਖ਼ਰਾਬ ਹੋ ਜਾਂਦਾ ਹੈ।



ਤੰਬਾਕੂ ਦੀ ਵਰਤੋਂ ਨਾਲ ਸਿਹਤ ਸੰਬੰਧੀ ਗੰਭੀਰ ਸਮੱਸਿਆਵਾਂ ਪੈਦਾ ਹੋ ਜਾਂਦੀਆਂ ਹਨ ਜਿਨਾਂ ‘ਚ ਦਿਲ ਦੀ ਬਿਮਾਰੀ, ਸੋਜ਼ਸ਼, ਨਮੂਨੀਆ, ਸਟਰੋਕ ਤੋਂ ਇਲਾਵਾ ਟੀ.ਬੀ, ਮੂੰਹ ਦਾ ਕੈਂਸਰ, ਫੇਫੜੇ, ਗਲੇ, ਪੇਟ, ਅਤੇ ਬਲੈਡਰ ਦਾ ਕੈਂਸਰ ਹੋ ਸਕਦਾ ਹੈ। ਡਾ. ਸੁਖਦੀਪ ਸਿੰਘ ਨੇ ਦੱਸਿਆ ਕਿ ਜੇਕਰ ਕੋਈ ਵਿਅਕਤੀ ਸਿਗਰਟ ਨਹੀਂ ਵੀ ਪੀਂਦਾ ਪਰ ਉਹ ਸਿਗਰਟ ਪੀਣ ਵਾਲਿਆਂ ਦੇ ਸੰਪਰਕ ਵਿਚ ਰਹਿੰਦਾ ਹੈ ਤਾਂ ਇਸ ਨੂੰ ਪੈਸਿਵ ਸਮੋਕਿੰਗ ਕਹਿੰਦੇ ਹਨ। ਪੈਸਿਵ ਸਮੋਕਿੰਗ ਨਾਲ ਵੀ ਵਿਅਕਤੀ ਨੂੰ ਉਨੇ ਹੀ ਬੁਰੇ ਪ੍ਰਭਾਵ ਸਹਿਣੇ ਪੈਂਦੇ ਹਨ ਜਿਨੇ ਕਿ ਸਿਗਰਟ ਪੀਣ ਵਾਲੇ ਨੂੰ। ਇਸ ਲਈ ਇਹ ਸਰਗਰਮ ਤੌਰ ’ਤੇ ਸਿਗਰਟ-ਬੀੜੀ ਪੀਣ ਦੇ ਬਰਾਬਰ ਹੀ ਨੁਕਸਾਨਦੇਹ ਹੈ।

ਤੰਬਾਕੂ ਤੋਂ ਛੁਟਕਾਰਾ ਪਾਉਣ ਦੀ ਵਿਧੀ ਬਾਰੇ ਦੱਸਦਿਆਂ ਡਾ. ਸੁਖਦੀਪ ਸਿੰਘ ਨੇ ਕਿਹਾ ਕਿ ਇਲਾਜ ਦੇ ਨਾਲ ਤੰਬਾਕੂ ਦੇ ਸੇਵਨ ਨੂੰ ਛੱਡਿਆ ਜਾ ਸਕਦਾ ਹੈ। ਇਸ ਲਈ ਮਰੀਜ ਨਸ਼ਾ ਮੁਕਤੀ ਕੇਂਦਰ ’ਚ ਪਹੁੰਚ ਕਰ ਸਕਦੇ ਹਨ। ਨਿਕੋਟੀਨ ਬਹੁਤ ਜ਼ਿਆਦਾ ਤਾਕਤਵਰ ਅਮਲ ਡਰੱਗ ਹੈ, ਪਰ ਸਹੀ ਪਹੁੰਚ ਰਾਹੀਂ ਕੋਈ ਵੀ ਵਿਅਕਤੀ ਇਸ ਨੂੰ ਛੱਡ ਸਕਦਾ ਹੈ। ਇਸ ਆਦਤ ਨੂੰ ਛੱਡਣ ਲਈ ਬਹੁਤ ਜ਼ਿਆਦਾ ਧੀਰਜ ਅਤੇ ਆਤਮਕ ਸ਼ਕਤੀ ਦੀ ਲੋੜ ਹੁੰਦੀ ਹੈ। ਦ੍ਰਿੜ ਨਿਸ਼ਚੇ ਅਤੇ ਸਹੀ ਇਲਾਜ ਨਾਲ ਤੰਬਾਕੂ ਸੇਵਨ ਦੀ ਆਦਤ ਤੋਂ ਛੁਟਕਾਰਾ ਪਾਇਆ ਜਾ ਸਕਦਾ ਹੈ।

ਡਾ. ਸੁਖਦੀਪ ਸਿੰਘ ਨੇ ਕਿਹਾ ਕਿ ਤੰਬਾਕੂ ਨੂੰ ਹਮੇਸ਼ਾ ਲਈ ਛੱਡਣ ਵਾਸਤੇ ਸਕਾਰਾਤਮਕ ਪਹੁੰਚ ਹੋਣੀ ਚਾਹੀਦੀ ਹੈ। ਜੇਕਰ ਕੋਈ ਵਿਅਕਤੀ ਸਿਗਰਟ ਪੀਣਾ ਬੰਦ ਕਰਨਾ ਚਾਹੁੰਦਾ ਹੈ ਤਾਂ ਉਸ ਨੂੰ ਇਸ ਦੇ ਬਾਅਦ ਵਾਲੇ ਪ੍ਰਭਾਵ ਅਤੇ ਫਾਇਦੇ ਬਾਰੇ ਸੋਚਣਾ ਚਾਹੀਦਾ ਹੈ। ਇਸ ਤੋਂ ਇਲਾਵਾ ਕਸਰਤ ਨੂੰ ਆਪਣੀ ਰੋਜ਼ਾਨਾ ਜ਼ਿੰਦਗੀ ਵਿਚ ਸ਼ਾਮਿਲ ਕਰੋ। ਇਹ ਨਿਕੋਟੀਨ ਦੇ ਲਾਲਚ ਨੂੰ ਘਟਾਉਣ ਵਿੱਚ ਮਦਦ ਕਰਦਾ ਹੈ ਅਤੇ ਨਸ਼ਾ ਛੱਡਣ ਦੀ ਕਿਰਿਆ ਦੇ ਲੱਛਣਾਂ ਨੂੰ ਸੌਖਾ ਕਰਦਾ ਹੈ। ਤਣਾਅ ਤੋਂ ਬਚਣ ਲਈ ਯੋਗਾ ਅਤੇ ਚਿੰਤਨ ਦਾ ਅਭਿਆਸ ਕਰਨਾ ਵੀ ਲਾਭਕਾਰੀ ਹੁੰਦਾ ਹੈ।

# ਗੰਨੇ ਦੇ ਰਸ ਦਾ ਲੰਗਰ ਲਗਾਇਆ



## ਸਾਰੇ ਧਰਮਾਂ ਦੇ ਲੋਕਾ ਦਵਾਰਾ ਬੜੀ ਸ਼ਰਧਾ ਨਾਲ ਮਨਾਇਆ

ਜੰਡਿਆਲਾ ਗੁਰੂ/ਜਸਪਾਲ ਸ਼ਰਮਾ

ਅਕਸ਼ੇ ਤੇ ਜੰਡਿਆਲਾ ਗੁਰੂ ਸ਼੍ਰੀ ਭਗਵਾਨ ਆਦੀਨਾਥ ਜੈਨ ਮੰਦਿਰ ਵਿਖੇ ਗੰਨੇ ਦੇ ਰਸ ਦਾ ਲੰਗਰ ਲਗਾਇਆ ਗਿਆ।ਇਸ ਦਿਨ ਭਗਵਾਨ ਆਦਿਨਾਥ ਜੀ ਨੂੰ ਰਾਜਾ ਸ਼੍ਰਿਅੰਸ਼ ਨਾਥ ਨੇ ਆਹਾਰ ਕਰਾਨ ਲਈ ਦਾਨ ਦੇ ਰੂਪ ਵਿਚ ਗਨੇ ਦਾ ਰਸ ਦਿੱਤਾ ਇਸ ਦਿਨ ਤੋਂ ਦਾਨ ਦੇਣਾ ਸ਼ੁਰੂ ਹੋ ਗਿਆ।ਇਸ ਦਿਨ ਨੂੰ *ਜਾਂਦਾ ਹੈ ਕਿਉਂ ਕਿ ਇਸ ਦਿਨ ਸਤ ਯੁਗ ਅਤੇ ਤਰੇਤਾ ਯੁਗ ਦੀ ਸ਼ੁਰੂਆਤ ਹੋਈ ਸੀ ਅਤੇ ਇਸ ਦਿਨ ਨੂੰ ਭਗਵਾਨ ਵਿਸ਼ਨੂੰ ਦੇ ਨਰ ਨਰਾਅਨ ਅਤੇ ਭਗਵਾਨ ਪਰਸ਼ੂ ਰਾਮ ਜੀ ਦਾ ਅਵਤਾਰ ਹੋਇਆ ਸੀ ਅਤੇ ਇਸ ਦਿਨ ਮਾਤਾ ਗੰਗਾ ਜੀ ਸਵਰਗ ਤੋਂ ਧਰਤੀ ਤੇ ਆਏ ਸੀ ਇਸ ਦਿਨ ਮਾਂ ਅਨਪੁਰਨਾ ਜੀ ਦਾ ਜਨਮ ਦਿਨ ਮਨਾਇਆ ਜਾਂਦਾ ਹੈ ਇਸ ਦਿਨ ਸ਼੍ਰੀ ਭਗਵਾਨ ਆਦਿਨਾਥ ਜੀ ਜੈਨ ਮੰਦਿਰ ਵਿੱਚ ਜੈਨ ਭਗਤਾ ਵੱਲੋਂ ਪੂਜਾ ਕਰਵਾਈ ਗਈ ਤੇ ਆਈਆ ਹੋਈਆਂ ਸੰਗਤਾਂ ਨੂੰ ਗੰਨੇ ਦੇ ਰਸ ਦਾ ਲੰਗਰ ਵਰਤਾਇਆ ਗਿਆ।ਇਸ ਮੌਕੇ ਆਰ ਕੇ ਜੈਨ,ਗੁਲਸ਼ਨ ਜੈਨ,ਸਿਧਾਰਥ ਜੈਨ,ਸੈਫ਼ੀ ਜੈਨ,ਰਿੰਪੂ ਜੈਨ,ਪੱਪੂ ਜੈਨ,ਕਾਲਾ ਜੈਨ,ਸੰਦੀਪ ਜੈਨ,ਸ਼ੁਬਾਸ਼ ਜੈਨ,ਗੋਗੀ ਜੈਨ,ਅਨਿਲ ਜੈਨ,ਇੰਦਰਪਾਲ ਜੈਨ,ਡਾ.ਸ਼ੈਂਟੀ ਜੈਨ,ਗੌਰਵ ਜੈਨ,ਸਰਿਆਂਸ਼ ਜੈਨ ਤੋਂ ਇਲਾਵਾ ਹੋਰ ਕਈ ਭਗਤ ਸ਼ਾਮਿਲ ਹੋਏ।

# ਭਗਵੰਤ ਮਾਨ ਨੇ ਧਰਤੀ ਹੇਠਲੇ ਪਾਣੀ ਨੂੰ ਬਚਾਉਣ ਲਈ ਲੋਕਾਂ ਤੋਂ ਮੰਗਿਆ ਪੂਰਾ ਸਹਿਯੋਗ

ਲੁਧਿਆਣਾ/ਸੁਖਚੈਨ ਮਹਿਰਾ, ਵਰਿੰਦਰ ਪ੍ਰਕਾਸ਼ ਭਾਂਬਰੀ

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਅੱਜ ਕਿਸਾਨਾਂ ਨੂੰ ਰਵਾਇਤੀ ਫਸਲੀ ਚੱਕਰ ਤੋਂ ਛੁਟਕਾਰਾ ਪਾ ਕੇ ਘੱਟ ਸਮਾਂ ਅਤੇ ਪਾਣੀ ਲੈਣ ਵਾਲੀਆਂ ਬਦਲਵੀਆਂ ਫਸਲਾਂ ਨੂੰ ਅਪਣਾ ਕੇ ਪੰਜਾਬ ਦੀ ਹਵਾ, ਪਾਣੀ ਅਤੇ ਜ਼ਮੀਨ ਨੂੰ ਬਚਾਉਣ ਦਾ ਸੱਦਾ ਦਿੱਤਾ ਹੈ। ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਲੁਧਿਆਣਾ ਦੇ ਡਾ: ਮਨਮੋਹਨ ਸਿੰਘ ਆਡੀਟੋਰੀਅਮ ਵਿਖੇ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਦੇ 299ਵੇਂ ਜਨਮ ਦਿਵਸ ਮੌਕੇ ਕਰਵਾਏ ਗਏ ਰਾਜ ਪੱਧਰੀ ਸਮਾਗਮ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਉਹ ਕਿਸਾਨੀ ਨੂੰ ਬਚਾਉਣ ਲਈ ਖੇਤੀ ਮਾਹਿਰਾਂ ਨਾਲ ਲਗਾਤਾਰ ਵਿਚਾਰ-ਵਟਾਂਦਰਾ ਕਰ ਰਹੇ ਹਨ। ਪਿਛਲੇ ਕਈ ਦਿਨਾਂ ਤੋਂ ਧਰਤੀ ਹੇਠਲਾ ਪਾਣੀ ਕਿਉਂਕਿ ਇਹ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਲਈ ਚਿੰਤਾਜਨਕ ਸਮੱਸਿਆ ਤੋਂ ਇਲਾਵਾ ਸਾਡੇ ਸਾਰਿਆਂ ਦੇ ਸਾਹਮਣੇ ਸਭ ਤੋਂ ਮਹੱਤਵਪੂਰਨ ਮੁੱਦਾ ਹੈ। ਲੋਕਾਂ ਖਾਸਕਰ ਕਿਸਾਨਾਂ ਤੋਂ ਸਹਿਯੋਗ ਦੀ ਮੰਗ ਕਰਦਿਆਂ ਭਗਵੰਤ ਮਾਨ ਨੇ ਕਿਹਾ ਕਿ ਪੰਜਾਬ ਨੂੰ ਬਚਾਉਣ ਲਈ ਉਨ੍ਹਾਂ ਦੀ ਸਰਕਾਰ ਦੇ ਇਰਾਦੇ ਸਪੱਸ਼ਟ ਹਨ ਅਤੇ ਫਸਲੀ ਵਿਭਿੰਨਤਾ ਨੂੰ ਹੁਲਾਰਾ ਦੇਣ ਲਈ ਕਿਸਾਨਾਂ ਦੇ ਸਹਿਯੋਗ ਨਾਲ ਜਲਦੀ ਹੀ ਕਈ ਵੱਡੇ ਫੈਸਲੇ ਲਏ ਜਾਣਗੇ। ਉਨ੍ਹਾਂ ਇਹ ਵੀ ਕਿਹਾ ਕਿ ਸਰਕਾਰ ਫਸਲੀ ਵਿਭਿੰਨਤਾ ਨੂੰ ਅਪਣਾਉਣ ਵਾਲਿਆਂ ਦੀ ਹਰ ਸੰਭਵ ਮਦਦ ਕਰੇਗੀ। ਉਨ੍ਹਾਂ ਕਿਸਾਨਾਂ ਨੂੰ ਵੀ ਅਪੀਲ ਕੀਤੀ ਕਿ ਉਹ ਮੌਨਸੂਨ ਸੀਜ਼ਨ ਦੌਰਾਨ ਹੀ ਝੋਨੇ ਦੀ ਬਿਜਾਈ ਕਰਨ ਤਾਂ ਜੋ ਧਰਤੀ ਹੇਠਲੇ ਪਾਣੀ ਦੀ ਵੱਡੀ ਪੱਧਰ @ਤੇ ਬੱਚਤ ਕੀਤੀ ਜਾ ਸਕੇ। ਧਰਤੀ ਹੇਠਲੇ ਪਾਣੀ ਦੇ ਤੇਜ਼ੀ ਨਾਲ ਘਟਣ @ਤੇ ਡੂੰਘੀ ਚਿੰਤਾ ਜ਼ਾਹਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਆਉਣ ਵਾਲੀਆਂ ਪੀੜ੍ਹੀਆਂ ਲਈ ਇਸ ਕੀਮਤੀ ਕੁਦਰਤੀ ਸਰੋਤ ਨੂੰ ਬਚਾਉਣਾ ਸਾਡਾ ਸਮੂਹਿਕ ਫਰਜ਼ ਹੈ। ਭਗਵੰਤ ਮਾਨ ਨੇ ਕਿਹਾ ਕਿ ਪੰਜਾਬ ਭ੍ਰਿਸ਼ਟਾਚਾਰ ਅਤੇ ਮਾਫੀਆ ਦੀ ਮਾਰ ਹੇਠ ਹੈ ਜਿਸ ਦਾ ਜਲਦੀ ਹੀ ਖਾਤਮਾ ਹੋ ਜਾਵੇਗਾ। ਮੁੱਖ ਮੰਤਰੀ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਦੇ ਆਗੂ ਚੋਣਾਂ ਹਾਰਨ ਦੇ ਬਾਵਜੂਦ ਪਿਛਲੇ ਕਈ ਦਹਾਕਿਆਂ ਤੋਂ ਸਰਕਾਰੀ ਸਹੂਲਤਾਂ ਦਾ ਆਨੰਦ ਲੈਣ ਲਈ ਹੱਥਾਂ ਪੈਰਾਂ ਦੀ ਪੈ ਗਈ ਹੈ। ਉਨ੍ਹਾਂ ਕਿਹਾ ਕਿ ਅਜਿਹੇ ਆਗੂ ਅਜੇ ਵੀ




ਸਰਕਾਰੀ ਰਿਹਾਇਸ਼ ਸਮੇਤ ਸਰਕਾਰੀ ਸਹੂਲਤਾਂ ਛੱਡਣ ਲਈ ਤਿਆਰ ਨਹੀਂ ਹਨ ਪਰ ਉਨ੍ਹਾਂ ਦੀ ਸਰਕਾਰ ਵੱਲੋਂ ਲਏ ਜਾ ਰਹੇ ਸਖ਼ਤ ਫੈਸਲਿਆਂ ਕਾਰਨ ਅਜਿਹਾ ਹੁਣ ਨਹੀਂ ਹੋਵੇਗਾ। ਉਨ੍ਹਾਂ ਨੇ ਆਪਣੇ ਵਿਧਾਇਕਾਂ ਅਤੇ ਪਾਰਟੀ ਵਰਕਰਾਂ ਨੂੰ ਪੂਰੀ ਇਮਾਨਦਾਰੀ, ਇਮਾਨਦਾਰੀ ਅਤੇ ਲਗਨ ਨਾਲ ਕੰਮ ਕਰਨ ਅਤੇ ਲੋਕਾਂ ਦੇ ਹੱਕਾਂ ਦੀ ਰਾਖੀ ਲਈ ਸੱਚ ਦੇ ਨਾਲ ਖੜ੍ਹੇ ਹੋਣ ਦਾ ਸੱਦਾ ਵੀ ਦਿੱਤਾ। ਮੁੱਖ ਮੰਤਰੀ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਦੇ ਆਗੂ ਸੱਤਾ ਵਿੱਚ ਆਉਣ ਤੋਂ ਬਾਅਦ ਆਪਣੇ ਨਿੱਜੀ ਹਿੱਤਾਂ ਲਈ ਫੈਸਲੇ ਲੈਂਦੇ ਸਨ। ਪਰ ਹੁਣ ਉਨ੍ਹਾਂ ਦੀ ਸਰਕਾਰ ਨੂੰ ਸੱਤਾ ਵਿੱਚ ਆਏ ਸਿਰਫ਼ 50 ਦਿਨ ਹੀ ਹੋਏ ਹਨ, ਜਿਸ ਦੌਰਾਨ ਕਈ ਲੋਕ ਪੱਖੀ ਫੈਸਲੇ ਲਏ ਗਏ ਹਨ। ਉਨ੍ਹਾਂ ਕਿਹਾ ਕਿ ਪੁਰਾਣੇ ਆਗੂਆਂ ਵਿੱਚ ਇੱਛਾ ਸ਼ਕਤੀ ਦੀ ਘਾਟ ਕਾਰਨ ਸਾਡੇ ਨੌਜਵਾਨ ਸਰਕਾਰੀ ਨੌਕਰੀਆਂ ਤੋਂ ਵਾਂਝੇ ਰਹਿ ਗਏ ਹਨ ਪਰ ਉਨ੍ਹਾਂ ਦੀ ਸਰਕਾਰ ਨੇ 26 ਹਜ਼ਾਰ ਤੋਂ ਵੱਧ ਸਰਕਾਰੀ ਨੌਕਰੀਆਂ ਦੇ ਇਸ਼ਤਿਹਾਰ ਜਾਰੀ ਕੀਤੇ ਹਨ। ਇਸ ਦੇ ਨਾਲ ਹੀ ਉਨ੍ਹਾਂ ਭਰੋਸਾ ਦਿੱਤਾ ਕਿ ਆਉਣ ਵਾਲੇ ਦਿਨਾਂ ਵਿੱਚ ਸੂਬੇ ਦੀ ਭਲਾਈ ਲਈ ਹੋਰ ਵੀ ਕਈ ਵੱਡੇ ਫੈਸਲੇ ਲਏ ਜਾਣਗੇ। ਇਸ ਦੇ ਨਾਲ ਹੀ ਉਨ੍ਹਾਂ ਪੰਜਾਬ ਦੇ ਨੌਜਵਾਨਾਂ ਨੂੰ ਭਰੋਸਾ ਦਿੱਤਾ ਕਿ ਉਨ੍ਹਾਂ ਦੀ ਸਰਕਾਰ ਪੰਜਾਬ ਵਿੱਚ ਉਨ੍ਹਾਂ ਦੇ ਬਿਹਤਰ ਭਵਿੱਖ ਲਈ ਮੌਕੇ ਪੈਦਾ ਕਰੇਗੀ ਅਤੇ ਕਿਸੇ ਨੂੰ ਵੀ ਰੁਜ਼ਗਾਰ ਲਈ ਵਿਦੇਸ਼ ਨਹੀਂ ਜਾਣਾ ਪਵੇਗਾ। ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਨੂੰ ਉਨ੍ਹਾਂ ਦੇ ਜਨਮ ਦਿਹਾੜੇ @ਤੇ ਸ਼ਰਧਾਂਜਲੀ ਭੇਟ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਨੂੰ ਸਿੱਖ ਧਰਮ ਦੀ ਵਿਰਾਸਤ, ਬਹਾਦਰੀ ਅਤੇ ਦੱਬੇ ਕੁਚਲੇ ਲੋਕਾਂ ਲਈ ਲੜਨ ਦੀ ਭਾਵਨਾ ਵਿਰਸੇ @ਚ ਮਿਲੀ ਸੀ। ਉਨ੍ਹਾਂ ਅੱਗੇ ਕਿਹਾ ਕਿ ਅੱਜ ਦੀ ਤ੍ਰਾਸਦੀ ਇਹ ਹੈ ਕਿ ਪਿਛਲੇ ਕਈ ਦਹਾਕਿਆਂ ਤੋਂ ਸੱਤਾ @ਤੇ ਕਾਬਜ਼ ਸਾਡੇ ਆਪਣੇ ਹੀ ਲੋਕਾਂ ਵੱਲੋਂ ਸਾਡੇ @ਤੇ ਜ਼ੁਲਮ ਕੀਤੇ ਜਾ ਰਹੇ ਹਨ ਅਤੇ ਉਨ੍ਹਾਂ ਨੇ ਆਪਣੇ ਹੀ ਸੂਬੇ ਨੂੰ ਲੁੱਟਿਆ ਹੈ। ਉਨ੍ਹਾਂ ਇਹ ਵੀ ਕਿਹਾ ਕਿ ਲੋਕਾਂ ਨੇ ਉਨ੍ਹਾਂ ਨੂੰ ਸੱਤਾ ਸੌਂਪੀ ਹੈ, ਜਿਸ ਦੀ ਵਰਤੋਂ ਲੋਕਾਂ ਦੀ ਭਲਾਈ ਲਈ ਹੀ ਕੀਤੀ ਜਾਵੇਗੀ ਅਤੇ ਸੂਬੇ ਨੂੰ ਲੁੱਟਣ ਵਾਲਿਆਂ ਨੂੰ ਬਖਸ਼ਿਆ ਨਹੀਂ ਜਾਵੇਗਾ। ਰਾਮਗੜ੍ਹੀਆ ਭਾਈਚਾਰੇ ਨਾਲ ਸਬੰਧਤ ਪ੍ਰਮੁੱਖ ਸ਼ਖ਼ਸੀਅਤਾਂ ਪੰਜਾਬੀ ਲੋਕ ਗਾਇਕ ਸੁਰਿੰਦਰ ਸ਼ਿੰਦਾ, ਸਮਾਜ ਸੇਵੀ ਤੇ ? ?ਉਦਯੋਗਪਤੀ ਅਮਰੀਕ ਸਿੰਘ ਘੜਿਆਲ (ਪਿੰਡ ਰਕਬਾ), ਸਮਾਜ ਸੇਵੀ ਤੇ ? ?ਬਰਨਾਲਾ ਇੰਡਸਟਰੀਜ਼ ਦੇ ਮਾਲਕ ਕੁਲਵੰਤ ਸਿੰਘ ਲੋਟੇ, ਸਿੱਖਿਆ ਸ਼ਾਸਤਰੀ ਪ੍ਰਿੰਸੀਪਲ ਚਮਕੌਰ ਸਿੰਘ, ਉੱਘੇ ਵਿਦਵਾਨ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਡਾਇਰੈਕਟਰ ਸ. ਇਸ ਮੌਕੇ ਡਾ: ਅਨੁਰਾਗ ਸਿੰਘ ਅਤੇ ਨੌਜਵਾਨ ਉਦਯੋਗਪਤੀ ਸੰਦੀਪ ਕੌਰ ਰਿਆਤ ਨੂੰ ਸਨਮਾਨਿਤ ਕੀਤਾ ਗਿਆ।

ਇਸ ਤੋਂ ਪਹਿਲਾਂ ਵਿਧਾਇਕਾ ਸਰਵਜੀਤ ਕੌਰ ਮਾਣੂੰਕੇ, ਰਜਿੰਦਰਪਾਲ ਕੌਰ ਛੀਨਾ, ਤਰੁਨਪ੍ਰੀਤ ਸਿੰਘ ਸੌਂਧ, ਗੁਰਪ੍ਰੀਤ ਬੱਸੀ ਗੋਗੀ, ਸਿੱਖਿਆ ਸ਼ਾਸਤਰੀ ਡਾ: ਕੇ.ਐਨ.ਐਸ ਕੰਗ ਅਤੇ ਡਾ: ਅਨੁਰਾਗ ਸਿੰਘ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ ।

# ਡੇ ਵਨ ਦੇ ਨਵੀਨਤਮ ਪੌਪ ਟਰੈਕ 'ਦਿਲ ਨੇ' ਦੇ ਨਾਲ ਪਿਆਰ ਨੂੰ ਨਵੇਂ ਤਰੀਕੇ ਨਾਲ ਅਨੁਭਵ ਕਰੋ ਜਿਸਨੂੰ ਕਸ਼ਿਅਪ ਨੇ ਅਵਾਜ਼ ਦਿੱਤੀ ਹੈ

**ਚੰਡੀਗੜ੍ਹ/ਲੋਕ ਬਾਣੀ**

ਪਿਆਰ ਚ ਪੈਣਾ ਸਭ ਤੋਂ ਖ਼ੂਬਸੂਰਤ ਭਾਵਨਾਵਾਂ ਚੋਂ ਇੱਕ ਹੈ ਜਿਸਨੂੰ ਕੋਈ ਵੀ ਅਨੁਭਵ ਕਰ ਸਕਦਾ ਹੈ । ਇਸ ਪਿਆਰ ਦੀ ਭਾਵਨਾਂ ਦਾ ਨਵੇਂ ਤਰੀਕੇ ਨਾਲ ਇਜਹਾਰ ਕਰਦੇ ਹੋਏ, ਡੇ ਵਨ ਨੇ ਆਪਣਾ ਨਵਾਂ ਸਿੰਗਲ ਟਰੈਕ ਦਿਲ ਨੇ ਰਿਲੀਜ ਕੀਤਾ ਹੈ ਜਿਸਨੂੰ ਗੀਤਕਾਰ ਅਤੇ ਸੰਗੀਤਕਾਰ ਕਸ਼ਿਅਪ ਵੱਲੋਂ ਗਾਇਆ ਗਿਆ ਹੈ । ਕਸ਼ਿਅਪ ਦਾ ਇਹ ਸਿੰਗਲ ਟਰੈਕ ਬਹੁਤ ਜੋਸ਼ੀਲਾ ਹੈ ਮਜੇਦਾਰ ਹੈ ਅਤੇ ਤੁਹਾਨੂੰ ਇਸ ਤਰ੍ਹਾਂ ਨਾਲ ਪਿਆਰ ਦਾ ਅਹਿਸਾਸ ਕਰਵਾਉਂਦਾ ਹੈ ਕਿ ਤੁਹਾਡਾ ਦਿਲ ਤੇਜੀ ਨਾਲ ਧਕੜਣ ਲੱਗਦਾ ਹੈ, ਤੁਸੀਂ ਪਹਿਲਾਂ ਨਾਲੋਂ ਜਿਆਦਾ ਮੁਸਕੁਰਾਉਂਦੇ ਹੋ ਅਤੇ ਉਨ੍ਹਾਂ ਦੇ ਖਿਆਲਾਂ @ਚ ਗੁਆਚ ਜਾਂਦੇ ਹੋ ਠੀਕ ਉਸੇ ਤਰ੍ਹਾਂ ਜਿਵੇਂ ਤੁਹਾਨੂੰ ਇਹ ਪਿਆਰ ਪਹਿਲੀ ਵਾਰ ਹੋਇਆ ਸੀ ਅਤੇ ਜਦੋਂ ਤੁਸੀਂ ਆਪਣੇ ਜੀਵਨਸਾਥੀ ਨਾਲ ਮਿਲੇ ਸੀ ।

ਦਿਲ ਨੇ ਗੀਤ ਪੌਪ, ਬਾਲੀਵੁੱਡ ਅਤੇ ਆਰਐਨਬੀ ਸ਼ੈਲੀਆਂ ਦਾ ਇੱਕ ਸ਼ਾਨਦਾਰ ਅਤੇ ਅਨੌਖਾ ਫਿਊਜਨ ਹੈ ਜਿਸਦੀ ਊਰਜਾ ਤੁਹਾਡੇ ਚਿਹਰੇ ਤੇ ਮੁਸਕੁਰਾਹਟ ਲਿਆਵੇਗੀ ਅਤੇ ਤੁਹਾਨੂੰ ਦੀਵਾਨਾਂ ਬਣਾ ਦੇਵੇਗੀ । ਗੀਤ ਕਸ਼ਿਅਪ ਵੱਲੋਂ ਲਿਖਿਆ ਅਤੇ ਸੰਗੀਤਬੱਧ ਕੀਤਾ ਗਿਆ ਹੈ । ਕਸ਼ਿਅਪ ਇੱਕ ਮਲਟੀ ਟੈਲੇਂਟਡ ਕਲਾਕਾਰ ਹਨ ਜਿਨ੍ਹਾਂ ਨੇ ਇਸ ਸੰਗੀਤ ਵੀਡਿਓ @ਚ ਵੀ ਕੰਮ ਕੀਤਾ ਹੈ । ਸਕ੍ਰੀਨ @ਤੇ ਉਨ੍ਹਾਂ ਦਾ ਕੰਮ ਬਹੁਤ ਸ਼ਲਾਘਾਯੋਗ ਹੈ । ਇਹ ਇੱਕ ਸੰਗੀਤਕਾਰ (ਕਸ਼ਿਅਪ) ਅਤੇ ਇੱਕ ਮੇਕਅਪ ਆਰਟਿਸਟ ਦੀ ਕਹਾਣੀ ਹੈ, ਜਿਹੜੇ ਪਹਿਲੀ ਵਾਰ ਸੈੱਟ @ਤੇ ਇੱਕ ਦੂਜੇ ਨਾਲ ਮਿਲਦੇ ਹਨ ਅਤੇ ਅੱਗੇ ਚੱਲ ਕੇ ਇੱਕ ਦੂਜੇ ਦੇ ਪਿਆਰ @ਚ ਪੈ ਜਾਂਦੇ ਹਨ । ਇਹ ਗੀਤ ਹਿੰਦੀ ਅਤੇ ਅੰਗਰੇਜੀ ਦੇ ਬੋਲਾਂ ਦਾ ਮਿਸ਼ਰਣ ਹੈ ਅਤੇ 2010 ਦੇ ਡਾਂਸ ਨਾਸਟੇਲਿਜੀਆ ਨੂੰ 2022 ਦੇ ਸ਼ਾਨਦਾਰ ਪੌਪ ਸਾਊਂਡਾਂ ਦੇ ਨਾਲ ਪੇਸ਼ ਕਰਦਾ ਹੈ ।




21 ਸਲਾ ਨੌਜਵਾਨ ਅਤੇ ਹੋਣਹਾਰ ਕਸ਼ਿਅਪ ਆਪਣੇ ਕੰਮ ਨਾਲ ਦੇਸ਼ ਭਰ ਦੇ ਅਣਗਿਣਤ ਨੌਜਵਾਨ ਸੰਗੀਤਕਾਰਾਂ ਨੂੰ ਪ੍ਰੇਰਿਤ ਕਰ ਰਹੇ ਹਨ । ਉਨ੍ਹਾਂ ਨੇ ਹਾਲ ਹੀ @ਚ ਸਿੰਗਲ @ਸਟਾਰਟ ਦਿ ਮਸ਼ੀਨ@ ਨਾਲ ਹਾਲੀਵੁੱਡ @ਚ ਡੈਬਯੂ ਕੀਤਾ ਹੈ, ਜਿਸ ਨੂੰ ਮਾਰਬਲ ਦੀ ਸੁਪਰ ਹਿੱਟ ਫਿਲਮ ਸਪਾਈਡਰ-ਮੈਨ ਨੋ ਵੇ ਹੋਮ @ਚ ਦਿਖਾਇਆ ਗਿਆ ਹੈ । ਉਨ੍ਹਾਂ ਦਾ ਪਹਿਲਾ ਡੈਬਯੂ ਸਿੰਗਲ ਖੋਯਾ ਸਾ ਨੇ ਵੀ ਸਪਾਟੀਫਾਈ ਇੰਡੀਆ ਵਾਯਰਲ ਚਾਰਟਸ ਵਿਚ ਟਾਪ ਸਥਾਨ ਹਾਸਲ ਕੀਤਾ ਸੀ । ਗੀਤ ਦੇ ਬਾਰੇ ਚ ਗੱਲਬਾਤ ਕਰਦੇ ਹੋਏ ਕਸ਼ਿਅਪ ਨੇ ਕਿਹਾ ਦਿਲ ਨੇ ਵਿਚ ਕੰਮ ਕਰਕੇ ਮੈਨੂੰ ਬਹੁਤ ਵਧੀਆ ਲੱਗਿਆ । ਡੇ ਵਨ ਨੇ ਮੈਨੂੰ ਇੱਕ ਵੱਡਾ ਸਮਰਥਨ ਦਿੱਤਾ । ਸਾਡੇ ਕੋਲ ਅਸਲ ਵਿਚ ਰਿਲੀਜ ਦੇ ਲਈ ਇੱਕ ਹੋਰ ਟਰੈਕ ਸੀ, ਪਰ ਇਹ ਉਹ ਗੀਤ ਨਹੀਂ ਸੀ ਜਿਸਨੂੰ ਮੈਂ ਇਸ ਸਮੇਂ ਆਪਣੇ ਦਿਲ ਤੋਂ ਮਹਿਸੂਸ ਕਰ ਰਿਹਾ ਸੀ, ਇਸ ਲਈ ਮੈਂ ਦੋ ਦਿਨਾਂ @ਚ @ਦਿਲ ਨੇ@ ਲਿਖਿਆ ਅਤੇ ਇਸਨੂੰ ਸੰਗੀਤਬੱਧ ਕੀਤਾ । ਦਿਲ ਬਿਲਕੁਲ ਉਹੇ ਜਿਹਾ ਗੀਤ ਸੀ ਜਿਹੋ ਜਿਹਾ ਮੈਂ ਆਪਣੇ ਦੂਜੇ ਸਿੰਗਲ ਦੇ ਰੂਪ @ਚ ਚਾਹੁੰਦਾ ਸੀ, ਮਤਲਬ ਸ਼ਾਨਦਾਰ, ਆਨੰਦਮਈ ਅਤੇ ਊਰਜਾਵਾਨ ।ਇਸ ਗੀਤ ਨੂੰ ਬਣਾਉਣ ਦੇ ਦੌਰਾਨ ਕਈ ਤਰ੍ਹਾਂ ਦੀਆਂ ਸਮੱਸਿਆਵਾਂ ਦਾ ਸਾਹਮਣਾ ਕਰਨਾ ਪਿਆ ਪਰ ਹੁਣ ਜਦੋਂ ਇਹ ਗੀਤ ਸਾਰਿਆਂ ਦੇ ਸਾਹਮਣੇ ਆਇਆ ਹੈ ਤਾਂ ਬਹੁਤ ਵਧੀਆ ਮਹਿਸੂਸ ਹੋ ਰਿਹਾ ਹੈ । ਮੈਂ ਸਚਮੁਚ ਆਸ ਕਰਦਾ ਹਾਂ ਕਿ ਹਰ ਕੋਈ ਗੀਤ ਨੂੰ ਸੁਣਨ ਦਾ ਆਨੰਦ ਮਾਣੇਗਾ ਤੇ ਪਿਆਰ ਨੂੰ ਫਿਰ ਤੋਂ ਮਹਿਸੂਸ ਕਰੇਗਾ । ਇਹ ਗੀਤ ਦਿਲ ਤੋਂ ਨਿਕਲਿਆ ਹੈ ਅਤੇ ਇੱਥੇ ਆਸ ਹੈ ਕਿ ਇਹ ਜਿਆਦਾ ਤੋਂ ਜਿਆਦਾ ਲੋਕਾਂ ਦੇ ਦਿਲਾਂ ਨੂੰ ਛੂਹੇਗਾ ।

# ਅਨਮੋਲ ਰਿਸ਼ਤਿਆਂ ਦੀ ਪੈਸੇ ਨਾਲ ਨਹੀਂ ਕੀਤੀ ਜਾ ਸਕਦੀ ਤੁਲਨਾ



**ਮੋਗਾ/ਫਤਿਹਗੜ੍ਹ/ਪੰਜਤੂਰ ਦਵਿੰਦਰ ਸਿੰਘ/ਬਿੱਟੂ ਸਹੋਤਾ**

ਕਸਬੇ ਦੀ ਨਾਮਵਰ ਵਿੱਦਿਅਕ ਸੰਸਥਾ ਦਿੱਲੀ ਕਾਨਵੈਂਟ ਸਕੂਲ ਮੁੰਡੀ ਜਮਾਲ ਵਿਖੇ ਨੌਵੀਂ ਜਮਾਤ ਦੇ ਵਿਦਿਆਰਥੀਆਂ ਵੱਲੋਂ ਸੁਹਾਗ ਇਕਾਂਗੀ ਤੇ ਇਕ ਸ਼ਾਨਦਾਰ ਨਾਟਕ ਪੇਸ਼ ਕੀਤਾ ਗਿਆ ਇਸ ਨਾਟਕ ਦੀ ਤਿਆਰੀ ਸਕੂਲ ਦੇ ਪ੍ਰਿੰਸੀਪਲ ਵਿਪਨ ਕੁਮਾਰ ਜਸਵਾਲ ਜੀ ਦੀ ਅਗਵਾਈ ਹੇਠ ਤੇ ਪੰਜਾਬੀ ਦੇ ਅਧਿਆਪਕ ਗੁਰਅਵਤਾਰ ਸਿੰਘ ਵੱਲੋਂ ਕਰਵਾਈ ਗਈ ਇਸ ਇਕਾਂਗੀ ਨਾਟਕ ਵਿੱਚ ਇਹ ਸੰਦੇਸ਼ ਦਿੱਤਾ ਗਿਆ ਕਿ ਇਕ ਕਲਯੁੱਗੀ ਪਿਤਾ ਵੱਲੋ ਆਪਣੇ ਸੁਆਰਥ ਲਈ ਪੈਸਿਆਂ ਖਾਤਰ ਆਪਣੀ ਧੀ ਦਾ ਵਿਆਹ ਇੱਕ ਬੁੱਢੇ ਵਿਅਕਤੀ ਨਾਲ ਕਰ ਦਿੰਦਾ ਹੈ ਇਕਾਂਗੀ ਵਿੱਚ ਇਹ ਸੰਦੇਸ਼ ਦਿੱਤਾ ਗਿਆ ਜੋ ਕਿ ਕਾਨੂੰਨ ਅਤੇ ਮਨੁੱਖਤਾ ਲਈ ਬੜੀ ਸ਼ਰਮ ਦੀ ਗੱਲ ਹੈ ਕਿ ਸਾਨੂੰ ਪੈਸਿਆਂ ਦੀ ਖਾਤਰ ਆਪਣੇ ਅਨਮੋਲ ਰਿਸ਼ਤਿਆਂ ਦਾ ਸੌਦਾ ਨਹੀਂ ਕਰਨਾ ਚਾਹੀਦਾ ਅਤੇ ਔਰਤਾਂ ਨੂੰ ਉਨ੍ਹਾਂ ਦਾ ਬਣਦਾ ਪੂਰਾ ਹੱਕ ਅਤੇ ਸਤਿਕਾਰ ਦੇਣਾ ਚਾਹੀਦਾ ਹੈ ਅਤੇ ਜੀਵਨ ਵਿੱਚ ਉਨ੍ਹਾਂ ਨੂੰ ਅੱਗੇ ਵੱਧਣ ਦੇ ਭਰਪੂਰ ਮੌਕੇ ਦੇਣੇ ਚਾਹੀਦੇ ਹਨ ਇਸ ਨਾਟਕ ਦੀ ਪੇਸ਼ਕਾਰੀ ਦੌਰਾਨ ਸਕੂਲ ਵਿਚ ਪ੍ਰਿੰਸੀਪਲ ਸਕੂਲ ਮੈਨੇਜਮੈਂਟ ਅਤੇ ਸਕੂਲ ਦਾ ਸਮੂਹ ਸਟਾਫ ਅਤੇ ਬੱਚੇ ਆਦਿ ਹਾਜ਼ਰ ਸਨ ।

# ਪੰਜਾਬ ਸਰਕਾਰ ਵੱਲੋਂ ਮਾਈਕ੍ਰੋਸਾਫਟ ਰਾਹੀਂ ਮਹਿਲਾਵਾਂ ਲਈ ਕਰਵਾਇਆ ਜਾਵੇਗਾ ਮੁ਼ਫਤ ਸਰਟੀਫਿਕੇਟ ਕੌਰਸ

**ਲੁਧਿਆਣਾ/ਸੁਖਚੈਨ ਮਹਿਰਾ, ਵਰਿੰਦਰ ਪ੍ਰਕਾਸ਼ ਭਾਂਬਰੀ:** - ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਸ੍ਰੀ ਅਮਿਤ ਕੁਮਾਰ ਪੰਚਾਲ ਵੱਲੋਂ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਕਿ ਮਾਈਕਰੋਸੌਫਟ ਅਤੇ ਪੀ.ਐਸ.ਡੀ.ਐਮ. ਨੇ ਪੰਜਾਬ ਵਿੱਚ ਦੱਸ ਹਜ਼ਾਰ ਤੋਂ ਵੱਧ ਮਹਿਲਾਵਾਂ ਦੇ ਸਸ਼ਕਤੀਕਰਨ ਲਈ ਅਤੇ ਨੌਕਰੀ ਲੈਣ ਦੇ ਕਾਬਲ ਬਣਾਉਣ ਲਈ ਸਾਂਝੇਦਾਰੀ ਕੀਤੀ ਹੈ। ਜ਼ਿਕਰਯੋਗ ਹੈ ਕਿ ਸੂਬੇ ਵਿੱਚ ਬੇਰੁਜ਼ਗਾਰੀ ਨੂੰ ਘਟਾਉਣ ਲਈ ਪੰਜਾਬ ਹੁਨਰ ਵਿਕਾਸ ਮਿਸ਼ਨ ਵੱਲੋਂ ਗਰੀਬ ਬੇਰੋਜ਼ਗਾਰ ਨੌਜਵਾਨ ਲੜਕੇ ਲੜਕੀਆਂ ਲਈ ਮੁ਼ਫਤ ਕਿੱਤਾਮੁਖੀ ਕੋਰਸ ਕਰਵਾਏ ਜਾਂਦੇ ਹਨ। ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਲੜੀ ਦੇ ਤਹਿਤ ਪੰਜਾਬ ਹੁਨਰ ਵਿਕਾਸ ਮਿਸ਼ਨ ਵੱਲੋਂ ਜ਼ਿਲ੍ਹਾ ਲੁਧਿਆਣਾ ਦੀਆਂ ਮਹਿਲਾਵਾਂ ਦਾ ਜੀਵਨ ਪੱਧਰ ਉੱਚਾ ਚੁੱਕਣ ਲਈ 70 ਘੰਟੇ ਦਾ ਆਨਲਾਈਨ ਕੋਰਸ ਕਰਵਾਇਆ ਜਾਵੇਗਾ. ਉਨ੍ਹਾ ਦੱਸਿਆ ਕਿ ਇਹ ਕੋਰਸ ਚਾਰ ਖੇਤਰਾਂ ਵਿੱਚ ਫੋਕਸ ਕਰੇਗਾ ਜਿਸ ਵਿੱਚ ਪਹਿਲਾ ਡਿਜੀਟਲ ਉਤਪਾਦਕਾਂ, ਦੂਸਰਾ ਅੰਗਰੇਜ਼ੀ, ਤੀਸਰਾ ਰੁਜ਼ਗਾਰ ਯੋਗਤਾ ਅਤੇ ਚੌਥਾ ਉਦੱਮਤਾ ਸ਼ਾਮਲ ਹਨ।ਉਨ੍ਹਾ ਦੱਸਿਆ ਕਿ ਇਸ ਕੋਰਸ ਲਈ ਲੜਕੀਆ/ਮਹਿਲਾਵਾਂ ਅਤੇ ਦਿਵਿਆਂਗਜਨ ਦੀ ਉਮਰ 18 ਤੋਂ 30 ਸਾਲ ਅਤੇ ਵਿਦਿਅਕ ਯੋਗਤਾ ਘੱਟੋ ਘੱਟ ਅੱਠਵੀਂ ਪਾਸ ਹੋਣੀ ਚਾਹੀਦੀ ਹੈ. ਯੋਗ ਅਤੇ ਚਾਹਵਾਨ ਸਿਖਿਆਰਥੀ ਰਜਿਸਟ੍ਰੇਸ਼ਨ ਕਰਵਾਉਣ ਲਈ ਵਿਭਾਗ ਦੇ ਲਿੰਕ https://rebrand.ly/pjbyB @ਤੇ ਆਪਣੀ ਜਾਣਕਾਰੀ ਸਾਂਝੀ ਕਰ ਸਕਦੇ ਹਨ।

# ਪਿੰਡ ਕੰਨੀਆਂ ਖ਼ਾਸ ਦੇ ਗੁਰਸਿੱਖ ਨੌਜਵਾਨ ਗੁਰਜਿੰਦਰ ਸਿੰਘ ਦੀ ਸੜਕ ਦੁਰਘਟਨਾ ਵਿੱਚ ਮੌਤ

**ਮੋਗਾ/ਧਰਮਕੋਟ/ਦਵਿੰਦਰ ਸਿੰਘ/ਬਿੱਟੂ**

ਪ੍ਰਾਪਤ ਜਾਣਕਾਰੀ ਅਨੁਸਾਰ ਪਿੰਡ ਕੰਨੀਆਂ ਖਾਸ ਹਲਕਾ ਧਰਮਕੋਟ ਜ਼ਿਲ੍ਹਾ ਮੋਗਾ ਦੇ ਗੁਰਸਿੱਖ ਨੌਜਵਾਨ ਗੁਰਜਿੰਦਰ ਸਿੰਘ (32 ਸਾਲ) ਜੱਟ ਸਿੱਖ ਪੁੱਤਰ ਸੁਖਦੇਵ ਸਿੰਘ ਜੋ ਕੇ ਆਪਣੇ ਮੋਟਰਸਾਈਕਲ ਤੇ ਧਰਮਕੋਟ ਵੱਲੋਂ ਆਪਣੇ ਘਰ ਜਾ ਰਿਹਾ ਸੀ ਤਾਂ ਜਦ ਪਿੰਡ ਬਾਜੇ ਕੇ ਕੋਲ ਪਹੁੰਚਿਆ ਤਾਂ ਅਚਾਨਕ ਸੜਕ ਕਿਨਾਰੇ ਖੜਾ ਕਿੱਕਰ ਦਾ ਦਰੱਖਤ ਉਸ ਉੱਪਰ ਡਿੱਗ ਜਾਣ ਨਾਲ ਗੁਰਜਿੰਦਰ ਸਿੰਘ ਦੀ ਮੌਕੇ ਤੇ ਹੀ ਮੌਤ ਹੋ ਗਈ,ਇਹ ਗੁਰਸਿੱਖ ਨੌਜਵਾਨ ਗੁਰਜਿੰਦਰ ਸਿੰਘ ਗੁਰੂ ਘਰ ਵਿਚ ਗ੍ਰੰਥੀ ਸੀ, ਇਸ ਨੌਜਵਾਨ ਦੀ ਮੌਤ ਤੇ ਭਾਰਤੀ ਕਿਸਾਨ ਯੂਨੀਅਨ ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਸੁੱਖ ਗਿੱਲ ਤੋਤਾ ਸਿੰਘ ਵਾਲਾ ਅਤੇ ਸਮੁੱਚੀ ਜਥੇਬੰਦੀ ਵੱਲੋਂ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ਅਤੇ ਸਰਕਾਰ ਤੋਂ ਮੰਗ ਕੀਤੀ ਗਈ ਕੇ ਸੜਕ ਦੁਰਘਟਨਾ ਵਿਚ ਇਸ ਨੌਜਵਾਨ ਦੀ ਹੋਈ ਮੌਤ ਦਾ ਪਰਿਵਾਰ ਨੂੰ ਮੁਆਵਜ਼ਾ ਦਿੱਤਾ ਜਾਵੇ,ਕਿਉਂਕਿ ਇਹ ਨੌਜਵਾਨ ਦੋ ਧੀਆਂ ਤੇ ਇਕ ਪੁੱਤਰ ਦਾ ਬਾਪ ਸੀ,ਇਸ ਕਰਕੇ ਬੱਚਿਆਂ ਦੀ ਪੜ੍ਹਾਈ ਅਤੇ ਪਰਿਵਾਰ ਦਾ ਪਾਲਣ ਪੋਸ਼ਣ ਕਰਨ ਲਈ ਪਰਿਵਾਰ ਨੂੰ ਵਿੱਤੀ ਸਹਾਇਤਾ ਦਿੱਤੀ ਜਾਣੀ ਚਾਹੀਦੀ ਹੈ।



# ਵਾਈਸ ਪ੍ਰਧਾਨ ਗੁਰਮੀਤ ਮੁਖੀਜਾ ਦਾ ਗੁਰੂ ਨਾਨਕ ਮੈਡੀਕਲ ਸਟੋਰ ਵਾਲਿਆਂ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ



**ਮੋਗਾ/ਧਰਮਕੋਟ/ਦਵਿੰਦਰ ਸਿੰਘ ਬਿੱਟੂ**

ਨਗਰ ਕੌਂਸਲ ਧਰਮਕੋਟ ਦੇ ਵਾਈਸ ਪ੍ਰਧਾਨ ਗੁਰਮੀਤ ਮੁਖੀਜਾ ਦਾ ਵਾਈਸ ਪ੍ਰਧਾਨ ਬਣਨ ਤੇ ਧਰਮਕੋਟ ਸ਼ਹਿਰ ਵਿਚ ਥਾਂ ਥਾਂ ਨਿੱਘਾ ਸਵਾਗਤ ਕੀਤਾ ਜਾ ਰਿਹਾ ਹੈ ਇਸੇ ਤਰ੍ਹਾਂ ਅੱਜ ਗੁਰੂ ਨਾਨਕ ਮੈਡੀਕਲ ਸਟੋਰ ਰਾਜਿੰਦਰ ਬੱਤਰਾ ਵੱਲੋਂ ਗੁਰਮੀਤ ਮੁਖੀਜਾ ਦਾ ਭਰਵਾਂ ਸਵਾਗਤ ਕੀਤਾ ਗਿਆ ਅਤੇ ਸਰੋਪੇ ਪਾ ਕੇ ਸਨਮਾਨਤ ਕੀਤਾ ਗਿਆ ਤੇ ਗੁਰਮੀਤ ਮੁਖੀਜਾ ਦੇ ਵਾਈਸ ਪ੍ਰਧਾਨ ਬਣਨ ਦੀ ਖੁਸ਼ੀ ਵਿਚ ਲੱਡੂ ਵੰਡੇ ਗਏ ਇਸ ਮੌਕੇ ਵਾਈਸ ਪ੍ਰਧਾਨ ਗੁਰਮੀਤ ਮੁਖੀਜਾ ਨੇ ਕਿਹਾ ਕਿ ਹਲਕਾ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਦੀ ਅਗਵਾਈ ਹੇਠ ਧਰਮਕੋਟ ਸ਼ਹਿਰ ਦੇ ਵਿਕਾਸ ਦੇ ਕੰਮ ਜੰਗੀ ਪੱਧਰ ਤੇ ਕਰਵਾਏ ਜਾਣਗੇ ਇਸ ਮੌਕੇ ਉਨ੍ਹਾਂ ਨਾਲ ਬਲਰਾਜ ਸਿੰਘ ਕਲਸੀ ਐਮਸੀ ਕ੍ਰਿਸ਼ਨ ਹਾਂਸ ਐਮਸੀ ਵਿਸ਼ਾਲ ਕੱਕੜ ਸੂਰਤ ਸਿੰਘ ਢਿੱਲੋਂ ਕੁਨਾਲ ਧਵਨ ਪ੍ਰਿੰਸ ਸੁਰਜੀਤ ਸਿੰਘ ਗੁਰਤੇਜ ਉੱਪਲ ਪ੍ਰਵੀਨ ਕੁਮਾਰ ਪੀ ਕੇ ਰਿੰਕੂ ਵਰਮਾ ਬਲਦੇਵ ਸਿੰਘ ਕੰਡਿਆਲ ਤਾਰਾ ਸਿੰਘ ਧਰਮਕੋਟ ਗੁੱਗੂ ਮੁਖੀਜਾ ਰਾਜਾ ਬੱਤਰਾ ਆੜ੍ਹਤੀਆ ਰਾਜਨ ਛਾਬੜਾ ਸਾਜਨ ਛਾਬੜਾ ਪਿੰਦਰ ਸਿੰਘ ਧਰਮਕੋਟ ਆਦਿ ਹਾਜ਼ਰ ਸਨ।

# ਛੇਤੀ ਹੀ ਪਾਰਕ ਵਿੱਚ ਜਿੰਮ ਦਾ ਸਾਮਾਨ ਲਗਾਇਆ ਜਾਵੇਗਾ ਮਖੀਜਾ



**ਮੋਗਾ/ਧਰਮਕੋਟ/ਦਵਿੰਦਰ ਸਿੰਘ ਬਿੱਟੂ**

ਧਰਮਕੋਟ ਸ਼ਹਿਰ ਵਿੱਚ ਬਣਿਆ ਪਾਰਕ ਜਿਸ ਵਿਚ ਜਿੰਮ ਦਾ ਸਾਮਾਨ ਲੱਗਾ ਸੀ ਉਹ ਸਾਰਾ ਸਾਮਾਨ ਟੁੱਟਣ ਕਾਰਨ ਨੌਜਵਾਨ ਵਰਜਿਸ਼ ਨਹੀਂ ਕਰ ਰਹੇ ਨੌਜਵਾਨਾਂ ਦੀ ਸਹੂਲਤ ਲਈ ਪਾਰਕ ਵਿੱਚ ਛੇਤੀ ਹੀ ਵਧੀਆ ਕਿਸਮ ਦਾ ਜਿੰਮ ਦਾ ਸਾਮਾਨ ਲਗਾਇਆ ਜਾਵੇਗਾ ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਵਾਈਸ ਪ੍ਰਧਾਨ ਗੁਰਮੀਤ ਮੁਖੀਜਾ ਨੇ ਕੀਤਾ ਗੁਰਮੀਤ ਮੁਖੀਜਾ ਨੇ ਕਿਹਾ ਕਿ ਨੌਜਵਾਨਾਂ ਨੂੰ ਵੀ ਚਾਹੀਦਾ ਹੈ ਕਿ ਪਾਰਕ ਚ ਲੱਗੇ ਸਾਮਾਨ ਦੀ ਭੰਨ ਤੋੜ ਨਾ ਕੀਤੀ ਜਾਵੇ ਪਾਰਕ ਵਿੱਚ ਲੱਗੇ ਸਾਮਾਨ ਦੀ ਸਾਂਭ ਸੰਭਾਲ ਕਰਨਾ ਆਪਣੇ ਸਾਰਿਆਂ ਦਾ ਫਰਜ਼ ਬਣਦਾ ਹੈ ਇਸ ਮੌਕੇ ਉਨ੍ਹਾਂ ਨਾਲ ਐਮਸੀ ਬਲਰਾਜ ਕਲਸੀ ਐਮਸੀ ਕ੍ਰਿਸ਼ਨ ਹਾਂਸ ਪਿੰਦਰ ਧਰਮਕੋਟ ਆਦਿ ਹਾਜ਼ਰ ਸਨ।

# ਸਰਕਾਰੀ ਸਕੂਲਾਂ ਵਿੱਚ ਬੱਚਿਆਂ ਨੂੰ ਤੁਰੰਤ ਪੁਸਤਕਾਂ ਮੁਹਈਆ ਕਰਵਾਉਣ ਦੀ ਪੁਰਜ਼ੋਰ ਮੰਗ



**ਮੋਗਾ/ਧਰਮਕੋਟ/ਦਵਿੰਦਰ ਸਿੰਘ ਬਿੱਟੂ**

ਸਰਕਾਰੀ ਪ੍ਰਾਇਮਰੀ ਅਤੇ ਅਪਰ ਪ੍ਰਾਇਮਰੀ ਸਕੂਲਾਂ ਵਿੱਚ ਪੜ੍ਹਦੇ ਵਿਦਿਆਰਥੀਆਂ ਨੂੰ ਵਿੱਦਿਅਕ ਸੈਸ਼ਨ 2022- 23 ਦੌਰਾਨ ਲੋੜੀਂਦੀਆਂ ਸਾਰੇ ਵਿਸ਼ਿਆਂ ਦੀਆਂ ਲੋੜੀਂਦੀਆਂ ਪੁਸਤਕਾਂ ਮੁਹਈਆ ਕਰਵਾਉਣ ਵਿੱਚ ਆਮ ਆਦਮੀ ਪਾਰਟੀ ਦੀ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਪੂਰੀ ਤਰ੍ਹਾਂ ਫੇਲ੍ਹ ਸਾਬਿਤ ਹੋਈ ਹੈ।

ਪ੍ਰਾਇਮਰੀ ਸਕੂਲਾਂ ਦੀ ਤੀਸਰੀ ਅਤੇ ਪੰਜਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਸਿਰਫ਼ ਹਿੰਦੀ ਅਤੇ ਸਵਾਗਤ ਜਿੰਦਗੀ ਦੀਆਂ 2 ਪੁਸਤਕਾਂ ਹੀ ਦਿੱਤੀਆਂ ਗਈਆਂ ਹਨ। ਜਦਕਿ ਸਰਕਾਰੀ ਹਾਈ ਸਕੂਲਾਂ ਦੇ 6 ਵੀ, 7ਵੀ, 8ਵੀ, ਅਤੇ 10ਵੀ ਜਮਾਤ ਦੇ ਵਿਦਿਆਰਥੀਆਂ ਨੂੰ ਸਿਰਫ਼ ਵਰਕ ਬੁੱਕਸ ਹੀ ਮਿਲੀਆਂ ਹਨ, ਹਿੰਦੀ ਅਤੇ ਅੰਗਰੇਜ਼ੀ ਵਿਸ਼ੇ ਦੀਆਂ ਕਿਤਾਬਾਂ 10 ਵੀ ਦੇ ਵਿਦਿਅਰਥੀਆਂ ਨੂੰ ਮਿਲੀਆਂ ਹਨ।

ਸਰਕਾਰੀ ਸਕੂਲਾਂ ਵਿੱਚ ਪੜ੍ਹਨ ਵਾਲੇ ਵਿਦਿਆਰਥੀਆਂ ਦੀ ਜ਼ਿਆਦਾ ਗਿਣਤੀ ਅਨੁਸੂਚਿਤ ਜਾਤੀਆਂ, ਪੱਛੜੀਆਂ ਸ਼੍ਰੇਣੀਆਂ ਅਤੇ ਗਰੀਬ ਵਰਗ ਦੇ ਲੋਕਾਂ ਦੀ ਹੈ ਅਤੇ ਰਾਏ ਸਿੱਖ ਆਜ਼ਾਦ ਸੈਨਾ ਪੰਜਾਬ ਅਨੁਸੂਚਿਤ ਜਾਤੀਆਂ ਪੱਛੜੀਆਂ ਸ਼੍ਰੇਣੀਆਂ ਅਤੇ ਗਰੀਬ ਵਰਗ ਦੇ ਸਰਕਾਰੀ ਸਕੂਲਾਂ ਵਿੱਚ ਪੜ੍ਹ ਰਹੇ ਵਿਦਿਆਰਥੀਆਂ ਨਾਲ ਕਿਸੇ ਵੀ ਤਰਾਂ ਦੀ ਬੇਇਨਸਾਫੀ ਹਰਗਿਜ਼ ਬਰਦਾਸ਼ਤ ਨਹੀਂ ਕਰੇਗੀ।

ਸਰਕਾਰੀ ਸਕੂਲਾਂ ਵਿੱਚ ਸਰਕਾਰ 15 ਮਈ ਤੋਂ ਗਰਮੀ ਦੀਆਂ ਛੁੱਟੀਆਂ ਕਰਨ ਜਾ ਰਹੀ ਹੈ, ਅਤੇ ਇਹ ਵੀ ਪਤਾ ਲੱਗਾ ਹੈ ਕਿ ਛੁੱਟੀਆਂ ਦੌਰਾਨ ਘਰਾਂ ਵਿਚ ਬੈਠੇ ਵਿਦਿਆਰਥੀਆਂ ਨੂੰ ਅਧਿਆਪਕ ਆਨ ਲਾਈਨ ਕਲਾਸਾਂ ਲਗਾ ਕੇ ਪੜ੍ਹਾਉਣਗੇ । ਪਰ ਤਰਾਸਦੀ ਇਹ ਹੈ ਕਿ ਪੰਜਾਬ ਸਰਕਾਰ ਅਤੇ ਸਿੱਖਿਆ ਵਿਭਾਗ ਪੰਜਾਬ ਸਰਕਾਰੀ ਸਕੂਲਾਂ ਵਿੱਚ ਪੜ੍ਹ ਰਹੇ ਵਿਦਿਆਰਥੀਆਂ ਨੂੰ ਲੜੀਦੀਆਂ ਪੂਰੇ ਵਿਸ਼ਿਆਂ ਦੀਆਂ ਪੁਸਤਕਾਂ ਤਾਂ ਮੁਹਈਆ ਨਹੀਂ ਕਰਵਾ ਸਕਿਆ, ਫ਼ਿਰ ਆਨਲਾਈਨ ਕਲਾਸਾਂ ਰਾਹੀਂ ਵਿਦਿਆਰਥੀ ਕਿਵੇਂ ਪੜ੍ਹਨਗੇ ?

ਵੇਖਣ ਵਿਚ ਆਇਆ ਹੈ ਕਿ ਪਹਿਲਾਂ ਹਰ ਸਾਲ ਫਰਵਰੀ ਮਹੀਨੇ ਵਿੱਚ ਹੀ ਸਾਰੇ ਵਿਸ਼ਿਆਂ ਦੀਆਂ ਕਿਤਾਬਾਂ ਸਕੂਲ਼ਾਂ ਵਿੱਚ ਪਹੁੰਚ ਜਾਂਦੀਆਂ ਸਨ ਅਤੇ 1 ਅਪ੍ਰੈਲ ਤੋਂ ਨਵਾਂ ਵਿੱਦਿਅਕ ਸੈਸ਼ਨ ਸ਼ੁਰੂ ਹੋ ਜਾਂਦਾ ਸੀ, ਪਰ ਇਸ ਵਾਰ ਤਾਂ ਸਰਕਾਰ ਅਤੇ ਸਿੱਖਿਆ ਵਿਭਾਗ ਪੰਜਾਬ ਨੇ ਹੱਦ ਹੀ ਕਰ ਦਿੱਤੀ ਹੈ ਕਿ ਮਈ ਮਹੀਨਾ ਸ਼ੁਰੂ ਹੋ ਗਿਆ ਹੈ ਅਤੇ ਹੁਣ ਤੱਕ ਸਰਕਾਰੀ ਸਕੂਲਾਂ ਵਿੱਚ ਪੜ੍ਹਨ ਵਾਲੇ ਵਿਦਿਆਰਥੀ ਕਿਤਾਬਾਂ ਤੋਂ ਮਹਿਰੂਮ ਹਨ । ਵੇਖਣ ਵਿਚ ਆਇਆ ਹੈ ਕਿ ਕੋਵਿਡ- 19 ਕਾਰਨ ਲੱਗੇ ਲੌਕਡਾਊਨ ਦੌਰਾਨ ਸਰਕਾਰੀ, ਗੈਰ ਸਰਕਾਰੀ ਅਤੇ ਮਾਨਤਾ ਪ੍ਰਾਪਤ ਸਕੂਲਾਂ ਵਿੱਚ ਪੜ੍ਹ ਰਹੇ ਵਿਦਿਆਰਥੀਆਂ ਦੀ ਪੜ੍ਹਾਈ ਦਾ ਬਹੁਤ ਜ਼ਿਆਦਾ ਨੁਕਸਾਨ ਹੋਇਆ , ਇਸ ਲਈ ਸਰਕਾਰੀ ਸਕੂਲਾਂ ਵਿੱਚ ਪੜ੍ਹ ਰਹੇ ਵਿਦਿਆਰਥੀਆਂ ਨੂੰ 15ਮਈ ਦੀ ਥਾਂ 1ਜੂਨ ਤੋਂ ਗਰਮੀ ਦੀਆਂ ਛੁੱਟੀਆਂ ਕੀਤੀਆਂ ਜਾਣ ਤਾਂ ਜੋ ਵਿਦਿਆਰਥੀਆਂ ਨੂੰ ਹੋਰ 15 ਦਿਨ ਵੱਧ ਸਕੂਲਾਂ ਵਿੱਚ ਪੜ੍ਹਨ ਦਾ ਸਮਾਂ ਮਿਲੇਗਾ। ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ, ਸਿੱਖਿਆ ਵਿਭਾਗ ਪੰਜਾਬ ਦੇ ਮੁੱਖ ਪ੍ਰਬੰਧਕ, ਅਤੇ ਜਿਲ੍ਹੇ ਦੇ ਸਿੱਖਿਆ ਅਧਿਕਾਰੀ, ਜਿਲ੍ਹਾ ਭਲਾਈ ਵਿਭਾਗ ਦੇ ਅਧਿਕਾਰੀ ਸਰਕਾਰੀ ਸਕੂਲਾਂ ਵਿਚ ਪੜ੍ਹ ਰਹੇ ਵਿਦਿਆਰਥੀਆਂ ਨੂੰ ਲੋੜੀਂਦੇ ਸਾਰੇ ਵਿਸ਼ਿਆਂ ਦੀਆਂ ਕਿਤਾਬਾਂ ਪ੍ਰਾਂਤ ਪਹੁੰਚ ਦੀਆਂ ਕਰਨ ਲਈ ਆਪਣੀ ਡਿਊਟੀ ਨਿਭਾਉਣ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਰਾਏ ਸਿੱਖ ਆਜ਼ਾਦ ਸੈਨਾ ਪੰਜਾਬ ਵੱਲੋਂ ਆਮ ਆਦਮੀ ਪਾਰਟੀ ਦੀ ਸਰਕਾਰ ਖਲਾਅ ਅਰਥੀ ਫੂਕ ਮੁਜ਼ਾਹਰੇ ਕਰਨ ਲਈ ਮਜਬੂਰ ਹੋਣਗੇ।ਇਸ ਮੌਕੇ ਰਾਏ ਸਿੱਖ ਅਜ਼ਾਦ ਸੈਨਾ ਦੇ ਜਿਲਾ ਪ੍ਰਧਾਨ ਨੀਟਾ ਸਿੰਘ,ਬਲਕਾਰ ਸਿੰਘ ਸਰਪੰਚ ਸੰਘੇੜਾ,ਜਸਵੀਰ ਸਿੰਘ ,ਸੋਨੂੰ ਸੰਘੇੜਾ,ਸਾਬ ਸਿੰਘ ,ਹਰਦੀਪ,ਗੁਰਸੇਵਕ,ਲਖਵਿੰਦਰ,ਗੁਰਪ੍ਰੀਤ ਬੰਡਾਲਾ,ਧਰਮਪ੍ਰੀਤ,ਗਗਨਦੀਪ,ਅਨਮੋਲ,ਲਵ ,ਸੰਦੀਪ ਸਿੰਘ,ਦਲਜੀਤ ਸਿੰਘ,ਗੋਪੀ,ਗੁਰਜੀਤ,ਸੇਵਾ ਆਦਿ ਸ਼ਾਮਿਲ ਹੋਏ।

# ਵਿਧਾਇਕ ਭੋਲਾ ਵਲੋਂ ਚੰਡੀਗੜ੍ਹ ਵਿਖੇ ਮੁੱਖ ਮੰਤਰੀ ਭਗਵੰਤ ਮਾਨ ਨਾਲ ਮੁਲਾਕਾਤ



**ਲੁਧਿਆਣਾ/ਸੁਖਚੈਨ ਮਹਿਰਾ, ਕਰਨ ਅੱਗਰਵਾਲ**

ਹਲਕਾ ਲੁਧਿਆਣਾ (ਪੂਰਬੀ) ਦੇ ਵਿਧਾਇਕ ਸ. ਦਲਜੀਤ ਸਿੰਘ ਗਰੇਵਾਲ (ਭੋਲਾ) ਵੱਲੋਂ ਬੀਤੇ ਕੱਲ ਚੰਡੀਗੜ੍ਹ ਵਿਖੇ ਮੁੱਖ ਮੰਤਰੀ ਪੰਜਾਬ ਸ. ਭਗਵੰਤ ਮਾਨ, ਰਾਜ ਸਭਾ ਮੈਂਬਰ ਸ੍ਰੀ ਰਾਘਵ ਚੱਢਾ ਅਤੇ ਸਮੂਹ ਮੰਤਰੀ ਸਹਿਬਾਨਾਂ ਅੱਗੇ ਲੁਧਿਆਣਾ ਸ਼ਹਿਰ ਦੀਆਂ ਪ੍ਰਮੁੱਖ ਮੰਗਾਂ ਬਾਰੇ ਵਿਚਾਰ ਚਰਚਾ ਕੀਤੀ ਗਈ। ਮੁੱਖ ਮੰਤਰੀ ਵੱਲੋਂ ਹਰ ਸੰਭਵ ਸਹਿਯੋਗ ਦਾ ਭਰੋਸਾ ਵੀ ਦਿੱਤਾ ਗਿਆ। ਵਿਧਾਇਕ ਭੋਲਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕੱਲ੍ਹ ਮੀਟਿੰਗ ਦੌਰਾਨ ਉਨ੍ਹਾਂ ਮੁੱਖ ਮੰਤਰੀ ਸ. ਭਗਵੰਤ ਮਾਨ ਅਤੇ ਸ੍ਰੀ ਰਾਘਵ ਚੱਢਾ ਦੇ ਧਿਆਨ ਵਿੱਚ ਲਿਆਂਦਾ ਕਿ ਆਮ ਜਨਤਾ ਸਰਕਾਰੀ ਦਫ਼ਤਰਾਂ ਵਿੱਚ ਖੱਜਲ-ਖੁਆਰ ਹੋ ਰਹੀ ਹੈ। ਉਨ੍ਹਾ ਦੱਸਿਆ ਕਿ ਬਿੱਜਲੀ ਦੇ ਮੀਟਰਾਂ ਅਤੇ ਰਜਿਸ਼ਟਰੀਆਂ ਲਈ ਐਨ.ਓ.ਸੀ. ਸਬੰਧੀ ਲੋਕ ਦਫ਼ਤਰਾਂ ਵਿੱਚ ਧੱਕੇ ਖਾ ਰਹੇ ਹਨ। ਉਨ੍ਹਾਂ ਇਹ ਵੀ ਦੱਸਿਆ ਕਿ ਪਟਵਾਰਖਾਨਿਆਂ ਵਿੱਚ ਵੀ ਆਮ ਲੋਕਾਂ ਦੀ ਸੁਣਵਾਈ ਨਹੀਂ ਹੋ ਰਹੀ। ਇਸ ਤੋਂ ਇਲਾਵਾ ਉਨ੍ਹਾਂ ਮੁੱਖ ਮੰਤਰੀ ਦੇ ਧਿਆਨ ਵਿੱਚ ਲਿਆਂਦਾ ਕਿ ਅੱਜ ਤੱਕ ਬਣ ਚੁੱਕੀਆਂ ਸਾਰੀਆਂ ਕਲੋਨੀਆਂ ਨੂੰ ਰੈਗੂਲਰ ਕੀਤਾ ਜਾਵੇ ਅਤੇ ਹਲਕੇ ਦੇ ਵਿਕਾਸ ਦੇ ਮੁੱਦਿਆਂ ਬਾਰੇ ਵੀ ਵਿਚਾਰ ਵਟਾਂਦਰੇ ਕੀਤੇ ਗਏ। ਵਿਧਾਇਕ ਵੱਲੋਂ ਕੱਲ੍ਹ ਮੀਟਿੰਗ ਦੌਰਾਨ ਮੁੱਖ ਮੰਤਰੀ ਨੂੰ ਇਹ ਵੀ ਅਪੀਲ ਕੀਤੀ ਗਈ ਕਿ ਟਿੱਬਾ ਰੋਡ @ਤੇ ਲੱਗੇ ਕੂੜੇ ਦੇ ਢੇਰ ਦਾ ਵੀ ਢੁੱਕਵਾਂ ਹੱਲ ਕੱਢਿਆ ਜਾਵੇ ਜਿੱਥੇ ਬੀਤੇ ਦਿਨੀ ਇੱਕ ਪੂਰਾ ਪ੍ਰਵਾਸੀ ਪਰਿਵਾਰ ਅੱਗ ਦੀ ਭੇਂਟ ਚੜ੍ਹ ਗਿਆ ਸੀ। ਉਨ੍ਹਾਂ ਬੁੱਢੇ ਨਾਲੇ ਨਾਲ ਸਬੰਧਤ ਵੱਖ-ਵੱਖ ਸਮੱਸਿਆਵਾਂ ਤੋਂ ਵੀ ਜਾਣੂੰ ਕਰਵਾਇਆ। ਇਸ ਤੋਂ ਇਲਾਵਾ ਉਨ੍ਹਾਂ ਹੋਰ ਵੱਖ-ਵੱਖ ਮੁੱਦੇ ਵੀ ਮੁੱਖ ਮੰਤਰੀ ਕੋਲ ਚੁੱਕੇ। ਚੰਡੀਗੜ੍ਹ ਵਿਖੇ ਕੱਲ ਮੀਟਿੰਗ ਦੌਰਾਨ ਮੁੱਖ ਮੰਤਰੀ ਵੱਲੋਂ ਵੀ ਵਿਧਾਇਕ ਭੋਲਾ ਨੂੰ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ ਗਿਆ ਅਤੇ ਕਿਹਾ ਹੈ ਕਿ ਜਲਦ ਹੀ ਸ਼ਹਿਰ ਵਾਸੀਆਂ ਦੇ ਵੱਖ-ਵੱਖ ਸੰਵੇਦਨਸ਼ੀਲ ਮੁੱਦਿਆਂ ਦਾ ਢੁੱਕਵਾਂ ਹੱਲ ਕੱਢਿਆ ਜਾਵੇਗਾ।

ਅਦਾਰਾ 'ਲੋਕ ਬਾਣੀ' ਵਿੱਚ ਛਾਪੀਆਂ ਜਾਂਦੀਆਂ ਖ਼ਬਰਾਂ, ਰਿਪੋਰਟਾਂ, ਲੇਖ, ਕਹਾਣੀਆਂ, ਕਵਿਤਾਵਾਂ ਅਤੇ ਹਰ ਕਿਸਮ ਦੇ ਇਸ਼ਤਿਹਾਰਾਂ ਵਿੱਚ ਦਿੱਤੀ ਗਈ ਸੂਚਨਾ, ਵਿਚਾਰ ਆਦਿ ਨਾਲ ਅਖ਼ਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ। ਇਸ ਅਖ਼ਬਾਰ ਵਿੱਚ ਛਪੇ ਇਸ਼ਤਿਹਾਰ (ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜ਼ਿੰਮੇਵਾਰੀ ਨਹੀਂ ਲੈਂਦੇ ਕਿਉਂਕਿ ਸਾਡਾ ਅਖ਼ਬਾਰ ਇਨ੍ਹਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ/ਸ਼ੁੱਭ ਚਿੰਤਕਾਂ ਨੂੰ ਬੇਨਤੀ ਹੈ ਕਿ ਉਹ ਇਨ੍ਹਾਂ ਇਸ਼ਤਿਹਾਰਾਂ 'ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਤੱਥਾਂ ਦੀ ਪੜਤਾਲ,ਪੁਸ਼ਟੀ ਕਰ ਲੈਣ। -ਸੰਪਾਦਕ

Daily Lok Bani (Punjabi) R.N.I. Punpun 29016,2008 Edior, Owner, Printer, Publisher, Amandeep Mehra Printed at Rachna Printers, Railway Road Jalandhar Place of Publication : 308 Sangam complex Milap Chowk, Jalandhar (India) , Contect No. : 0181-2211009, Fax : 2211009 , Email Id : lokbani08@gmail.com ,



# ਅਧਿਆਪਕ ਵੱਲੋਂ 4 ਸਾਲ ਦੇ ਬੱਚੇ ਬੇਰਹਿਮੀ ਨਾਲ ਕੁਟਾਪਾ

ਮਲੋਟ ਮੁਕਤਸਰ/ਗਿਆਨ ਸਾਹਨੀ

ਸਰਕਾਰੀ ਸਕੂਲ ਦੇ ਅਧਿਆਪਕ ਵੱਲੋਂ 4 ਸਾਲ ਦੇ ਬੱਚੇ ਨੂੰ ਬੇਰਹਿਮੀ ਨਾਲ ਕੁੱਟਣ ਕਾਰਨ ਬੱਚੇ ਨੂੰ ਹਸਪਤਾਲ @ਚ ਦਾਖਿਲ ਕਰਵਾਉਣ ਦੀ ਨੌਬਤ ਆ ਗਈ। ਬੱਚੇ ਦੇ ਪਿਤਾ ਕਾਲਾ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ 2 ਮਈ ਨੂੰ ਸੱਕਾਂਵਾਲੀ ਪ੍ਰਾਇਮਰੀ ਸਕੂਲ ਵਿਖੇ ਮਾਸਟਰ ਵੱਲੋਂ ਉਸ ਦੇ 4 ਸਾਲ ਦੇ ਬੱਚੇ ਨੂੰ ਬੇਰਹਿਮੀ ਨਾਲ ਕੁੱਟਿਆ, ਜਦੋਂ ਉਹ ਆਪਣੇ ਬੱਚੇ ਸੁਖਬੀਰ ਸਿੰਘ ਨੂੰ ਸਕੂਲੋ ਲੈਣ ਗਿਆ ਤਾਂ ਬੱਚੇ ਦਾ ਰੋ-ਰੋ ਕੇ ਬੁਰਾ ਹਾਲ ਹੋਇਆ ਪਿਆ ਸੀ ਅਤੇ ਬੱਚੇ ਦੇ ਮੂੰਹ ਉੱਪਰ ਥੱਪੜਾਂ ਦੇ ਨਿਸ਼ਾਨ ਦਿਖਾਈ ਦੇ ਰਹੇ ਹਨ। ਉਸ ਵੱਲੋਂ ਬੱਚੇ ਨੂੰ ਕੁੱਟਣ ਬਾਰੇ ਮਾਸਟਰ ਤੋਂ ਪੁੱਛਿਆ ਗਿਆ ਤਾਂ ਉਸ ਵੱਲੋਂ ਉਸਨੂੰ ਵੀ ਬੁਰਾ ਭਲਾ ਬੋਲਿਆ ਗਿਆ ਅਤੇ ਇਸ ਉਪਰੰਤ ਬੱਚੇ ਨੂੰ ਸਿਵਲ ਹਸਪਤਾਲ ਸ਼੍ਰੀ ਮੁਕਤਸਰ ਸਾਹਿਬ ਦਾਖਿਲ ਕਰਵਾਇਆ, ਜਿਸ ਦੀ ਹਾਲਤ ਨਾਜ਼ੁਕ ਹੋਣ ਕਰ ਕੇ ਬੱਚੇ ਨੂੰ ਮੈਡੀਕਲ ਕਾਲਜ ਫ਼ਰੀਦਕੋਟ ਰੈਫ਼ਰ ਕਰ ਦਿੱਤਾ ਜਿੱਥੇ ਉਸ ਦਾ ਇਲਾਜ ਚੱਲ ਰਿਹਾ ਹੈ। ਬੱਚੇ ਦੇ ਪਰਿਵਾਰ ਨੇ ਮੁੱਖ ਮੰਤਰੀ ਪਾਸੋਂ ਮਾਸਟਰ ਦਵਿੰਦਰ । ਸਿੰਘ ਖ਼ਿਲਾਫ਼ ਕਾਰਵਾਈ ਦੀ ਮੰਗ ਕੀਤੀ ਹੈ ਅਤੇ ਬੱਚੇ ਦਾ ਇਲਾਜ ਕਰਵਾਉਣ ਲਈ ਬੇਨਤੀ ਕੀਤੀ ਹੈ। ਬੱਚੇ ਦੇ ਪਿਤਾ ਨੇ ਕਿਹਾ ਕਿ ਇਸ ਸਕੂਲ ਵਿੱਚ ਸਿਰਫ਼ ਐੱਸ.ਸੀ ਪਰਿਵਾਰਾਂ ਦੇ ਬੱਚੇ ਪੜ੍ਹਦੇ ਹੋਣ ਕਰ ਕੇ ਬੱਚਿਆਂ ਨਾਲ ਵਿਤਕਰਾ ਕੀਤਾ ਜਾਂਦਾ ਹੈ। ਬੱਚੇ ਨੂੰ ਦੌਰੇ ਪੈਣ ਕਰ ਕਰਕੇ ਫ਼ਰੀਦਕੋਟ ਮੈਡੀਕਲ ਕਾਲਜ ਵਿਖੇ ਰੈਫ਼ਰ ਕੀਤਾ ਗਿਆ ਹੈ, ਉੱਥੇ ਹੀ ਬੱਚੇ ਦੀ ਹਾਲਤ । ਚਿੰਤਾਜਨਕ ਬਣੀ ਹੋਈ ਹੈ। ਇਸ ਬਾਰੇ ਥਾਣਾ ਬਰੀਵਾਲਾ ਦੀ ਇੰਚਾਰਜ ਰਵਿੰਦਰ ਕੌਰ ਨਾਲ ਸੰਪਰਕ ਕਰਨ @ਤੇ ਉਨ੍ਹਾਂ ਦੱਸਿਆ ਕਿ ਉਨ੍ਹਾਂ ਨੂੰ ਇਸ ਬਾਰੇ ਸ਼ਿਕਾਇਤ ਤਾਂ ਪ੍ਰਾਪਤ ਹੋਈ ਹੈ ਪਰ ਅਜੇ ਤੱਕ ਕੋਈ ਪਰਚਾ ਦਰਜ ਨਹੀਂ ਕੀਤਾ ਗਿਆ। ਇਸ ਬਾਰੇ ਤਫਤੀਸ਼ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਅਧਿਆਪਕ ਖਿਲਾਫ਼ ਬਣਦੀ ਕਾਰਵਾਈ ਕੀਤੀ ਜਾਵੇਗੀ।

# ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਸਭਾ ਬਰਨਾਲਾ ਵੱਲੋਂ ਲਗਾਇਆ ਗਿਆ 80 ਵਾਂ ਖ਼ੂਨਦਾਨ ਕੈਂਪ




ਬਰਨਾਲਾ/ਕਰਨਪ੍ਰੀਤ ਧੰਦਰਾਲ

ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਸਭਾ ਵੱਲੋਂ ਸਿਵਲ ਹਸਪਤਾਲ ਬਰਨਾਲਾ ਵਿਖੇ 80 ਵਾਂ ਖ਼ੂਨਦਾਨ ਕੈਂਪ ਲਗਾਇਆ ਗਿਆ। ਸੰਸਥਾ ਦੇ ਪ੍ਰਧਾਨ ਜਗਵਿੰਦਰ ਸਿੰਘ ਭੰਡਾਰੀ ਅਤੇ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਬਰਨਾਲਾ ਦੇ ਪ੍ਰਧਾਨ ਗੁਰਮੀਤ ਸਿੰਘ ਨੇ ਦੱਸਿਆ ਕਿ ਪਿਛਲੇ ਅੱਸੀ ਮਹੀਨਿਆਂ ਤੋਂ ਲਗਾਤਾਰ ਖ਼ੂਨਦਾਨ ਥੈਲੇਸੀਮੀਆ ਰੋਗ ਦੇ ਬੱਚਿਆਂ , ਕੈਂਸਰ ਪੀਡ ?ਤਾਂ , ਐਕਸੀਡੈਂਟ ਦੇ ਕੇਸਾਂ ਅਤੇ ਗਰਭਵਤੀ ਔਰਤਾਂ ਦੇ ਲਈ ਖ਼ੂਨਦਾਨ ਕੀਤਾ ਜਾ ਰਿਹਾ ਹੈ। ਇਸ ਮੌਕੇ ਇੱਕ 20 ਸਾਲਾ ਲੜਕੀ ਸਮ੍ਰਿਤੀ ਨੇ ਖ਼ੂਨਦਾਨ ਕਰਕੇ ਆਮ ਲੋਕਾਂ ਨੂੰ ਖ਼ੂਨਦਾਨ ਕਰਨ ਲਈ ਪ੍ਰੇਰਿਤ ਕੀਤਾ। ਕੈਂਪ ਦੌਰਾਨ 35 ਯੂਨਿਟ ਖ਼ੂਨਦਾਨ ਕੀਤਾ ਗਿਆ । ਇਸ ਮੌਕੇ ਇੰਡੀਅਨ ਜਰਨਲਿਸਟ ਐਸੋਸੀਏਸ਼ਨ ਆਫ ਇੰਡੀਆ ਦੇ ਜ਼ਿਲ੍ਹਾ ਪ੍ਰਧਾਨ ਸੁਖਵਿੰਦਰ ਸਿੰਘ ਭੰਡਾਰੀ ਨੇ ਮੌਕੇ ਤੇ ਪਹੁੰਚ ਗਏ ਕੈਂਪ ਦੇ ਪ੍ਰਬੰਧਕਾਂ ਅਤੇ ਖ਼ੂਨਦਾਨੀਆਂ ਦੀ ਹੌਸਲਾ ਅਫਜ਼ਾਈ ਕਰਦਿਆਂ ਕਿਹਾ ਕਿ ਖ਼ੂਨਦਾਨ ਮਹਾ ਦਾਨ ਹੈ। ਉਨ੍ਹਾਂ ਪ੍ਰਸ਼ੰਸਾ ਮੈਡਲ ਭੇਂਟ ਕਰਕੇ ਖ਼ੂਨਦਾਨੀਆਂ ਨੂੰ ਸਨਮਾਨਿਤ ਵੀ ਕੀਤਾ। ਇਸ ਮੌਕੇ ਖੁਸ਼ਵੰਤ ਪ੍ਰਭਾਕਰ, ਮਨਦੀਪ ਕੌਰ ਸਟਾਫ਼ ਨਰਸ, ਪੂਰਨ ਸਿੰਘ ਰਾਗੀ, ਸੁਖਜਿੰਦਰ ਸਿੰਘ ਮਹਿਲ, ਜਸਮੇਲ ਸਿੰਘ, ਬਲਵਿੰਦਰ ਸਿੰਘ, ਧਿਆਨ ਸਿੰਘ, ਮਨਪ੍ਰੀਤ ਸਿੰਘ, ਜਗਦੀਸ਼ ਸਿੰਘ ਅਤੇ ਕੰਵਲਜੀਤ ਸਿੰਘ ਆਦਿ ਹਾਜ਼ਰ ਸਨ।

# ਬੀ.ਜੇ.ਪੀ ਵਲੋਂ ਜ਼ਿਲ੍ਹਾ ਪ੍ਰਧਾਨ ਯਾਦਵਿੰਦਰ ਸ਼ੰਟੀ ਦੀ ਅਗਵਾਈ ਹੇਠ ਸਰਕਾਰ ਖ਼ਿਲਾ.ਫ ਡਿਪਟੀ ਕਮਿਸ਼ਨਰ ਦ.ਫਤਰ ਅੱਗੇ ਧਰਨਾ ਲਗਾਇਆ

ਬਰਨਾਲਾ/ਕਰਨਪ੍ਰੀਤ ਧੰਦਰਾਲ

ਪੰਜਾਬ ਵਿਚ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਵਿਰੁੱਧ ਪੰਜਾਬ ਦੀ ਦਿਨੋਂ-ਦਿਨ ਵਿਗੜ ਰਹੀ ਅਮਨ ਤੇ ਕਾਨੂੰਨ ਦੀ ਸਥਿਤੀ ਅਤੇ ਬਿਜਲੀ ਕੱਟਾਂ ਖ਼ਿਲਾਫ਼ ਭਾਰਤੀ ਜਨਤਾ ਪਾਰਟੀ ਜ਼ਿਲ੍ਹਾ ਬਰਨਾਲਾ ਵਲੋਂ ਜ਼ਿਲ੍ਹਾ ਪ੍ਰਧਾਨ ਯਾਦਵਿੰਦਰ ਸ਼ੰਟੀ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਸਰਕਾਰ ਖ਼ਿਲਾਫ਼ ਡਿਪਟੀ ਕਮਿਸ਼ਨਰ ਦਫ਼ਤਰ ਅੱਗੇ ਧਰਨਾ ਲਗਾਇਆ ਗਿਆ। ਜਿਲਾ ਪ੍ਰਧਾਨ ਯਾਦਵਿੰਦਰ ਸ਼ੰਟੀ ਨੇ ਕਿਹਾ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਵੱਲੋਂ ਪੰਜਾਬ ਦੇ ਸ਼ਹਿਰਾਂ ਅਤੇ ਪਿੰਡਾਂ ਵਿੱਚ 12 ਤੋਂ 14 ਘੰਟੇ ਦੇ ਬਿਜਲੀ ਕੱਟ ਲੱਗਣ ਕਾਰਨ ਦੁਖੀ ਜਨਤਾ ਅਤੇ ਕਿਸਾਨਾਂ ਦੀ ਆਵਾਜ਼ ਮੁੱਖ ਮੰਤਰੀ ਭਗਵੰਤ ਮਾਨ ਅਤੇ ਉਨ੍ਹਾਂ ਦੀ ਸਰਕਾਰ ਦੇ ਕੰਨਾਂ ਤੱਕ ਪਹੁੰਚਾਉਣ ਲਈ ਪੰਜਾਬ ਭਾਜਪਾ ਦੇ ਸੂਬਾ ਪ੍ਰਧਾਨ ਅਸ਼ਵਨੀ ਸ਼ਰਮਾ ਵੱਲੋਂ ਦਿੱਤੇ ਸੱਦੇ @ਤੇ ਸੂਬੇ ਭਰ ਦੇ ਭਾਜਪਾ ਵਰਕਰ ਲੋਕਾਂ ਦੇ ਹੱਕਾਂ ਲਈ ਸੜਕਾਂ @ਤੇ ਉਤਰ ਕੇ ਸੰਘਰਸ਼ ਕਰ ਰਹੇ ਹਨ।

ਬੀ ਜੇ ਪੀ ਪੰਜਾਬ ਦੇ ਬੁਲਾਰੇ ਦਰਸ਼ਨ ਸਿੰਘ ਨੈਣੇਵਾਲ ਨੇ ਕਿਹਾ ਕਿ ਭਾਜਪਾ ਦੀ ਗਠਜੋੜ ਸਰਕਾਰ ਵੇਲੇ ਪੰਜਾਬ ਵਿੱਚ ਵਾਧੂ ਬਿਜਲੀ ਸੀ ਅਤੇ ਅਸੀਂ ਦੂਜੇ ਰਾਜਾਂ ਨੂੰ ਬਿਜਲੀ ਦਿੰਦੇ ਸਾਂ੯ ਪਰ ਅਜਿਹਾ ਕੀ ਹੋਇਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਬਣਦਿਆਂ ਹੀ ਪੰਜਾਬ ਵਿੱਚ ਬਿਜਲੀ ਦਾ ਇੰਨਾ ਵੱਡਾ ਸੰਕਟ ਪੈਦਾ ਹੋ ਗਿਆ? ਜਦੋਂ ਤੋਂ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਹੈ, ਪੰਜਾਬ ਦੇ ਲੋਕ ਮੁੱਖ ਮੰਤਰੀ ਭਗਵੰਤ ਮਾਨ ਨੂੰ ਅਖਬਾਰਾਂ ਵਿੱਚ ਛਪੀਆਂ ਤਸਵੀਰਾਂ ਵਿੱਚ ਹੀ ਦੇਖ ਰਹੇ ਹਨ। ਚੋਣਾਂ ਤੋਂ ਪਹਿਲਾਂ ਪੰਜਾਬ ਦੇ ਲੋਕਾਂ ਨੂੰ 24 ਘੰਟੇ ਨਿਰਵਿਘਨ ਬਿਜਲੀ ਅਤੇ ਹਰ ਘਰ ਨੂੰ 300 ਯੂਨਿਟ ਪ੍ਰਤੀ ਮਹੀਨਾ ਮੁਫ਼ਤ ਬਿਜਲੀ ਦੇਣ ਦਾ ਵਾਅਦਾ ਕਰਨ ਵਾਲੇ ਮੁੱਖ ਮੰਤਰੀ ਭਗਵੰਤ ਮਾਨ ਨੇ ਜੋ ਬਿਜਲੀ ਮਿਲ ਰਹੀ ਸੀ, ਉਹ ਵੀ ਖੋਹ ਲ



ਬੀ ਜੇ ਪੀ ਦੇ ਸੀਨੀਅਰ ਆਗੂ ਧੀਰਜ ਦੱਧਾਹੂਰ ਨੇ ਕਿਹਾ ਕਿ ਜੇਕਰ ਪੰਜਾਬ @ਚ ਇਸੇ ਹਿਸਾਬ ਨਾਲ ਬਿਜਲੀ ਦੇ ਕੱਟ ਜਾਰੀ ਰਹੇ ਤਾਂ 600 ਯੂਨਿਟ ਜੋ ਕਿ ਮੁਫਤ ਮਿਲਨੇ ਹਨ, ਆਉਣ ਵਾਲੀ ਦੀਵਾਲੀ ਤੱਕ ਵੀ ਪੂਰੇ ਨਹੀਂ ਹੋਣਗੇ। ਆਮ ਆਦਮੀ ਪਾਰਟੀ ਦੇ ਝੂਠੇ ਵਾਅਦਿਆਂ ਤੋਂ ਤੰਗ ਆ ਚੁੱਕੇ ਲੋਕ ਵੀ ਹੁਣ ਕਹਿਣ ਲੱਗ ਪਏ ਹਨ ਕਿ 'ਹੋਰ ਦੇਵੋ ਇੱਕ ਆਪ ਨੂੰ, ਨਾ ਬੱਤੀ ਦਿਨ ਨੂੰ, ਤੇ ਨਾ ਬੱਤੀ ਰਾਤ ਨੂੰ'।

.ਜ਼ਿਲ੍ਹਾ ਇੰਚਾਰਜ ਗੁਰਤੇਜ ਸਿੰਘ ਢਿੱਲੋਂ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਚੋਣਾਂ ਤੋਂ ਪਹਿਲਾਂ ਕਹਿੰਦੇ ਸਨ ਕਿ ਜੇਕਰ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਤਾਂ 1 ਅਪ੍ਰੈਲ ਤੋਂ ਬਾਅਦ ਪੰਜਾਬ ਵਿੱਚ ਕੋਈ ਵੀ ਕਿਸਾਨ ਖੁਦਕੁਸ਼ੀ ਨਹੀਂ ਕਰੇਗਾ। ਪਰ 1 ਅਪ੍ਰੈਲ ਤੋਂ ਲੈ ਕੇ ਹੁਣ ਤੱਕ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ 14 ਕਿਸਾਨ ਖੁਦਕੁਸ਼ੀਆਂ ਕੀਤੀ ਜਾ ਚੁੱਕੀ ਹੈ।

ਜ਼ਿਲ੍ਹਾ ਜਨਰਲ ਸਕੱਤਰ ਰਾਜਿੰਦਰ ਉੱਪਲ ਨੇ ਕਿਹਾ ਕਿ ਪੰਜਾਬ ਦੇ ਇਤਿਹਾਸ ਵਿੱਚ ਇਹ ਪਹਿਲੀ ਵਾਰ ਹੋਇਆ ਹੈ ਕਿ ਕਿਸੇ ਦੇ ਮੁੱਖ ਮੰਤਰੀ ਬਣਨ ਤੋਂ ਦੋ ਦਿਨ ਬਾਅਦ ਉਸ ਦੇ ਘਰ ਦੇ ਬਾਹਰ ਪੱਕਾ ਧਰਨਾ ਲੱਗ ਗਿਆ ਹੋਵੇ। ਪੁਲਿਸ ਭਰਤੀ ਦੇ ਨਾਂ @ਤੇ ਸ਼ਿਕਾਰ ਹੋਏ ਪੁਲਿਸ ਮੁਲਾਜ਼ਮਾਂ ਵੱਲੋਂ ਭਗਵੰਤ ਮਾਨ ਦੇ ਘਰ ਦੇ ਬਾਹਰ ਪੱਕਾ ਧਰਨਾ ਲਾਇਆ ਗਿਆ ਹੈ ਅਤੇ ਇਹ ਅੱਜ ਤੱਕ ਜਾਰੀ ਹੈ। ਪੰਜਾਬ ਵਿੱਚ ਅਪਰਾਧੀਆਂ ਦਿਨ-ਦਿਹਾੜੇ ਪੁਲਿਸ ਦੇ ਨੱਕ ਹੇਠ ਕਤਲ ਅਤੇ ਲੁੱਟ-ਖੋਹ ਦੀਆਂ ਵਾਰਦਾਤਾਂ ਨੂੰ ਅੰਜਾਮ ਦੇ ਰਹੇ ਹਨ। ਭਗਵੰਤ ਮਾਨ ਦੀ ਸਰਕਾਰ ਬਣਨ ਤੋਂ ਬਾਅਦ ਹੁਣ ਤੱਕ ਡੇਢ ਮਹੀਨੇ @ਚ 5 ਕਬੱਡੀ ਖਿਡਾਰੀਆਂ ਸਮੇਤ 35 ਤੋਂ ਵੱਧ ਲੋਕਾਂ ਦਾ ਬੇਖੌਫ ਅਪਰਾਧੀਆਂ ਵਲੋਂ ਕਤਲ ਕਰ ਦਿੱਤਾ ਗਿਆ ਹੈ ਅਤੇ ਅਪਰਾਧੀ ਪੁਲਸ ਦੀ ਪਹੁੰਚ ਤੋਂ ਦੂਰ ਹਨ।

ਗੁਰਮੀਤ ਸਿੰਘ ਹੰਢਿਆਇਆ ਨੇ ਕਿਹਾ ਕਿ ਪਟਿਆਲਾ ਹਿੰਸਾ @ਚ ਆਪਣੀ ਨਾਕਾਮੀ ਨੂੰ ਛੁਪਾਉਣ ਲਈ ਮੁੱਖ ਮੰਤਰੀ ਭਗਵੰਤ ਮਾਨ ਇਸ ਹਿੰਸਾ ਨੂੰ ਭਾਜਪਾ ਅਤੇ ਕਾਂਗਰਸ ਦੀ ਸਰਪ੍ਰਸਤੀ ਵਲੋਂ ਪ੍ਰਾਯੋਜਿਤ ਦੱਸ ਕੇ ਆਪਣੇ ਆਪ ਨੂੰ ਬਚਾਉਣ ਦੀ ਕੋਸ਼ਿਸ਼ ਕਰ ਰਹੇ ਹਨ। ਪੰਜਾਬ ਲੋਕ ਕਾਂਗਰਸ ਦੇ ਆਗੂ ਧਰਮ ਸਿੰਘ ਫੌਜੀ ਅਤੇ ਜ਼ਿਲ੍ਹਾ ਪ੍ਰਧਾਨ ਗੁਰਦਰਸ਼ਨ ਸਿੰਘ ਬਰਾੜ ਨੇ ਸਵਾਲ ਕੀਤਾ ਕਿ ਜਦੋਂ ਆਮ ਆਦਮੀ ਪਾਰਟੀ @ਤੇ ਸ਼ੁਰੂ ਤੋਂ ਹੀ ਖਾਲਿਸਤਾਨੀਆਂ ਨਾਲ ਸੰਪਰਕ ਅਤੇ ਫੰਡਿੰਗ ਦੇ ਦੋਸ਼ ਲੱਗ ਰਹੇ ਹਨ ਅਤੇ ਖਾਲਿਸਤਾਨੀ ਪੰਨੂੰ ਨੇ ਵੀ ਇਸ ਦੀ ਪੁਸ਼ਟੀ ਕੀਤੀ ਹੈ ਤਾਂ ਭਗਵੰਤ ਮਾਨ ਜਾਂ ਕੇਜਰੀਵਾਲ ਇਸ @ਤੇ ਆਪਣਾ ਸਪੱਸ਼ਟੀਕਰਨ ਜਨਤਾ ਦੇ ਸਾਹਮਣੇ ਕਿਉਂ ਨਹੀਂ ਦਿੰਦੇ? ਦੋਨੋਂ ਆਪਣਾ ਮੂੰਹ ਕਿਉਂ ਲੁਕਾਉਂਦੇ ਹਨ? ਆਮ ਆਦਮੀ ਪਾਰਟੀ ਵੱਲੋਂ ਆਪਣੀਆਂ ਨਾਕਾਮੀਆਂ ਲਈ ਵਿਰੋਧੀਆਂ ਨੂੰ ਜ਼ਿੰਮੇਵਾਰ ਠਹਿਰਾਉਣਾ ਕੇਜਰੀਵਾਲ ਦੀ ਬਹੁਤ ਪੁਰਾਣੀ ਆਦਤ ਹੈ ਅਤੇ ਹੁਣ ਮੁੱਖ ਮੰਤਰੀ ਭਗਵੰਤ ਮਾਨ ਵੀ ਕੇਜਰੀਵਾਲ ਦੇ ਨਕਸ਼ੇ-ਕਦਮਾਂ @ਤੇ ਚੱਲ ਰਹੇ ਹਨ। ਕੇਜਰੀਵਾਲ ਸਰਕਾਰ ਨਾਲ 'ਗਿਆਨ ਸਮਝੌਤਾ' ਕਰਕੇ ਭਗਵੰਤ ਮਾਨ ਨੇ ਪੰਜਾਬ ਨੂੰ ਦਿੱਲੀ ਨੂੰ ਵੇਚ ਦਿੱਤਾ ਹੈ।

ਇਸ ਮੌਕੇ ਸਮਸੈਰ ਭੰਡਾਰੀ, ਮੋਨੂੰ ਗੋਇਲ, ਰੋਹਿਨ ਸਿੰਗਲਾ, ਕੁਲਦੀਪ ਮਿੱਤਲ ਅਤੇ ਸੈਂਕੜੇ ਵਰਕਰ ਵੀ ਹਾਜ਼ਰ ਸਨ।ਯਾਦਵਿੰਦਰ ਸ਼ੰਟੀ ਜਿਲਾ ਪ੍ਰਧਾਨ ਨੇ ਸੰਬੋਧਨ ਕਰਦਿਆਂ ਕਿਹਾ ਕਿ ਆਪ@ ਪਾਰਟੀ ਨੇ ਚੋਣਾਂ ਦੌਰਾਨ ਪੰਜਾਬ ਦੇ ਲੋਕਾਂ ਨਾਲ ਕੀਤਾ ਇੱਕ ਵੀ ਵਾਅਦਾ ਸੱਤਾ ਹਾਸਿਲ ਕਰਨ ਦੇ 50 ਦਿਨਾਂ ਵਿੱਚ ਪੂਰਾ ਨਹੀਂ ਕੀਤਾ। ਸਰੇਆਮ ਕਤਲੇਆਮ ਹੋ ਰਿਹਾ ਬਿਜਲੀ ਠੱਪ ਹੈ, ਬੇਰੁਜ਼ਗਾਰੀ ਵਧ ਰਹੀ ਹੈ, ਗਰੀਬਾਂ ਨੂੰ ਕੋਈ ਸੁਵਿਧਾ ਦੇਣ ਦੀ ਥਾਂ ਖੋਹੀਆਂ ਜਾ ਰਹੀਆਂ ਹਨ ਕਿਸਾਨ ਮਰ ਰਹੇ ਹਨ। ਧਰਨੇ ਵਿਚ ਜ਼ਿਲ੍ਹਾ ਪ੍ਰਧਾਨ ਇੰਚਾਰਜ ਗੁਰਤੇਜ ਸਿੰਘ ਢਿੱਲੋਂ, ਧੀਰਜ ਕੁਮਾਰ ਦੱਧਾਹੂਰ, ਦਰਸ਼ਨ ਸਿੰਘ ਨੈਣੇਵਾਲ, ਜਥੇਦਾਰ ਸੁਖਵੰਤ ਸਿੰਘ ਧਨੌਲਾ, ਗੁਰਮੀਤ ਸਿੰਘ ਹੰਡਿਆਇਆ ਆਦਿ ਆਗੂਆਂ ਤੋਂ ਇਲਾਵਾ ਪੰਜਾਬ ਲੋਕ ਕਾਂਗਰਸ ਵਲੋਂ ਜ਼ਿਲ੍ਹਾ ਪ੍ਰਧਾਨ ਗੁਰਦਰਸ਼ਨ ਸਿੰਘ ਬਰਾੜ, ਕੌਂਸਲਰ ਧਰਮ ਸਿੰਘ ਫੌਜੀ ਵੀ ਹਾਜ਼ਰ ਸਨ।

# ਮਾਂ ਦਿਵਸ ’ਤੇ ਵਿਸ਼ੇਸ਼

## ਪਹਿਲਾ ਮਾਂ ਦਿਵਸ ਦਿਵਸ 1908 ਤੋਂ ਹੋਂਦ ਵਿੱਚ ਆਇਆ

**ਮਾਂ ਦੇ ਪੈਰਾਂ ਹੇਠ ਰੱਬ ਵਸਦਾ**

ਅੱਜ ਅਸੀਂ 8 ਮਈ ਨੂੰ ਮਾਂ ਦਿਵਸ ਵਜੋਂ ਮਨਾ ਰਹੇ ਹਾਂ। ਮਾਂ ਜੋ ਕਿ ਜਗਤ ਜਨਨੀ ਹੈ ਤੇ ਸਾਡੇ ਸਮਾਨ ਵਿੱਚ ਮਾਂ ਨੂੰ ਰੱਬ ਦਾ ਦਰਜਾ ਦਿੱਤਾ ਗਿਆ ਹੈ। ਮਾਂ ਸ਼ਬਦ ਉਹ ਸ਼ਬਦ ਹੈ, ਜੋ ਇਨਸਾਨ ਆਪਣੀ ਉਮਰ ਦੇ ਜਿਸ ਵੀ ਪੜਾਅ @ਚ ਹੋਵੇ, ਹਰ ਉਸ ਮੁਕਾਮ @ਤੇ ਮਾਂ ਸ਼ਬਦ ਜ਼ੁਬਾਨਤੇ ਰਹਿੰਦਾਂ ਹੀ ਹੈ। ਜਨਮ ਤੋਂ ਬਾਅਦ ਜਦੋਂ ਬੱਚਾ ਆਪਣੇ ਮੂੰਹੋ ਪਹਿਲਾਂ ਸ਼ਬਦ ਮਾਂ ਬੋਲਦਾ ਹੈ । ਇੱਕ ਮਾਂ ਆਪਣੇ ਬੱਚਿਆਂ ਲਈ ਲੱਖ ਤਸੀਹੇ ਝੱਲ ਕੇ ਉਸ ਨੂੰ ਇੱਕ ਸੁੰਦਰ ਜਗਤ ਦੇਖਣ ਦਾ ਅਵਸਰ ਪ੍ਰਦਾਨ ਕਰਦੀ ਹੈ। ਮਾਂ ਦਿਵਸ @ਤੇ ਆਓ ਜਾਣਦੇ ਹਾਂ

ਮਾਂ ਪਹਿਲਾ ਮਾਂ ਦਿਵਸ ਦਿਵਸ 1908 ਤੋਂ ਹੋਂਦ ਵਿੱਚ ਆਇਆ। ਮਾਂ ਹੀ ਤਿਆਗ,ਮਮਤਾ ਅਤੇ ਪਿਆਰ ਦੀ ਮੂਰਤੀ ਹੈ, ਇਸੇ ਦੇ ਸਤਿਕਾਰ @ਵਿੱਚ @ਮਾਂ ਦਿਵਸ@ ਮਨਾਇਆ ਜਾਂਦਾ ਹੈ।

1870 ਚ ਅਮਰੀਕੀ ਸਮਾਜ ਸੇਵਿਕਾ @ਜੂਲੀਆ ਵਾਰਡ @ ਨੇ ਪਹਿਲੀ ਵਾਰ ਇਸ ਦਾ ਨਾਂ @ਅਮਰੀਕੀ ਸਿਵਲ ਵਾਰ ਅਤੇ @ਫ੍ਰੈਂਕੋ ਪਰਸ਼ੀਅਨ ਵਾਰ@ਦੀ ਬਰਬਾਦੀ ਦੇਖ ਕੇ ਲਿਆ। ਜੂਲੀਆ ਨੇ ਅੰਤਰਰਾਸ਼ਟਰੀ ✥☛✥↔↔ ਕਾਨਫਰੰਸ,ਲੰਡਨ ਅਤੇ ਪੈਰਿਸ @ਵਿੱਚ ਹੋਈ ਸੀ,ਵਿੱਚ ਸ਼ਾਂਤੀ ਦਾ ਮੁੱਦਾ ਚੁੱਕਿਆ। ਉਨ੍ਹਾਂ ਨੇ ਇਕੱਲਿਆਂ ਹੀ ਸਭ ਔਰਤਾਂ ਨੂੰ ਯੁੱਧ ਦੇ ਵਿਰੋਧ @ਚ ਖੜ੍ਹੇ ਹੋਣ ਦੀ ਪ੍ਰਾਰਥਨਾ ਕੀਤੀ। ਉਸੇ ਸਾਲ ਜੂਲੀਆ ਨੇ @ਬੋਸਟਨ@ @ਚ ਇੱਕ ਜ਼ਬਰਦਸਤ ਭਾਸ਼ਣ ਦਿੱਤਾ ਜੋ ਅਸਲ @ਚ ਸ਼ਾਂਤੀ ਲਈ @ਮਦਰਸ ਡੇ@ ਦਾ ਮੁੱਦਾ ਸੀ। ਇਹ ਕਈ ਭਾਸ਼ਾਵਾਂ @ਚ ਛਪਿਆ ਤੇ ਵੰਡਿਆ ਗਿਆ। ਜੂਲੀਆ ਨੂੰ ਸ਼ਾਂਤੀ ਲਈ @ਮਦਰਸ ਡੇ@ ਦਾ ਵਿਚਾਰ @ਐਨ ਮੈਰੀ ਰੀਵਜ਼ ਜਾਰਵਿਸ@ ਤੋਂ ਮਿਲਿਆ ਸੀ, ਜਿਸ ਨੇ 1858 @ਚ ਸਾਫ-ਸਫਾਈ ਦੀ ਮੁਹਿੰਮ ਚਲਾਈ, ਜਿਸ ਨੂੰ ਉਸ ਨੇ @ਮਦਰਸ ਫ੍ਰੈਂਡਸ਼ਿਪ ਡੇ@ ਦਾ ਨਾਂ ਦਿੱਤਾ ਸੀ। ਫਿਰ ਸੰਨ 1900 @ਚ ਜਾਰਵਿਸ ਸਿਵਲ ਵਾਰ ਤੋਂ ਬਾਅਦ ਲੋਕਾਂ ਨੂੰ ਦੁਬਾਰਾ ਵਸਾਉਣ ਲੱਗ ਪਈ। ਪਿੱਛੋਂ ਜਾਰਵਿਸ ਦੀ ਬੇਟੀ ਐਨਾ ਜਾਰਵਿਸ ਨੇ ਇਸ ਦਿਨ ਨੂੰ ਅੱਜ ਦੇ ਯੁੱਗ @ਚ ਮਨਾਏ ਜਾਣ ਵਾਲੇ @ਮਦਰਸ ਡੇ@ ਦੇ ਰੂਪ @ਚ ਪਰਿਭਾਸ਼ਿਤ ਕੀਤਾ !

9 ਮਈ 1905 @ਚ ਐਨ ਰੀਵਜ਼ ਜਾਰਵਿਸ ਦਾ ਦਿਹਾਂਤ ਹੋ ਗਿਆ। ਉਹ ਆਖਰੀ ਸਮੇਂ @ਚ ਕਾਫੀ ਬੀਮਾਰ ਰਹੀ। ਉਨ੍ਹਾਂ ਦੀ ਬੇਟੀ ਐਨਾ ਨੇ ਉਨ੍ਹਾਂ ਦੀ ਬਹੁਤ ਸੇਵਾ ਕੀਤੀ, ਇਥੋਂ ਤਕ ਕਿ ਉਸ ਨੇ ਵਿਆਹ ਵੀ ਨਹੀਂ ਕੀਤਾ। ਐਨਾ ਨੂੰ ਲੱਗਦਾ ਸੀ ਕਿ ਅਕਸਰ ਬੱਚੇ ਮਾਂ ਦੇ ਜੀਵਨ ਕਾਲ @ਚ ਉਸ ਨੂੰ ਨਜ਼ਰਅੰਦਾਜ਼ ਕਰਦੇ ਹਨ, ਉਸ ਨੂੰ ਓਨਾ ਮਹੱਤਵ ਨਹੀਂ ਦਿੰਦੇ ਜਿਸ ਦੀ ਕਿ ਉਹ ਹੱਕਦਾਰ ਹੈ। ਐਨਾ ਖੁਦ ਆਪਣੀ ਮਾਂ ਨੂੰ ਬਹੁਤ ਯਾਦ ਕਰਦੀ ਸੀ। 1907 @ਚ ਐਨਾ ਨੇ ਆਪਣੇ ਦੋਸਤਾਂ ਨੂੰ ਦੱਸਿਆ ਕਿ ਉਹ ਆਪਣੀ ਮਾਂ ਦੀ ਚਲਾਈ ਮੁਹਿੰਮ ਨੂੰ ਆਪਣਾ ਜੀਵਨ ਸਮਰਪਿਤ ਕਰਨਾ ਚਾਹੁੰਦੀ ਹੈ ਅਤੇ ਇੱਕ @ਮਦਰਸ ਡੇ@ ਬਣਾਉਣਾ ਚਾਹੁੰਦੀ ਹੈ, ਜੋ ਜੀਵਤ ਅਤੇ ਮਰ ਚੁੱਕੀਆਂ ਸਭ ਮਾਵਾਂ ਦੀ ਯਾਦ @ਚ ਹੋਵੇ। ਉਸ ਨੇ ਆਪਣੇ ਦੋਸਤਾਂ ਨਾਲ ਰਲ ਕੇ ਇੱਕ ਲਹਿਰ ਚਲਾਈ, ਜਿਸ ਚ ਉਹ ਅਫਸਰਾਂ,ਮੰਤਰੀਆਂ,ਵਪਾਰੀਆਂ , ਅੰਤਰਰਾਸ਼ਟਰੀ ਮਹਿਲਾ ਮੈਂਬਰਾਂ ਨੂੰ ਲਗਾਤਾਰ ਪੱਤਰ-ਵਿਹਾਰ ਰਾਹੀਂ ਮਜਬੂਰ ਕਰਦੀ ਰਹੀ ਕਿ @ਮਦਰਸ ਡੇ@ ਨੂੰ ਨੈਸ਼ਨਲ ਡੇ ਮੰਨ ਕੇ ਛੁੱਟੀ ਐਲਾਨੀ ਜਾਵੇ।

ਪਹਿਲਾ ਮਾਂ ਦਿਵਸ 10 ਮਈ 1908 ਨੂੰ ਗਰਾਟਨ @ਚ @ਐਂਡ੍ਰਿਊਸ ਮੈਥੋਡਿਸਟ@ ਨਾਮੀ ਚਰਚ ਨੇ ਸਭ ਤੋਂ ਪਹਿਲਾਂ @ਮਦਰਸ ਡੇ@ ਮਨਾਇਆ। ਇਹ ਉਹ ਥਾਂ ਸੀ ਜਿਥੇ ਐਨ ਮੈਰੀ ਰੀਵਜ਼ ਜਾਰਵਿਸ 20 ਸਾਲ ਤਕ ਐਤਵਾਰ ਸਕੂਲ ਦੀਆਂ ਕਲਾਸਾਂ ਚਲਾਉਂਦੀ ਰਹੀ। ਇਸੇ ਦਿਨ ਫਿਲਾਡੇਲਫੀਆ @ਚ, ਜਿਥੇ ਜਾਰਵਿਸ ਦਾ ਦੇਹਾਂਤ ਹੋਇਆ ਸੀ, ਇਹ ਦਿਨ ਮਨਾਇਆ ਗਿਆ। ਇਸ ਗੱਲ ਨੂੰ ਇੰਨੀ ਜ਼ਿਆਦਾ ਪ੍ਰਸਿੱਧੀ ਮਿਲੀ ਕਿ ਤੇਦੇਖਦਿਆਂ 9 ਮਈ 1914 ਨੂੰ ਅਮਰੀਕੀ ਰਾਸ਼ਟਰਪਤੀ ਵੁਡਰੋ ਵਿਲਸਨ ਨੇ ਹਰ ਸਾਲ ਮਈ ਮਹੀਨੇ ਦੇ ਦੂਜੇ ਐਤਵਾਰ ਨੂੰ ਅਮਰੀਕਾ @ਚ @ਮਦਰਸ ਡੇ@ ਨੂੰ ਰਾਸ਼ਟਰੀ ਦਿਨ ਐਲਾਨਿਆ। ਉਨ੍ਹਾਂ ਨੇ ਕਿਹਾ ਕਿ ਇਹ ਦਿਨ ਯੁੱਧ @ਚ ਸ਼ਹੀਦ ਹੋਏ ਪੁੱਤਰਾਂ ਦੀਆਂ ਮਾਵਾਂ ਨੂੰ ਸਨਮਾਨ ਦੇਣ, ਦੇਸ਼ ਦੀਆਂ ਸਭ ਮਾਵਾਂ ਪ੍ਰਤੀ ਇੱਜ਼ਤ ਅਤੇ ਪਿਆਰ ਦੀ ਭਾਵਨਾ ਜਤਾਉਣ ਲਈ ਮਨਾਇਆ ਜਾਵੇਗਾ। ਸੰਨ 1911 ਤਕ ਇਹ ਦਿਨ ਅਮਰੀਕਾ ਚ ਹੀ ਨਹੀਂ, ਸਗੋਂ ਮੈਕਸੀਕੋ, ਕੈਨੇਡਾ, ਸਾਊਥ ਅਮਰੀਕਾ, ਚੀਨ, ਜਾਪਾਨ ਅਤੇ ਅਫਰੀਕਾ ਆਦਿ @ਚ ਵੀ ਮਨਾਇਆ ਜਾਣ ਲੱਗਾ। ਸੰਨ 1934 @ਚ ਪੋਸਟ ਮਾਸਟਰ ਜਨਰਲ ਜੇਮਸ ਏ. ਫਾਰਲੇ ਨੇ @ਮਦਰਸ ਡੇ@ @ਤੇ ਇੱਕ ਸਟੈਂਪ ਦਾ ਆਗਾਜ਼ ਵੀ ਕੀਤਾ। ਹੌਲੀ-ਹੌਲੀ ਇਹ ਪ੍ਰਥਾ ਭਾਰਤ @ਚ ਜ਼ੋਰ ਫੜਨ ਲੱਗੀ। ਵਿਸ਼ਵੀਕਰਨ ਕਾਰਨ ਲਗਭਗ 10 ਸਾਲਾਂ ਤੋਂ ਇਹ ਪੱਛਮੀ ਦੇਸ਼ਾਂ ਦਾ ਤਿਓਹਾਰ ਭਾਰਤ@ਚ ਵੀ ਧੂਮਧਾਮ ਨਾਲ ਮਨਾਇਆ ਜਾਂਦਾ ਹੈ

ਇਸ ਤਿਓਹਾਰ ਦੀ ਸਫਲਤਾ ਦਾ ਕਾਰਨ ਮਾਂ ਨਾਲ ਜੁੜੀਆਂ ਭਾਵਨਾਵਾਂ ਹਨ। ਮਾਵਾਂ ਨੂੰ ਤਾਂ ਭਾਰਤ @ਚ ਪਹਿਲਾਂ ਹੀ ਪੂਜਿਆ ਜਾਂਦਾ ਹੈ। ਇਹ ਤਿਓਹਾਰ ਸਾਨੂੰ ਸੋਚਣ ਲਈ ਮਜਬੂਰ ਕਰ ਦਿੰਦਾ ਹੈ ਕਿ ਮਾਂ ਦਾ ਸਾਡੇ ਜੀਵਨ @ਚ ਕੀ ਮਹੱਤਵ ਹੈ। ਮਾਂ ਨੇ ਸਾਨੂੰ ਜਨਮ ਦਿੱਤਾ, ਨਿਰਸਵਾਰਥ ਹੋ ਕੇ ਸਾਡਾ ਪਾਲਣ ਪੋਸ਼ਣ ਕੀਤਾ। ਜਦੋਂ ਸਾਨੂੰ ਹੋਸ਼ ਵੀ ਨਹੀਂ ਹੁੰਦਾ ਤਾਂ ਮਾਂ ਸਾਡੀ ਹਰ ਤਰ੍ਹਾਂ ਹਿਫਾਜ਼ਤ ਕਰਦੀ ਹੈ। ਮਾਂ ਤੋਂ ਵੀ ਵਧੇਰੇ ਮਹਾਨ ਉਸ ਦੀ ਮਮਤਾ ਹੈ, ਜੋ ਉਸ ਦੇ ਜੀਵਨ ਕਾਲ @ਚ ਕਦੇ ਖਤਮ ਨਹੀਂ ਹੁੰਦੀ। ਮਾਂ ਇੱਕ ਅਜਿਹਾ ਰਿਸ਼ਤਾ ਹੈ, ਜਿਸ @ਤੇ ਬੱਚਾ ਅੱਖਾਂ ਮੀਟ ਕੇ ਵਿਸ਼ਵਾਸ ਕਰ ਸਕਦਾ ਹੈ। ਅੱਜ ਦੀ ਔਰਤ ਪਹਿਲਾਂ ਨਾਲੋਂ ਕਿਤੇ ਮਾਡਰਨ ਅਤੇ ਮਜ਼ਬੂਤ ਹੈ। ਮਾਵਾਂ ਦੇ ਅਕਸ @ਚ ਜ਼ਮੀਨ ਅਸਮਾਨ ਦਾ ਫਰਕ ਆਇਆ ਹੈ ਪਰ ਮਮਤਾ ਅੱਜ ਵੀ ਉਹੀ ਹੈ। ਇਸ ਦਿਨ ਬੱਚੇ ਆਪਣੀ ਮਾਂ ਲਈ ਕਾਰਡ ਬਣਾਉਂਦੇ ਹਨ ਅਤੇ ਆਪਣੀਆਂ ਭਾਵਨਾਵਾਂ ਨੂੰ ਉਸ @ਚ ਪ੍ਰਤੀਬਿੰਬਤ ਕਰਦੇ ਹਨ। ਕੁਝ ਬੱਚੇ ਆਪਣੀ ਮਾਂ ਨੂੰ ਇਸ ਦਿਨ ਕਿਚਨ ਤੋਂ ਛੁੱਟੀ ਦੇ ਦਿੰਦੇ ਹਨ ਅਤੇ ਖੁਦ ਮਾਂ ਲਈ ਸੁਆਦੀ ਪਕਵਾਨ ਬਣਾਉਂਦੇ ਹਨ। ਇਸ ਦਿਨ ਬੱਚੇ ਆਪਣੀ ਮਾਂ ਨੂੰ ਵੰਨ-ਸੁਵੰਨੇ ਤੋਹਫੇ ਦਿੰਦੇ ਹਨ। ਕੁਝ ਲੋਕ ਇਸ ਦਿਨ ਘਰਾਂ ਨੂੰ ਖੂਬ ਸਜਾਉਂਦੇ ਹਨ ਅਤੇ ਕੇਕ ਵੀ ਕੱਟਦੇ ਹਨ।

ਮਾਂ ਦੀ ਸਿਫ਼ਤ ਕਰਨ ਲਈ ਵੈਸੇ ਤਾਂ ਅਸੀਂ ਕੁਦਰਤ ਪਾਸੋਂ ਰੱਬ ਦੀ ਉਸਤਤ ਵੀ ਉਧਾਰ ਮੰਗ ਸਕਦੇ ਹਾਂ ਪਰ ਗੱਲ ਮਾਂ ਦੇ ਉੱਚੇ ਮਾਣ-ਸਤਿਕਾਰ ਨਾਲ ਜੁੜੀ ਹੈ, ਇਸ ਲਈ ਬਿਨਾਂ ਸ਼ੱਕ ਕਿਹਾ ਜਾ ਸਕਦਾ ਹੈ ਕਿ ਮਾਂ ਦੀਆਂ ਲੋਰੀਆਂ ਵਿੱਚ ਸਵਰਗ ਵਰਗਾ ਅਨੰਦ ਹੈ, ਜਿਸ ਦੇ ਪਵਿੱਤਰ ਚਰਨਾਂ ਵਿਚੋਂ ਜੱਨਤ ਦਾ ਦੁਆਰ ਖੁੱਲ੍ਹਦਾ ਹੈ ਔਲਾਦ ਲਈ ਮਾਂ ਦੀ ਮਿੱਠੜੀ ਜ਼ਬਾਨ @ਤੇ ਅਸੀਸਾਂ, ਅੱਖਾਂ ਵਿੱਚ ਸੁਪਨੇ, ਹਿਰਦੇ @ਚ ਮਮਤਾ, ਦਿਲ ਵਿੱਚ ਰਹਿਮ, ਸੋਚਾ ਵਿੱਚ ਫ਼ਿਕਰ ਅਤੇ ਖ਼ੂਨ ਵਿੱਚ ਅਜੀਬ ਤੜਪ ਹਮੇਸ਼ਾ ਹੀ ਬਣੀ ਰਹਿੰਦੀ ਹੈ

ਮਾਂ ਬਣਨ ਲਈ ਉਹ ਔਲਾਦ ਨੂੰ 9 ਮਹੀਨੇ ਗਰਭ ਵਿੱਚ ਪਾਲਦੀ ਹੈ ਅਤੇ ਸੰਤਾਨ ਪ੍ਰਾਪਤੀ ਲਈ ਆਪਣੀ ਜਾਨ ਦਾਅ @ਤੇ ਲਗਾਉਂਦੀ ਹੈ, ਸਮਝ ਲਵੋ ਦੁੱਖ, ਤਕਲੀਫ਼ਾਂ ਤੇ ਪੀੜਾ ਨੂੰ ਸਹਾਰਦੀ ਮਾਂ ਦਾ ਜਨਮ ਬੱਚੇ ਦੇ ਨਾਲ ਹੀ ਇੱਕ ਵਾਰ ਫ਼ਿਰ ਤੋਂ ਹੁੰਦਾ ਹੈ ।

ਮਾਂ ਜਦੋਂ ਬੱਚੇ ਨੂੰ ਲਾਡ ਲਡਾਉਂਦੀ ਹੈ ਤਾਂ ਸਮੁੱਚੀ ਪ੍ਰਕਿਰਤੀ ਬਾਗੋ -ਬਾਗ ਹੋ ਉੱਠਦੀ ਹੈ!ਆਪਣੀ ਜ਼ਿੰਦਗੀ @ਚ ਜੋ ਬੱਚੇ ♦ਸਿੱਖ ਰਿਹਾ ਹੈ ਜਾਂ ਸਿੱਖਣਾ ਹੈ ਉਹ ਆਪਣੀ ਮਾਂ ਤੋਂ ਵਿਰਸੇ @ਚ ਮਿਲ ਰਿਹਾ ਹੈ। ਨੇ ਕਿਹਾ ਕਿ ਜਿਸ ਤਰ੍ਹਾਂ ਉਸਦੀ ਮਾਂ ਉਸ ਨੂੰ ਮਣਾਂਮੂਹੀ ਪਿਆਰ ਦੇ ਰਹੀ ਹੈ, ਉਸੇ ਤਰ੍ਹਾਂ ਉਹ ਵੀ ਆਪਣੀ ਮਾਂ ਨੂੰ ਹਮੇਸ਼ਾਂ ਖੁਸ਼ੀਆਂ ਅਤੇ ਪਿਆਰ ਦੇਵੇਗਾ॥



**ਵੀਰਪਾਲ ਕੌਰ ਭੱਠਲ**

# *ਰਾਜੇਸ ਬਾਘਾ ਨੇ ਡਾ. ਅੰਬੇਡਕਰ ਸੈਨਾ ਯੂਨਾਈਟਡ ਪੰਜਾਬ ਨਾਲ ਕੀਤੀ ਵਿਸ਼ੇਸ਼ ਮੀਟਿੰਗ



**ਜਲੰਧਰ/ਸੁਖਚੈਨ ਮਹਿਰਾ**

ਡਾਕਟਰ ਅੰਬੇਡਕਰ ਸੈਨਾ ਯੂਨਾਈਟਡ ਪੰਜਾਬ ਦੇ ਦਫ਼ਤਰ ਸ੍ਰੀ ਗੁਰੂ ਰਵਿਦਾਸ ਚੌਂਕ ਬੂਟਾ ਮੰਡੀ (ਜਲੰਧਰ) ਵਿਖੇ ਪ੍ਰਧਾਨ ਸ੍ਰੀ ਅਮਿਤ ਸੁਮਨ ਜੀ ਅਤੇ ਉਨ੍ਹਾਂ ਦੇ ਸਾਥੀਆਂ ਨਾਲ ਸਮਾਜਿਕ ਮੁੱਦਿਆਂ ਤੇ ਚਰਚਾ ਕਰਦੇ ਹੋਏ ਸ਼੍ਰੀ ਰਾਜੇਸ ਬਾਘਾ ਜੀ ਜਰਨਲ ਸਕੱਤਰ ਭਾਜਪਾ ਪੰਜਾਬ ਅਤੇ ਸਾਬਕਾ ਚੇਅਰਮੈਨ ਅਨੁਸੂਚਿਤ ਜਾਤੀਆਂ ਪੰਜਾਬ ਇਸ ਮੌਕੇ ਰਾਜੇਸ ਬਾਘਾ ਨੇ ਦੱਸਿਆ ਕਿ ਆਉਣ ਵਾਲੇ ਦਿਨਾਂ ਚ ਸਮਾਜਿਕ ਜਥੇਬੰਦੀਆਂ ਨੂੰ ਨਾਲ ਲੈ ਕੇ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਸਕੀਮਾਂ ਜਿਵੇਂ ਕਿ ਸਿੱਖਿਆ ਅਤੇ ਰੁਜ਼ਗਾਰ ਵਾਸਤੇ ਲਾਮਬੰਦ ਕਰਨਗੇ ਤਾਂ ਜੋ ਲੋੜਵੰਦ ਨੌਜਵਾਨ ਨੂੰ ਇਹਨਾਂ ਸਕੀਮਾਂ ਦਾ ਲਾਭ ਮਿਲ ਸਕੇ ਮੀਟਿੰਗ ਦੀ ਸਮਾਪਤੀ ਤੋਂ ਬਾਅਦ ਸ਼੍ਰੀ ਰਾਜੇਸ਼ ਬਾਘਾ ਜੀ ਨੂੰ ਡਾਕਟਰ ਅੰਬੇਡਕਰ ਸੈਨਾ ਵੱਲੋਂ ਬਾਘਾ ਜੀ ਨੂੰ ਸਨਮਾਨਤ ਕੀਤਾ ਗਿਆ ਅਤੇ ਕਿਹਾ ਗਿਆ ਕਿ ਜਲਦੀ ਹੀ ਪੰਜਾਬ ਭਰ ਵਿੱਚ ਸਮਾਜਿਕ ਜਥੇਬੰਦੀਆਂ ਨੂੰ ਨਾਲ ਲੈ ਕੇ ਮੀਟਿੰਗਾ ਕੀਤੀਆਂ ਜਾਣਗੀਆਂ।

# ਸੇਵਾਮੁਕਤ ਇਨਕਮ ਟੈਕਸ ਅਫਸਰ ਸੁਖਦੇਵ ਸਿੰਘ ਅਤੇ ਉਸ ਦੀ ਪਤਨੀ ਗੁਰਪ੍ਰੀਤ ਕੌਰ ਦਾ ਅਣਪਛਾਤੇ ਹਮਲਾਵਰਾਂ ਨੇ ਤੇਜ਼ਧਾਰ ਹਥਿਆਰਾਂ ਨਾਲ ਕਤਲ ਕਰ ਦਿੱਤਾ



**ਲੁਧਿਆਣਾ/ਸੁਖਚੈਨ ਮਹਿਰਾ**

ਪੌਸ਼ ਇਲਾਕੇ ਭਾਈ ਰਣਧੀਰ ਸਿੰਘ ਨਗਰ @ਚ ਸੇਵਾਮੁਕਤ ਇਨਕਮ ਟੈਕਸ ਅਫਸਰ ਸੁਖਦੇਵ ਸਿੰਘ ਅਤੇ ਉਸ ਦੀ ਪਤਨੀ ਗੁਰਪ੍ਰੀਤ ਕੌਰ ਦਾ ਬੁੱਧਵਾਰ ਰਾਤ ਨੂੰ ਅਣਪਛਾਤੇ ਹਮਲਾਵਰਾਂ ਨੇ ਤੇਜ਼ਧਾਰ ਹਥਿਆਰਾਂ ਨਾਲ ਕਤਲ ਕਰ ਦਿੱਤਾ। ਕੁਝ ਹੀ ਮਿੰਟਾਂ @ਚ ਵਾਰਦਾਤ ਨੂੰ ਅੰਜਾਮ ਦੇਣ ਤੋਂ ਬਾਅਦ ਦੋਸ਼ੀ ਮੌਕੇ ਤੋਂ ਫਰਾਰ ਹੋ ਗਿਆ। ਜਦੋਂ ਇਹ ਘਟਨਾ ਵਾਪਰੀ ਤਾਂ ਪਿਤਾ ਆਪਣੀ ਬੇਟੀ ਨਾਲ ਗੱਲ ਕਰ ਰਿਹਾ ਸੀ ਫੋਨ @ਤੇ ਮਾਤਾ-ਪਿਤਾ ਦੀਆਂ ਚੀਕਾਂ ਸੁਣ ਕੇ ਬੇਟੀ ਮੌਕੇ @ਤੇ ਪਹੁੰਚੀ ਤਾਂ ਦੋਵੇਂ ਖ਼ੂਨ ਨਾਲ ਲੱਥਪੱਥ ਪਏ ਸਨ। ਇਸ ਤੋਂ ਬਾਅਦ ਉਸ ਨੇ ਇਸ ਦੀ ਸੂਚਨਾ ਪੁਲਸ ਨੂੰ ਦਿੱਤੀ। ਸੂਚਨਾ ਮਿਲਦੇ ਹੀ ਪੁਲਸ ਕਮਿਸ਼ਨਰ ਕੌਸਤੁਭ ਸ਼ਰਮਾ ਪੁਲਸ ਫੋਰਸ ਸਮੇਤ ਮੌਕੇ @ਤੇ ਪਹੁੰਚੇ ਅਤੇ ਜਾਂਚ ਸ਼ੁਰੂ ਕਰ ਦਿੱਤੀ। ਪੁਲਿਸ ਕਮਿਸ਼ਨਰ ਦਾ ਕਹਿਣਾ ਹੈ ਕਿ ਕਾਤਲਾਂ ਦੀ ਐਂਟਰੀ ਦੋਸਤਾਨਾ ਸੀ, ਜਿਸ ਕਾਰਨ ਦੋਸ਼ੀ ਵਾਰਦਾਤ ਨੂੰ ਅੰਜਾਮ ਦੇਣ ਤੋਂ ਬਾਅਦ ਫਰਾਰ ਹੋ ਗਏ।

ਜਾਣਕਾਰੀ ਮੁਤਾਬਕ ਇਕ ਗੁਆਂਢੀ ਨੇ ਇਕ ਵਿਅਕਤੀ ਨੂੰ ਉਨ੍ਹਾਂ ਦੇ ਘਰ ਦੀ ਕੰਧ @ਤੇ ਚੜ੍ਹਦਿਆਂ ਦੇਖਿਆ। ਇਸ ਤੋਂ ਬਾਅਦ ਉਸ ਨੇ ਰੌਲਾ ਪਾਇਆ। ਪੁਲਿਸ ਨੇ ਕਤਲ ਦਾ ਮਾਮਲਾ ਦਰਜ ਕਰ ਲਿਆ ਹੈ। ਪੁਲੀਸ ਅਨੁਸਾਰ ਇਲਾਕੇ ਵਿੱਚ ਲੱਗੇ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਦੀ ਜਾਂਚ ਕੀਤੀ ਜਾ ਰਹੀ ਹੈ।